@Qpatrika
@qaumipatrika punjabi
instagram.com/qaumipatrika

Largest Circulated

विश्व भर में सबसे ज्यादा पढ़ा जाने वाला

ਕੌਮੀ ਪਤ੍ਰਿਕਾ
Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Tuesday, 24 September 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 24 ਸਤੰਬਰ 2024, 9 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 42, ਅੰਕ 319, qpatrika@gmail.com ਫੋਨ : 9971359517 www.qaumipatrika.org

ਨੌਜਵਾਨਾਂ ਨੂੰ ਰੋਜਗਾਰ ਦੇ ਕੇ ਆਰਥਿਕ ਤੌਰ 'ਤੇ ਮਜਬੂਤ ਕਰ ਰਹੀ ਪੰਜਾਬ ਸਰਕਾਰ

ਜਲੰਧਰ 23 ਸਤੰਬਰ। ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨੌਕਰੀਆਂ ਦੇਣ ਲਈ ਵੱਡੇ ਪੱਧਰ 'ਤੇ ਕਦਮ ਚੁੱਕੇ ਜਾ ਰਹੇ ਹਨ। 2024 ਦੇ ਤਾਜਾ ਅੰਕੜਿਆਂ ਮੁਤਾਬਕ, ਮਿਸਨ ਰੋਜਗਾਰ ਦੇ ਤਹਿਤ ਪਿਛਲੇ 30 ਮਹੀਨਿਆਂ ਵਿੱਚ 44,974 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਪੰਜਾਬ ਦੇ ਮੁੱਖ

ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਹ ਨੌਕਰੀਆਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ, ਜਿਸ ਨਾਲ ਨੌਜਵਾਨਾਂ ਦਾ ਭਵਿੱਖ ਸੁਧਰਿਆ ਹੈ। ਇਹ ਭਰਤੀਆਂ ਮੁੱਖ ਤੌਰ 'ਤੇ ਸਿਹਤ, ਪ੍ਰਸਾਸਨ ਅਤੇ ਵੱਖ-ਵੱਖ ਵਿਭਾਗਾਂ ਵਿੱਚ ਕੀਤੀਆਂ ਗਈਆਂ ਹਨ। ਇਸ ਦੌਰਾਨ ਜਗਦੀਪ ਸਿੰਘ (ਸਟੈਨੋਗ੍ਰਾਫਰ) ਪਿੰਡ ਕਨੋਈ, ਸੰਗਰੂਰ ਦੇ ਰਹਿਣ ਵਾਲੇ ਨੇ ਦੱਸਿਆ ਕਿ ਮੈਂ ਆਪਣੀ ਮੁੱਢਲੀ ਪੜ੍ਹਾਈ ਸਰਕਾਰੀ ਸਕੂਲ ਤੋਂ ਪੂਰੀ ਕੀਤੀ ਹੈ। ਉਸ ਨੇ ਦੱਸਿਆ ਕਿ 2018 'ਚ ਮੈਨੂੰ ਸਟੈਨੋਗ੍ਰਾਫੀ ਦੇ ਕੋਰਸ ਬਾਰੇ ਪਤਾ ਅਤੇ ਮੈਂ ਸੰਗਰੂਰ 'ਚ ਸਟੈਨੋਗ੍ਰਾਫੀ ਦੀ ਪੜ੍ਹਾਈ ਸ਼ੁਰੂ ਕੀਤੀ ਜਿਸ ਤੋਂ ਬਾਅਦ 2022 'ਚ ਇਸ ਦੀ ਨੌਕਰੀ ਦਾ ਨੋਟੀਫਿਕੇਸ਼ਨ ਜਾਰੀ ਹੋਇਆ ਅਤੇ ਪੇਪਰ ਦੀ ਤਿਆਰੀ ਸ਼ੁਰੂ ਕਰ ਦਿੱਤੀ, ਫਿਰ 2023 ਸਾਡਾ ਲਿਖਤੀ ਪੇਪਰ ਹੋਇਆ ਅਤੇ 2024 'ਚ ਮਾਰਚ ਦੇ ਮਹੀਨੇ ਜੁਆਈਨਿੰਗ ਹੋ ਗਈ। ਜਗਦੀਪ ਸਿੰਘ ਨੇ ਦੱਸਿਆ ਅੱਜ ਮੈਂ ਜਲ ਸਪਲਾਈ ਅਤੇ ਸੈਨੀਟੇਸਨ ਵਿਭਾਗ ਪਟਿਆਲਾ ਵਿਖੇ ਬਤੌਰ ਸਟੈਨੋ ਟਾਈਪਿਸਟ ਦੀ ਨੌਕਰੀ ਕਰ ਰਿਹਾ ਹਾਂ। ਹਾਲਾਂਕਿ ਇਸ ਤੋਂ ਪਹਿਲਾਂ ਮੈਂ ਖੇਤੀਬਾੜੀ ਕਰਦਾ ਸੀ ਪਰ ਨਾਲ-ਨਾਲ ਸਟੈਨੋਗ੍ਰਾਫੀ ਵੀ ਜਾਰੀ ਰੱਖੀ। ਉਸ ਨੇ ਦੱਸਿਆ ਕਿ ਪੰਜਾਬ ਸਰਕਾਰ ਭਗਵੰਤ ਮਾਨ ਦੇ ਆਉਣ ਨਾਲ ਸਰਕਾਰੀ ਨੌਕਰੀਆਂ ਦੇ ਪੇਪਰ ਸ਼ੁਰੂ ਹੋਏ ਜਿਸ ਨਾਲ ਬੇਰੁਜਗਾਰਾਂ ਨੂੰ ਵੀ ਨੌਕਰੀ ਹਾਸਲ ਹੋਈ। ਉਸ ਨੇ ਦੱਸਿਆ ਮੈਨੂੰ ਸਰਕਾਰੀ ਨੌਕਰੀ ਮਿਲਣ ਕਾਰਨ ਘਰ ਦੀ ਵਿੱਤੀ ਹਾਲਾਤ 'ਚ ਵੀ ਸੁਧਾਰ ਹੋਇਆ ਹੈ। ਉਸ ਨੇ ਕਿਹਾ ਕਿ ਇਸ ਸਰਕਾਰ ਨੇ ਸਬੂਤ ਦਿੱਤਾ ਹੈ ਕਿ ਸਰਕਾਰਾਂ ਜੋ ਵੀ ਚਾਹੁਣ ਕਰ ਸਕਦੀਆਂ ਹਨ ਅਤੇ ਭਗਵੰਤ ਮਾਨ ਸਰਕਾਰ ਨੇ ਲੱਖਾਂ ਬੇਰੁਜਗਾਰ ਲੋਕਾਂ ਨੂੰ ਨੌਕਰੀਆਂ ਦਿੱਤੀਆਂ ਹਨ। ਇਸ ਲਈ ਮੈਂ ਪੰਜਾਬ ਸਰਕਾਰ ਦਾ ਦਿਲੋਂ ਧੰਨਵਾਦ ਕਰਦਾ ਹਾਂ।

ਕਾਂਗਰਸ ਨੂੰ ਕਰਨਾ ਚਾਹੀਦੈ ਰਾਹੁਲ ਗਾਂਧੀ ਦਾ ਵਿਰੋਧ : ਰਵਨੀਤ ਬਿੱਟੂ

ਜੈਪੁਰ 23 ਸਤੰਬਰ। ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਾਂਗਰਸ ਆਗੂ ਰਾਹੁਲ ਗਾਂਧੀ ਨੂੰ ਲੈ ਕੇ ਕੀਤੀ ਗਈ ਟਿੱਪਣੀ ਦਾ ਇਕ ਤਰ੍ਹਾਂ ਨਾਲ ਬਚਾਅ ਕਰਦੇ ਹੋਏ ਸੋਮਵਾਰ ਨੂੰ ਕਿਹਾ ਕਿ ਕਾਂਗਰਸ ਪਾਰਟੀ ਨੇ ਵਿਰੋਧ ਕਰਨਾ ਹੈ ਤਾਂ ਰਾਹੁਲ ਗਾਂਧੀ ਦਾ ਕਰੇ। ਉੱਥੇ ਹੀ ਕਾਂਗਰਸ ਵਰਕਰਾਂ ਨੇ ਬਿੱਟੂ ਖ?ਿਲਾਫ ਸੀ.ਬੀ.ਆਈ. ਫਾਟਕ ਖੇਤਰ 'ਚ ਵਿਰੋਧ ਪ੍ਰਦਰਸ਼ਨ ਕਰਨ ਦੀ ਕੋਸ਼ਿਸ਼ ਕੀਤੀ ਪਰ ਪੁਲਸ ਉਨ੍ਹਾਂ ਨੂੰ ਬੱਸਾਂ 'ਚ ਬਿਠਾ ਕੇ ਲੈ ਗਈ। ਇੱਥੇ ਇਕ ਖੇਡ ਪ੍ਰੋਗਰਾਮ 'ਚ ਹਿੱਸਾ ਲੈਣ ਪਹੁੰਚੇ ਬਿੱਟੂ ਤੋਂ ਹਵਾਈ ਅੱਡੇ 'ਤੇ

ਮੀਡੀਆ ਨੇ ਜਦੋਂ ਰਾਹੁਲ ਗਾਂਧੀ ਖ?ਿਲਾਫ ਉਨ੍ਹਾਂ ਦੇ ਬਿਆਨ ਬਾਰੇ ਪੁੱਛਿਆ ਤਾਂ ਉਨ੍ਹਾਂ ਕਿਹਾ,"ਇਸ 'ਚ ਕਾਂਗਰਸ ਜਾਂ ਭਾਜਪਾ ਦੀ ਗੱਲ ਨਹੀਂ ਹੈ। ਗੱਲ ਪੰਜਾਬ ਅਤੇ ਸਿੱਖਾਂ ਦੀ ਹੈ।" ਉਨ੍ਹਾਂ ਕਿਹਾ,"ਰਾਹੁਲ ਗਾਂਧੀ ਤਾਂ ਖੁਦ ਕਿੰਨੀ ਵਾਰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਜਾਂਦੇ ਹਨ... ਕੌਣ ਰੋਕਦਾ ਹੈ? ਇਸ ਲਈ ਇਹ ਪਾਰਟੀ ਦੀ ਗੱਲ ਨਹੀਂ ਹੈ, ਪਾਰਟੀ ਤੋਂ ਉੱਪਰ ਦੀ ਗੱਲ ਹੈ।" ਬਿੱਟੂ ਨੇ ਕਿਹਾ,"ਤੁਸੀਂ ਕੋਈ ਵੀ ਇਕ ਆਦਮੀ ਦੱਸੋ... ਕਿਸ ਨੇ ਸਾਨੂੰ ਕੜਾ ਪਹਿਨਣ ਤੋਂ ਰੋਕਿਆ ਹੈ? ਕਿਸ ਨੇ ਸਾਨੂੰ ਦਸਤਾਰ ਬੰਨ੍ਹਣ ਤੋਂ ਰੋਕਿਆ ਹੈ? ਕਿਸ ਨੇ ਸਾਨੂੰ ਗੁਰਦੁਆਰਾ ਜਾਣ ਤੋਂ ਰੋਕਿਆ ਹੈ? ਇਸ ਲਈ ਜੇਕਰ ਕਾਂਗਰਸ ਨੇ ਵਿਰੋਧ ਕਰਨਾ ਹੈ ਤਾਂ ਰਾਹੁਲ ਗਾਂਧੀ ਦਾ ਕਰੇ।" ਹਾਲਾਂਕਿ ਮੰਤਰੀ ਨੇ ਇਸ ਸਵਾਲ 'ਤੇ ਕੁਝ ਨਹੀਂ ਕਿਹਾ ਕਿ ਉਹ ਰਾਹੁਲ ਗਾਂਧੀ ਖ?ਿਲਾਫ ਆਪਣੇ ਬਿਆਨ 'ਤੇ ਕਾਇਮ ਹਨ ਜਾਂ ਨਹੀਂ। ਰੇਲ ਅਤੇ ਫੂਡ ਪ੍ਰੋਸੈਸਿੰਗ ਉਦਯੋਗ ਰਾਜ ਮੰਤਰੀ ਬਿੱਟੂ ਜਗਤਪੁਰਾ ਸ਼ੂਟਿੰਗ ਰੇਂਜ 'ਚ 57ਵੀਂ ਅੰਤਰ ਰੇਲਵੇ ਨਿਸ਼ਾਨੇਬਾਜੀ ਮੁਕਾਬਲੇ ਦਾ ਉਦਘਾਟਨ ਕਰਨ ਆਏ ਸਨ। ਕਾਂਗਰਸ ਦੇ ਕੁਝ ਵਰਕਰ ਬਿੱਟੂ ਦਾ ਵਿਰੋਧ ਕਰਨ ਸੀ.ਬੀ.ਆਈ. ਫਾਟਕ ਖੇਤਰ ਪਹੁੰਚੇ ਪਰ ਪੁਲਸ ਉਨ੍ਹਾਂ ਨੂੰ ਉੱਥੋਂ ਬੱਸਾਂ 'ਚ ਬਿਠਾ ਕੇ ਲੈ ਗਈ।

ਕਾਂਗਰਸ ਦਲਿਤ ਵਿਰੋਧੀ ਪਾਰਟੀ ਹੈ, ਉਸ ਨੇ ਭੈਣ ਕੁਮਾਰੀ ਸੈਲਜਾ ਦਾ ਅਪਮਾਨ ਕੀਤਾ : ਅਮਿਤ ਸ਼ਾਹ

ਸਿੰਮੀ ਕੌਰ ਬੱਬਰ

ਹਰਿਆਣਾ 23 ਸਤੰਬਰ। ਕੇਂਦਰੀ ਮੰਤਰੀ ਅਮਿਤ ਸ਼ਾਹ ਨੇ ਸੋਮਵਾਰ ਨੂੰ ਕਾਂਗਰਸ 'ਤੇ ਤਿੱਖਾ ਹਮਲਾ ਕਰਦੇ ਹੋਏ ਉਸ ਨੂੰ ਦਲਿਤ ਵਿਰੋਧੀ ਪਾਰਟੀ ਦੱਸਿਆ ਅਤੇ ਕਿਹਾ ਕਿ ਉਸ ਨੇ ਕੁਮਾਰੀ ਸੈਲਜਾ ਅਤੇ ਅਸ਼ੋਕ ਤੰਵਰ ਵਰਗੇ ਦਲਿਤ ਆਗੂਆਂ ਦਾ ਅਪਮਾਨ ਕੀਤਾ ਹੈ। ਸ਼ਾਹ ਨੇ ਰਾਖਵਾਂਕਰਨ ਦੇ ਸੰਬੰਧ 'ਚ ਟਿੱਪਣੀ ਲਈ ਕਾਂਗਰਸ ਆਗੂ ਰਾਹੁਲ ਗਾਂਧੀ 'ਤੇ ਵੀ ਨਿਸ਼ਾਨਾ ਵਿੰਨ੍ਹਦੇ ਹੋਏ ਕਿਹਾ ਕਿ ਜੇਕਰ ਕੋਈ ਰਾਖਵਾਂਕਰਨ ਦੀ ਰੱਖਿਆ ਕਰ ਸਕਦਾ ਹੈ ਤਾਂ ਉਹ ਸਿਰਫ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਨ। ਸ਼ਾਹ 5 ਅਕਤੂਬਰ ਨੂੰ ਹੋਣ ਵਾਲੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਲਈ ਟੋਹਾਨਾ 'ਚ ਇਕ ਚੋਣ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਭਾਜਪਾ ਦੇ ਸੀਨੀਅਰ ਨੇਤਾ ਸ਼ਾਹ ਨੇ ਆਪਣੇ ਸੰਬੋਧਨ 'ਚ ਦੋਸ਼ ਲਗਾਇਆ,"ਕਾਂਗਰਸ ਦਲਿਤ ਵਿਰੋਧੀ ਪਾਰਟੀ ਹੈ। ਕਾਂਗਰਸ ਨੇ ਹਮੇਸ਼ਾ ਦਲਿਤ ਨੇਤਾਵਾਂ ਦਾ ਅਪਮਾਨ ਕੀਤਾ, ਭਾਵੇਂ ਉਹ ਅਸ਼ੋਕ ਤੰਵਰ ਹੋਣ ਜਾਂ ਭੈਣ ਕੁਮਾਰੀ ਸੈਲਜਾ। ਕਾਂਗਰਸ ਨੇ ਸਾਰਿਆਂ ਦਾ ਅਪਮਾਨ ਕੀਤਾ।" ਸੱਤਾਧਾਰੀ ਭਾਜਪਾ ਦਲਿਤ

ਨੇਤਾ ਸੈਲਜਾ ਦੇ ਚੋਣ ਪ੍ਰਚਾਰ ਤੋਂ ਦੂਰ ਰਹਿਣ ਨੂੰ ਲੈ ਕੇ ਕਾਂਗਰਸ 'ਤੇ ਨਿਸ਼ਾਨਾ ਵਿੰਨ੍ਹ ਰਹੀ ਹੈ। ਚੋਣ ਪ੍ਰਚਾਰ ਤੋਂ ਦੂਰ ਰਹਿਣ ਦੀਆਂ ਖਬਰਾ ਵਿਚਾਲੇ ਹਾਲ 'ਚ ਕੇਂਦਰੀ ਮੰਤਰੀ ਮਨੋਹਰ ਲਾਲ ਖੱਟੜ ਨੇ ਸੈਲਜਾ ਨੂੰ ਭਾਜਪਾ 'ਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਸੀ। ਰਾਖਵਾਂਕਰਨ 'ਤੇ ਰਾਹੁਲ ਦੀ ਟਿੱਪਣੀ ਦਾ ਜ?ਿਕਰ ਕਰਦੇ ਹੋਏ ਸ਼ਾਹ ਨੇ ਕਿਹਾ,"ਰਾਹੁਲ ਗਾਂਧੀ ਨੇ ਅਮਰੀਕਾ 'ਚ ਕਿਹਾ ਸੀ ਕਿ ਵਿਕਾਸ ਤੋਂ ਬਾਅਦ ਰਾਖਵਾਂਕਰਨ ਦੀ ਕੋਈ ਜਰੂਰਤ ਨਹੀਂ ਹੈ। ਉਹ (ਕਾਂਗਰਸ) ਵਿਕਾਸ ਤੋਂ ਬਾਅਦ ਰਾਖਵਾਂਕਰਨ ਹਟਾ ਦੇਣਗੇ।" ਸ਼ਾਹ ਨੇ ਮੌਜੂਦ ਲੋਕਾਂ ਤੋਂ ਪੁੱਛਿਆ,"ਸਾਡਾ ਹਰਿਆਣਾ ਪੂਰੀ ਤਰ੍ਹਾਂ ਨਾਲ ਵਿਕਸਿਤ ਰਾਜ ਹੈ। ਤੁਹਾਨੂੰ ਰਾਖਵਾਂਕਰਨ ਚਾਹੀਦੈ ਜਾਂ ਨਹੀਂ?" ਉਨ੍ਹਾਂ ਕਿਹਾ ਕਿ ਜੇਕਰ ਕੋਈ ਅਨੁਸੂਚਿਤ ਜਾਤੀ (ਐੱਸ.ਸੀ.) ਅਤੇ ਹੋਰ ਪਿਛੜਾ ਵਰਗ (ਓ.ਬੀ.ਸੀ.) ਦੀ ਰੱਖਿਆ ਕਰ ਸਕਦਾ ਹੈ ਤਾਂ ਉਹ ਸਿਰਫ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਨ। ਕਾਂਗਰਸ ਦੀ ਅਗਵਾਈ ਵਾਲੀ ਸਾਬਕਾ ਸਰਕਾਰ 'ਤੇ ਹਮਲਾ ਕਰਦੇ ਹੋਏ ਸ਼ਾਹ ਨੇ ਕਿਹਾ ਕਿ ਰਾਜ 'ਚ ਭਾਜਪਾ ਦੇ ਸੱਤਾ 'ਚ ਆਉਣ ਤੋਂ ਪਹਿਲੇ ਸਰਕਾਰੀ ਨੌਕਰੀਆਂ ਬਿਨਾਂ 'ਖਰਚੀ-ਪਰਚੀ' ਦੇ ਨਹੀਂ ਮਿਲਦੀਆਂ ਸਨ। ਉਨ੍ਹਾਂ ਕਿਹਾ ਕਿ ਉਹ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਹੀ ਹੈ, ਜਿਸ ਨੇ ਪਾਰਦਰਸ਼ੀ ਤਰੀਕੇ ਨਾਲ ਨੌਕਰੀਆਂ ਦਿੱਤੀਆਂ ਹਨ।

ਕੋਚਿੰਗ ਸੈਂਟਰ ਤੋਂ ਵਿਦਿਆਰਥੀਆਂ ਨੂੰ ਵਾਪਸ ਦਿਵਾਏ ਇਕ ਕਰੋੜ ਰੁਪਏ

ਨਵੀਂ ਦਿੱਲੀ 23 ਸਤੰਬਰ। ਰਾਸ਼ਟਰੀ ਖਪਤਕਾਰ ਹੈਲਪਲਾਈਨ (ਐੱਨ. ਸੀ. ਐੱਚ.) ਨੇ ਵੱਖ-ਵੱਖ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਵਿਦਿਆਰਥੀਆਂ ਅਤੇ ਅਭਿਆਰਥੀਆਂ ਨੂੰ ਕੋਚਿੰਗ ਨਾਮਾਜਦਗੀ ਫੀਸ ਦੇ ਰੂਪ 'ਚ ਇਕ ਕਰੋੜ ਰੁਪਏ ਦੀ ਵਾਪਸੀ ਕਰਵਾਈ ਹੈ। ਇਸ 'ਚ ਸੰਘ ਲੋਕ ਸੇਵਾ ਕਮਿਸ਼ਨ (ਯੂ. ਪੀ. ਐੱਸ. ਸੀ.) ਸਿਵਲ ਸੇਵਾ ਅਤੇ ਭਾਰਤੀ ਤਕਨੀਕੀ ਸੰਸਥਾਨ (ਆਈ. ਆਈ. ਟੀ.) 'ਚ ਪ੍ਰਵੇਸ਼ ਲੈਣ ਦੇ ਇੱਛੁਕ ਉਮੀਦਵਾਰ ਸ਼ਾਮਲ ਹਨ। ਸਰਕਾਰ ਨੇ ਐਤਵਾਰ ਨੂੰ ਦੱਸਿਆ ਕਿ ਦੇਸ਼ 'ਚ ਵੱਖ-ਵੱਖ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਕੋਚਿੰਗ ਸੈਂਟਰ 'ਚ ਪ੍ਰਵੇਸ਼ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਿਕਾਇਤ ਤੋਂ ਬਾਅਦ ਖਪਤਕਾਰ ਮਾਮਲਿਆਂ ਦੇ ਮੰਤਰਾਲਾ ਦੇ ਦਖਲ ਨਾਲ ਰਿਫੰਡ ਦੀ ਪ੍ਰਕਿਰਿਆ ਮੁਕੱਦਮੇ ਦੇ ਬਿਨਾਂ ਪੂਰੀ ਕਰ ਲਈ ਗਈ। ਖਪਤਕਾਰ ਮਾਮਲਿਆਂ ਦੀ ਸਕੱਤਰ ਨਿਧੀ ਖਰੇ ਨੇ ਕਿਹਾ,"ਇਹ ਕਾਰਵਾਈ ਇਹ ਯਕੀਨੀ ਕਰਨ ਦੀ ਸਾਡੀ ਵਚਨਬੱਧਤਾ ਦੀ ਪੁਸ਼ਟੀ ਕਰਦੀ ਹੈ ਕਿ ਕੋਚਿੰਗ ਸੰਸਥਾਨ ਨਿਰਪੱਖ ਵਿਵਹਾਰ ਦੀ ਪਾਲਣਾ ਕਰਨ ਅਤੇ ਖਪਤਕਾਰਾਂ ਦੇ ਅਧਿਕਾਰਾਂ ਦਾ ਸਨਮਾਨ ਕਰਨ। ਐੱਨ. ਸੀ. ਐੱਚ. ਨੂੰ 2023-24 'ਚ ਵਿਦਿਆਰਥੀਆਂ ਵੱਲੋਂ 16,276 ਸ਼ਿਕਾਇਤਾਂ ਪ੍ਰਾਪਤ ਹੋਈਆਂ, ਜਦੋਂਕਿ ਇਹ ਅੰਕੜਾ 2022-2023 'ਚ 5,351 ਅਤੇ 2021-2022 'ਚ 4,815 ਸੀ। ਸ਼ਿਕਾਇਤਾਂ 'ਚ ਅਧੂਰੇ ਵਾਅਦੇ, ਉੱਚਿਤ ਸਿੱਖਿਆ ਗੁਣਵੱਤਾ ਅਤੇ ਕੋਰਸਾਂ ਨੂੰ ਅਚਾਨਕ ਰੱਦ ਕਰਨਾ ਸ਼ਾਮਲ ਸੀ।

ਔਰਤਾਂ ਦੇ ਪਵਿੱਤਰ ਵਜੂਦ ਦੀ ਹਰ ਹਾਲ 'ਚ ਰੱਖਿਆ ਜ਼ਰੂਰੀ : ਹਾਈ ਕੋਰਟ

ਇੰਦੌਰ, 23 ਸਤੰਬਰ। ਮੱਧ ਪ੍ਰਦੇਸ਼ ਹਾਈ ਕੋਰਟ ਦੀ ਇੰਦੌਰ ਬੈਂਚ ਨੇ ਕਥਿਤ ਤੌਰ 'ਤੇ ਜਬਰ-ਜਨਾਹ ਦੇ ਇਕ ਮਾਮਲੇ 'ਚ ਪੀੜਤ ਅਤੇ ਮੁਲਜਮ ਪੱਖ ਵਿਚਾਲੇ ਸਮਝੌਤੇ ਦੇ ਆਧਾਰ 'ਤੇ ਐੱਫ. ਆਈ. ਆਰ. ਰੱਦ ਕਰਨ ਤੋਂ ਇਨਕਾਰ ਕਰਦੇ ਹੋਏ ਕਿਹਾ ਹੈ ਕਿ ਔਰਤਾਂ ਦੇ ਪਵਿੱਤਰ ਵਜੂਦ ਦੀ ਹਰ ਹਾਲ 'ਚ ਰੱਖਿਆ ਜ਼ਰੂਰੀ ਹੈ। ਇਸ ਮਾਮਲੇ ਦੇ ਮੁਲਜਮ ਖਿਲਾਫ ਆਪਣੀ ਪ੍ਰੇਮਿਕਾ ਦੀਆਂ ਇਤਰਾਜਯੋਗ ਤਸਵੀਰਾਂ ਅਤੇ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਕਰਨ ਦੀ ਧਮਕੀ ਦੇ ਕੇ ਉਸ ਨਾਲ ਜਬਰਨ ਸਰੀਰਕ ਸਬੰਧ ਬਣਾਉਣ ਦਾ ਦੋਸ਼ ਹੈ। ਮੁਲਜਮ ਨੇ ਪੀੜਤ ਔਰਤ ਨਾਲ ਹੋਏ ਸਮਝੌਤੇ ਦੇ ਆਧਾਰ 'ਤੇ ਪਟੀਸ਼ਨ ਦਰਜ ਕਰਦੇ ਹੋਏ ਹਾਈ ਕੋਰਟ ਨੂੰ ਅਪੀਲ ਕੀਤੀ ਸੀ ਕਿ ਉਸ ਦੇ ਖਿਲਾਫ ਇੰਦੌਰ ਦੇ ਇਕ ਪੁਲਸ ਥਾਣੇ 'ਚ ਇਸ ਸਾਲ 3 ਮਈ ਨੂੰ ਦਰਜ ਐੱਫ. ਆਈ. ਆਰ. ਅਤੇ ਹੇਠਲੀ ਅਦਾਲਤ ਦੀ ਪੈਂਡਿੰਗ ਕਾਰਵਾਈ ਰੱਦ ਕਰ ਦਿੱਤੀ ਜਾਵੇ। ਹਾਈ ਕੋਰਟ ਦੇ ਜਸਟਿਸ ਪ੍ਰੇਮਨਾਰਾਇਣ ਸਿੰਘ ਨੇ ਵੱਖ-ਵੱਖ ਉਦਾਹਰਣਾਂ ਦੇ ਮੱਦੇਨਜਰ ਇਹ ਪਟੀਸ਼ਨ 20 ਸਤੰਬਰ ਨੂੰ ਰੱਦ ਕਰ ਦਿੱਤੀ ਅਤੇ ਕਿਹਾ ਕਿ ਕਾਨੂੰਨੀ ਵਿਵਸਥਾ ਜਬਰ-ਜਨਾਹ ਦੇ ਘਿਨੌਣੇ ਮਾਮਲੇ 'ਚ ਸਿਰਫ਼ ਇਸ ਤਰ੍ਹਾਂ ਦੇ ਸਮਝੌਤੇ ਦੇ ਆਧਾਰ 'ਤੇ ਮੁਲਜਮ ਨੂੰ ਦੋਸ਼-ਮੁਕਤ ਕੀਤੇ ਜਾਣ ਦੀ ਆਗਿਆ ਨਹੀਂ ਦਿੰਦੀ। ਅਦਾਲਤ ਨੇ ਕਿਹਾ ਕਿ ਇਕ ਔਰਤ ਹਰ ਵਿਅਕਤੀ ਦੀ ਮਾਂ, ਪਤਨੀ, ਭੈਣ ਅਤੇ ਧੀ ਆਦਿ ਦੇ ਰੂਪ 'ਚ ਜ?ਿਦਾ ਰਹਿੰਦੀ ਹੈ। ਉਸ ਦਾ ਸਰੀਰ ਉਸ ਦੇ ਆਪਣੇ ਮੰਦਰ ਦੇ ਤੌਰ 'ਤੇ ਜਾਣਿਆ ਜਾਂਦਾ ਹੈ ਕਿਉਂਕਿ ਉਹ ਖਾਸ ਤੌਰ 'ਤੇ ਆਪਣੀਆਂ ਕੁਰਬਾਨੀਆਂ ਲਈ ਜਾਣੀ ਜਾਂਦੀ ਹੈ। ਉਸ ਦੇ ਪਵਿੱਤਰ ਵਜੂਦ ਦੀ ਹਰ ਹਾਲਤ 'ਚ ਰੱਖਿਆ ਜ਼ਰੂਰੀ ਹੈ। ਹਾਈ ਕੋਰਟ ਨੇ ਇਹ ਵੀ ਕਿਹਾ ਕਿ ਦੇਸ਼ 'ਚ ਔਰਤਾਂ ਦੇ ਸੰਜਮ ਅਤੇ ਪਵਿੱਤਰਤਾ ਦੀ ਹਮੇਸ਼ਾ ਪੂਜਾ ਕੀਤੀ ਜਾਂਦੀ ਹੈ।

ਪ੍ਰਿਅੰਕਾ ਗਾਂਧੀ ਨੇ ਖੜਗੇ ਦਾ ਅਪਮਾਨ ਕਰਨ 'ਤੇ ਮੋਦੀ 'ਤੇ ਕੱਸਿਆ ਤੰਜ

ਏਜੰਸੀਆਂ

ਨਵੀਂ ਦਿੱਲੀ 23 ਸਤੰਬਰ। ਕਾਂਗਰਸ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਵਾਡਰਾ ਨੇ ਦੋਸ਼ ਲਾਇਆ ਕਿ ਪਾਰਟੀ ਪ੍ਰਧਾਨ ਮਲਿਕਾਅਰਜੁਨ ਖੜਗੇ ਦੇ ਪੱਤਰ ਦਾ ਜਵਾਬ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਮੁਖੀ ਜਗਤ ਪ੍ਰਕਾਸ਼ ਨੱਡਾ ਰਾਹੀਂ ਭੇਜਣਾ 82 ਸਾਲਾ ਖੜਗੇ ਦਾ ਅਪਮਾਨ ਹੈ। ਨੱਡਾ ਨੇ ਪਿਛਲੇ ਦਿਨਾਂ ਖੜਗੇ ਵਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਲਿੱਖੇ ਪੱਤਰ ਦੇ ਜਵਾਬ ਵਿੱਚ ਵੀਰਵਾਰ ਨੂੰ ਕਾਂਗਰਸ ਪ੍ਰਧਾਨ ਨੂੰ ਇੱਕ ਪੱਤਰ ਲਿਖਕੇ ਦਾਅਵਾ ਕੀਤਾ ਸੀ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਰਾਜਨੀਤੀ ਦਾ 'ਫੇਲ ਉਤਪਾਦ' ਹੈ ਅਤੇ ਉਨ੍ਹਾਂ ਦੀ ਵਡਿਆਈ ਕਰਨਾ ਖੜਗੇ ਦੀ ਮਜਬੂਰੀ ਹੈ। ਖੜਗੇ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਲਿਖੇ ਪੱਤਰ ਵਿੱਚ ਮੰਗ ਕੀਤੀ ਸੀ ਕਿ ਪ੍ਰਧਾਨ ਮੰਤਰੀ ਰਾਹੁਲ ਗਾਂਧੀ ਖ?ਿਲਾਫ ਇਤਰਾਜਯੋਗ ਅਤੇ ਵਿਵਾਦਤ ਬਿਆਨ ਦੇਣ ਵਾਲੇ ਆਗੂਆਂ ਖ?ਿਲਾਫ ਕਾਰਵਾਈ ਕਰਨੀ ਚਾਹੀਦੀ ਹੈ। ਪ੍ਰਿਯੰਕਾ ਗਾਂਧੀ ਨੇ 'ਐਕਸ' 'ਤੇ ਪੋਸਟ ਕੀਤਾ, 'ਭਾਜਪਾ ਦੇ ਕੁਝ ਨੇਤਾਵਾਂ ਅਤੇ ਮੰਤਰੀਆਂ ਦੇ ਬੇਤੁਕੇ ਅਤੇ ਹਿੰਸਕ ਬਿਆਨਾਂ ਦੇ ਮੱਦੇਨਜਰ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਜੀਵਨ ਦੀ ਸੁਰੱਖਿਆ ਲਈ ਚਿੰਤਤ ਹੋ ਕੇ ਕਾਂਗ

ਮੋਬਾਈਲ ਬਣਿਆ ਕਾਲ: ਫੋਨ 'ਤੇ ਗੱਲ ਕਰ ਰਹੀ ਵਿਦਿਆਰਥਣ ਦੀ ਟ੍ਰੇਨ ਹੇਠਾਂ ਆਉਣ ਕਾਰਨ ਮੌਤ

ਜਲੰਧਰ 23 ਸਤੰਬਰ। ਮੋਬਾਈਲ ਫੋਨ ਦੇ ਜੇਕਰ ਫਾਇਦੇ ਹਨ ਤਾਂ ਇਸਦੇ ਨੁਕਸਾਨ ਵੀ ਬਹੁਤ ਹਨ। ਖਾਸ ਤੌਰ 'ਤੇ ਰਸਤੇ ਵਿਚ ਜਾਂਦੇ ਸਮੇਂ ਫੋਨ ਦੀ ਵਰਤੋਂ ਬੇਹੱਦ ਧਿਆਨ ਨਾਲ ਕਰਨੀ ਚਾਹੀਦੀ ਹੈ, ਨਹੀਂ ਤਾਂ ਵੱਡਾ ਹਾਦਸਾ ਹੋ ਸਕਦਾ ਹੈ ਅਤੇ ਜਾਨ ਵੀ ਜਾ ਸਕਦੀ ਹੈ। ਇਸੇ ਤਰ੍ਹਾਂ ਦਾ ਇਕ ਹਾਦਸਾ ਅੱਜ ਦੇਖਣ ਨੂੰ ਮਿਲਿਆ, ਜਿਸ ਵਿਚ ਫੋਨ 'ਤੇ ਗੱਲ ਕਰ ਰਹੀ 17 ਸਾਲਾ ਵਿਦਿਆਰਥਣ ਦੀ ਟ੍ਰੇਨ ਹੇਠਾਂ ਆਉਣ ਨਾਲ ਮੌਕੇ 'ਤੇ ਹੀ ਮੌਤ ਹੋ ਗਈ। ਲੜਕੀ ਦੀ ਪਛਾਣ ਜੈਸਮੀਨ ਪੁੱਤਰੀ ਬਲਜਿੰਦਰ ਕੁਮਾਰ ਵਾਸੀ ਛੋਕਰਾਂ ਜਿ਼ਲਾ ਨਵਾਂਸ਼ਹਿਰ ਵਜੋਂ ਹੋਈ। ਮ੍ਰਿਤਕ ਲੜਕੀ ਖਾਲਸਾ ਕਾਲਜ ਦੀ ਵਿਦਿਆਰਥਣ ਸੀ, ਜੋ ਬੱਸ ਅੱਡਾ ਫਲਾਈਓਵਰ ਦੇ ਹੇਠਾਂ ਵਾਲੇ ਖਾਲਸਾ ਕਾਲਜ ਹਾਲਟ ਵਾਲੇ ਰੇਲ ਟ੍ਰੈਕ ਨੂੰ ਪਾਰ ਕਰ ਰਹੀ ਸੀ ਅਤੇ ਇਸੇ ਦੌਰਾਨ ਆ ਰਹੀ ਟ੍ਰੇਨ ਨੰਬਰ 16912 ਨਾਲ ਹੋਏ ਹਾਦਸੇ ਦੌਰਾਨ ਉਸ ਦੀ ਮੌਤ ਹੋ ਗਈ। ਹਾਦਸਾ ਸਵੇਰੇ 9 ਵਜੇ ਦੇ ਕਰੀਬ ਹੋਇਆ, ਜਦੋਂ ਲੜਕੀ ਖਾਲਸਾ ਕਾਲਜ ਵੱਲ ਆ ਰਹੀ ਸੀ। ਹਾਦਸੇ ਤੋਂ ਬਾਅਦ ਖਾਲਸਾ ਕਾਲਜ ਨੇ ਜੀ. ਆਰ. ਪੀ. ਥਾਣੇ ਨੂੰ ਸੂਚਿਤ ਕੀਤਾ। ਘਟਨਾ ਸਥਾਨ 'ਤੇ ਪਹੁੰਚੇ ਏ. ਐੱਸ. ਆਈ. ਹੀਰਾ ਸਿੰਘ ਨੇ ਮਾਮਲੇ ਦੀ ਜਾਂਚ ਕਰਦਿਆਂ ਰਿਪੋਰਟ ਤਿਆਰ ਕੀਤੀ। ਲੜਕੀ ਸਬੰਧੀ ਹਾਦਸਾ ਹੋਣ ਕਾਰਨ ਜੀ. ਆਰ. ਪੀ. ਥਾਣੇ ਦੀਆਂ ਮਹਿਲਾ ਪੁਲਸ ਮੁਲਾਜਮਾਂ ਰੇਖਾ ਰਾਣੀ, ਬਲਵਿੰਦਰ ਕੌਰ ਸਮੇਤ ਪ੍ਰਦੀਪ ਸਿੰਘ ਨੂੰ ਮੌਕੇ 'ਤੇ ਭੇਜਿਆ ਗਿਆ। ਮਹਿਲਾ ਸਟਾਫ ਵੱਲੋਂ ਲਾਸ਼ ਨੂੰ ਕਬਜੇ ਵਿਚ ਲਿਆ ਗਿਆ। ਖਾਲਸਾ ਕਾਲਜ ਦੀਆਂ

ਪ੍ਰੋਫੈਸਰਾਂ ਵੱਲੋਂ ਲੜਕੀ ਦੀ ਸ਼ਨਾਖਤ ਕੀਤੀ ਗਈ, ਜਿਸ ਤੋਂ ਬਾਅਦ ਲੜਕੀ ਦੇ ਪਰਿਵਾਰ ਵਾਲਿਆਂ ਨੂੰ ਘਟਨਾ ਬਾਰੇ ਸੂਚਿਤ ਕੀਤਾ ਗਿਆ। ਘਟਨਾ ਮੌਕੇ ਮੌਜੂਦ ਲੋਕਾਂ ਨੇ ਦੱਸਿਆ ਕਿ ਲੜਕੀ ਫੋਨ 'ਤੇ ਗੱਲ ਕਰਦਿਆਂ ਰੇਲ ਟ੍ਰੈਕ ਨੂੰ ਪਾਰ ਕਰ ਰਹੀ ਸੀ ਅਤੇ ਇਸੇ ਦੌਰਾਨ ਦੂਜੇ ਪਾਸਿਓਂ ਟ੍ਰੇਨ ਆ ਰਹੀ ਸੀ। ਲੋਕਾਂ ਨੇ ਲੜਕੀ ਨੂੰ ਟ੍ਰੇਨ ਸਬੰਧੀ ਆਵਾਜਾਂ ਦਿੱਤੀਆਂ ਪਰ ਉਸਦਾ ਧਿਆਨ ਨਹੀਂ ਗਿਆ। ਉਥੇ ਹੀ ਟ੍ਰੇਨ ਦੇ ਡਰਾਈਵਰ ਵੱਲੋਂ ਲਗਾਤਾਰ ਹਾਰਨ ਵੀ ਵਜਾਇਆ ਗਿਆ ਪਰ ਫੋਨ 'ਤੇ ਗੱਲ ਕਰਦੇ ਹੋਏ ਲੜਕੀ ਦਾ ਹਾਰਨ ਵੱਲ ਵੀ ਧਿਆਨ ਨਹੀਂ ਗਿਆ। ਏ. ਐੱਸ. ਆਈ. ਹੀਰਾ ਸਿੰਘ ਨੇ ਦੱਸਿਆ ਕਿ ਮੌਕੇ 'ਤੇ ਮੌਜੂਦ ਖਾਲਸਾ ਕਾਲਜ ਦੀਆਂ ਪ੍ਰੋਫੈਸਰਾਂ ਵੱਲੋਂ ਲੜਕੀ ਦੀ ਪਛਾਣ ਕੀਤੀ ਗਈ। ਲੜਕੀ ਦੇ ਪਿਤਾ ਬਲਜਿੰਦਰ ਕੁਮਾਰ, ਮਾਮਾ ਰਾਜ ਕੁਮਾਰ ਸਮੇਤ ਕਈ ਪਰਿਵਾਰਕ ਮੈਂਬਰ ਮੌਕੇ 'ਤੇ ਪਹੁੰਚੇ। ਮ੍ਰਿਤਕਾ ਦੇ ਕਾਲਜ ਦੀਆਂ ਵਿਦਿਆਰਥਣਾਂ ਨੇ ਦੱਸਿਆ ਕਿ ਜੈਸਮੀਨ ਰੋਜਾਨਾ ਬੱਸ ਰਾਹੀਂ ਨਵਾਂਸ਼ਹਿਰ ਤੋਂ ਜਲੰਧਰ ਆਉਂਦੀ ਸੀ ਅਤੇ ਇਸੇ ਟ੍ਰੈਕ ਤੋਂ ਕਾਲਜ ਵੱਲ ਜਾਂਦੀ ਸੀ। ਵਾਪਸੀ 'ਚ ਵੀ ਉਹ ਇਸੇ ਰਸਤੇ ਦੀ ਵਰਤੋਂ ਕਰਦੀ ਸੀ ਪਰ ਕਿਸੇ ਨੂੰ ਪਤਾ ਨਹੀਂ ਸੀ ਕਿ ਇਹ ਲੜਕੀ ਦਾ ਆਖਰੀ ਦਿਨ ਹੋਵੇਗਾ। ਏ. ਐੱਸ. ਆਈ. ਹੀਰਾ ਸਿੰਘ ਨੇ ਦੱਸਿਆ ਕਿ ਮ੍ਰਿਤਕਾ ਇਕੱਲੀ ਸੀ ਅਤੇ ਉਸਦੇ ਨਾਲ ਇਹ ਹਾਦਸਾ ਹੋ ਗਿਆ। ਜੇਕਰ 2-3 ਲੜਕੀਆਂ ਹੁੰਦੀਆਂ ਤਾਂ ਇਹ ਹਾਦਸਾ ਟਲ ਸਕਦਾ ਸੀ। ਪੁਲਸ ਵੱਲੋਂ ਲੜਕੀ ਦਾ ਪੋਸਟਮਾਰਟਮ ਕਰਵਾ ਕੇ ਲਾਸ਼ ਨੂੰ ਪਰਿਵਾਰ ਵਾਲਿਆਂ ਨੂੰ ਸੌਂਪ ਦਿੱਤਾ ਗਿਆ। ਮੌਕੇ 'ਤੇ ਮੌਜੂਦ ਲੋਕਾਂ ਦੇ ਬਿਆਨਾਂ ਦੇ ਆਧਾਰ 'ਤੇ ਪੁਲਸ ਵੱਲੋਂ ਰਿਪੋਰਟ ਤਿਆਰ ਕੀਤੀ ਗਈ, ਜਿਸ ਵਿਚ ਇਹ ਗੱਲ ਸਾਹਮਣੇ ਆਈ ਹੈ ਕਿ ਫੋਨ 'ਤੇ ਗੱਲ ਕਰਦੇ ਸਮੇਂ ਧਿਆਨ ਨਾ ਦਿੱਤੇ ਜਾਣ 'ਤੇ ਲੜਕੀ ਨਾਲ ਇਹ ਹਾਦਸਾ ਹੋਇਆ ਹੈ। ਇਸ ਹਾਦਸੇ ਤੋਂ ਸਾਰਿਆਂ ਨੂੰ ਸਬਕ ਲੈਣਾ ਚਾਹੀਦਾ ਹੈ ਅਤੇ ਫੋਨ ਦੀ ਵਰਤੋਂ ਸੁਚੇਤ ਹੋ ਕੇ ਕਰਨੀ ਚਾਹੀਦੀ ਹੈ।

14 ਸਾਲਾ ਨਾਬਾਲਗ ਕੁੜੀ ਨੂੰ ਵਿਆਹ ਦਾ ਝਾਂਸਾ ਦੇ ਕੇ ਗੁਆਂਢੀ ਨੇ ਘਰੋਂ ਭਜਾਇਆ

ਲੁਧਿਆਣਾ 23 ਸਤੰਬਰ। ਥਾਣਾ ਮਿਹਰਬਾਨ ਦੀ ਪੁਲਸ ਨੇ ਇਕ ਨਾਬਾਲਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਭਜਾ ਲਿਜਾਣ ਦੇ ਮਾਮਲੇ 'ਚ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਥਾਣਾ ਮੁਖੀ ਪਰਮਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸ਼ਿਕਾਇਤਕਰਤਾ ਨੇ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਚਾਹ ਦੀ ਦੁਕਾਨ ਚਲਾਉਂਦਾ ਹੈ ਅਤੇ ਉਨ੍ਹਾਂ ਦੇ ਮੁਹੱਲੇ 'ਚ ਰਹਿਣ ਵਾਲਾ ਉਨ੍ਹਾਂ ਦਾ ਗੁਆਂਢੀ ਉਨ੍ਹਾਂ ਦੇ ਘਰ ਆਉਂਦਾ ਰਹਿੰਦਾ ਸੀ।

ਬੀਤੀ 14 ਸਤੰਬਰ ਨੂੰ ਉਸ ਦੀ 14 ਸਾਲ ਦੀ ਨਾਬਾਲਗ ਲੜਕੀ ਘਰ ਤੋਂ ਸ਼ਾਮ 5 ਵਜੇ ਦੁਕਾਨ 'ਤੇ ਸਾਮਾਨ ਲੈਣ ਗਈ ਸੀ, ਜਿਸ ਤੋਂ ਬਾਅਦ ਉਸ ਦੀ ਲੜਕੀ ਘਰ ਵਾਪਸ ਨਹੀਂ ਆਈ। ਉਨ੍ਹਾਂ ਨੇ ਆਪਣੇ ਪੱਖ ਤੋਂ ਕੁੜੀ ਨੂੰ ਲੱਭਣ ਦੀ ਬਹੁਤ ਕੋਸ਼ਿਸ਼ ਕੀਤੀ ਪਰ ਉਹ ਕਿਤੇ ਨਹੀਂ ਮਿਲੀ, ਇਸ ਤੋਂ ਬਾਅਦ ਉਸ ਨੂੰ ਪਤਾ ਲੱਗਿਆ ਕਿ ਉਸ ਦੇ ਗੁਆਂਢ 'ਚ ਆਉਣ ਵਾਲੇ ਨੌਜਵਾਨ ਮੁਹੰਮਦ ਸ਼ਹਾਬੁਦੀਨ ਪੁੱਤਰ ਮੁਹੰਮਦ ਖਲੀਲ ਵਾਸੀ ਬਿਹਾਰ ਹਾਲ ਵਾਸੀ ਹਰਕ੍ਰਿਸ਼ਨ ਵਿਹਾਰ ਉਸ ਦੀ ਲੜਕੀ ਨੂੰ ਵਿਆਹ ਕਰਨ ਦਾ ਝਾਂਸਾ ਦੇ ਕੇ ਭਜਾ ਕੇ ਲੈ ਗਿਆ।

ਭਿਆਨਕ ਸੜਕ ਹਾਦਸੇ 'ਚ ਜਵਾਨ ਮੁੰਡੇ ਦੀ ਮੌਤ, ਭੜਕੇ ਲੋਕਾਂ ਨੇ ਜਾਮ ਕੀਤਾ ਟ੍ਰੈਫਿਕ

ਗੜ੍ਹਸ਼ੰਕਰ 23 ਸਤੰਬਰ। ਨੰਗਲ-ਗੜ੍ਹਸ਼ੰਕਰ ਸੜਕ 'ਤੇ ਬੀਤੀ ਰਾਤ ਕਰੀਬ 8 ਵਜੇ 22 ਸਾਲ ਦੇ ਨੌਜਵਾਨ ਦੀ ਪਾਹਲੇਵਾਲ ਦੇ ਨੇੜੇ ਪੈਟਰੋਲ ਪੰਪ ਕੋਲ ਟਿੱਪਰ ਦੀ ਟੱਕਰ ਵੱਜਣ ਕਾਰਨ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ 22 ਸਾਲਾ ਬਹਾਦਰ ਵਾਸੀ ਗੜ੍ਹੀ ਸਾਈਕਲ 'ਤੇ ਸਵਾਰ ਹੋ ਕੇ ਵਾਪਸ ਘਰ ਜਾ ਰਿਹਾ ਸੀ। ਜਦੋਂ ਉਹ ਪਾਹਲੇਵਾਲ ਪਿੰਡ ਦੇ ਨੇੜੇ ਪੈਟਰੋਲ ਪੰਪ ਦੇ ਸਾਹਮਣੇ ਪਹੁੰਚਿਆ ਤਾਂ ਪਿੱਛੋਂ ਆਏ ਤੇਜ਼ ਰਫਤਾਰ ਟਿੱਪਰ ਨੇ ਟੱਕਰ ਮਾਰ ਦਿੱਤੀ, ਜਿਸ ਕਾਰਨ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਦੀ ਸੂਚਨਾ ਮਿਲਣ 'ਤੇ ਇਲਾਕੇ ਦੇ ਲੋਕ ਭਾਰੀ ਗਿਣਤੀ 'ਚ ਇਕੱਠੇ ਹੋ ਗਏ ਅਤੇ ਉਨ੍ਹਾਂ ਨੇ ਪੁਲਸ ਪ੍ਰਸ਼ਾਸਨ ਅਤੇ ਸਰਕਾਰ ਖਿ਼ਲਾਫ

ਨਾਅਰੇਬਾਜੀ ਕਰਦੇ ਹੋਏ ਸੜਕ 'ਤੇ ਟ੍ਰੈਫਿਕ ਰੋਕ ਦਿੱਤਾ। ਉਨ੍ਹਾਂ ਦੀ ਮੰਗ ਸੀ ਕਿ ਟਿੱਪਰ ਚਾਲਕ ਨੂੰ ਜਲਦ ਗ੍ਰਿਫਤਾਰ ਕਰਕੇ ਉਸਦੇ ਖਿ਼ਲਾਫ ਸਖ਼ਤ ਕਾਰਵਾਈ ਕੀਤੀ ਜਾਵੇ। ਐੱਸ. ਐੱਚ. ਓ. ਗੜ੍ਹਸ਼ੰਕਰ ਅਤੇ ਐੱਸ. ਐੱਚ. ਓ. ਮਾਹਿਲਪੁਰ ਨੇ ਪਹੁੰਚ ਕੇ ਪ੍ਰਦਰਸ਼ਨਕਾਰੀਆਂ ਨਾਲ ਗੱਲਬਾਤ ਕਰਦਿਆਂ ਭਰੋਸਾ ਦਿਵਾਇਆ ਕਿ ਟਿੱਪਰ ਚਾਲਕ ਨੂੰ ਜਲਦ ਗ੍ਰਿਫਤਾਰ ਕਰ ਲਿਆ ਜਾਵੇਗਾ ਤਾਂ ਉਨ੍ਹਾਂ ਕਰੀਬ 12 ਵਜੇ ਧਰਨਾ ਚੁੱਕਿਆ। ਦੱਸ ਦਈਏ ਕਿ ਇਸ ਸੜਕ 'ਤੇ ਚੱਲਦੇ ਓਵਰਲੋਡਿਡ ਟਿੱਪਰਾਂ ਤੋਂ ਇਲਾਕੇ ਦੇ ਲੋਕ ਪਰੇਸ਼ਾਨ ਹਨ ਅਤੇ ਇਸੇ ਨੂੰ ਲੈ ਕੇ ਪਿਛਲੇ ਦਿਨੀਂ ਭਾਜਪਾ ਆਗੂ ਨਿਮਿਸਾ ਮਹਿਤਾ ਅਤੇ ਉਨ੍ਹਾਂ ਦੇ ਸਾਥੀਆਂ ਨੇ ਧਰਨਾ-ਪ੍ਰਦਰਸਨ ਕੀਤਾ ਸੀ। ਇਸ ਤੋਂ ਬਾਅਦ ਟਿੱਪਰਾਂ ਦੇ ਚੱਲਣ ਦਾ ਸਮਾਂ ਤੈਅ ਕੀਤਾ ਗਿਆ ਸੀ ਪਰ ਇਸ ਦੇ ਬਾਵਜੂਦ ਟਿੱਪਰ ਚਾਲਕ ਅਪਣੀ ਮਨਮਰਜੀ ਕਰਦੇ ਸਰੇਆਮ ਸੜਕ ਤੋਂ ਲੰਘਦੇ ਹਨ।

ਬਜੁਰਗ ਔਰਤ ਦੀ ਹੈਰਾਨ ਕਰ ਦੇਣ ਵਾਲੀ ਚਲਾਕੀ, ਔਰਤ ਨਾਲ ਗੱਲਾਂ ਕਰਦੀ ਨੇ ਕਰ 'ਤਾ ਵੱਡਾ ਕਾਂਡ

ਗੁਰਦਾਸਪੁਰ 23 ਸਤੰਬਰ। ਸੋਸਲ ਮੀਡੀਆ ਪਲੇਟਫਾਰਮ 'ਤੇ ਤੇਜੀ ਨਾਲ ਵੀਡੀਓ ਵਾਇਰਲ ਹੋ ਰਹੀ। ਜਿਸ ਦੀ ਇਕ ਸੀ. ਸੀ. ਟੀ. ਵੀ. ਫੁਟੇਜ ਹੈਰਾਨ ਕਰਨ ਵਾਲੀ ਸਾਹਮਣੇ ਆਈ ਹੈ। ਫੁਟੇਜ ਗੁਰਦਾਸਪੁਰ ਦੇ ਸਿਵਲ ਹਸਪਤਾਲ ਦੀ ਹੈ ਜਿਸ 'ਚ ਇਕ ਬਜੁਰਗ ਔਰਤ ਦੂਜੀ ਔਰਤ ਨਾਲ ਗੱਲਾਂ ਕਰਦੀ ਕੋਈ ਨਜਰ ਆ ਰਹੀ ਹੈ ਤੇ ਬੜੀ ਚਲਾਕੀ ਨਾਲ ਆਪਣੇ ਹੱਥ 'ਚ ਫੜਿਆ ਰੁਮਾਲ ਪਿੱਛੇ ਲੈ ਜਾਂਦੀ ਹੈ ਤੇ ਰੁਮਾਲ ਦੀ ਆੜ ਵਿੱਚ ਦੂਜੀ ਔਰਤ ਦੇ ਪਿੱਛੇ ਪਿਆ ਪਰਸ ਲੁੱਕਾ ਕੇ ਔਰਤ ਦੇ ਸਾਹਮਣੇ ਹੀ ਲਿਫਾਫੇ ਵਿੱਚ ਪਾ ਲੈ ਜਾਂਦੀ ਹੈ। ਹੈਰਾਨੀ ਦੀ ਗੱਲ ਇਹ ਰਹੀ ਕਿ ਔਰਤ ਨੂੰ ਬਜੁਰਗ ਔਰਤ ਦੀ ਚਲਾਈ ਦਾ ਪਤਾ ਵੀ ਨਹੀਂ ਲਗਿਆ ਅਤੇ ਆਰਾਮ ਨਾਲ ਗੱਲਾਂ ਕਰਦੀ ਹੋਈ ਚੱਲੀ ਗਈ। ਪੀੜਤ ਪਰਿਵਾਰ ਨੇ ਇਸ ਸੀ. ਸੀ. ਟੀ. ਵੀ. ਨਾਲ ਇੱਕ ਆਡੀਓ ਵਾਇਰਲ ਕਰਕੇ ਇਸ ਔਰਤ ਦੀ ਪਹਿਚਾਣ ਕਰਨ ਦੀ ਅਪੀਲ ਕੀਤੀ ਹੈ ਨਾਲ ਹੀ ਦੱਸਿਆ ਹੈ ਕਿ ਪਰਸ ਵਿੱਚ ਇਕ ਸੋਨੇ ਦੀ ਅੰਗੂਠੀ, ਇੱਕ ਮੋਬਾਈਲ , 5 ਹਜਾਰ

ਰੁਪਏ ਨਕਦੀ ਜੋ ਉਸ ਨੇ ਹਸਪਤਾਲ ਵਿੱਚ ਟੈਸਟ ਵਗੈਰਾ ਕਰਵਾਉਣ ਲਈ ਰੱਖੇ ਸਨ, ਦੇ ਨਾਲ ਆਧਾਰ ਕਾਰਡ ਅਤੇ ਪੈਨ ਵੀ ਕਾਰਡ ਸੀ। ਇਸ ਸਬੰਧੀ ਕਸਬਾ ਕਲਾਨੌਰ ਨੇੜੇ ਪਿੰਡ ਮੰਝ ਦੇ ਰਹਿਣ ਵਾਲੇ ਸੰਦੀਪ ਨੇ ਦੱਸਿਆ ਕਿ ਉਸ ਦੀ ਭਰਜਾਈ ਜੋ ਗਰਭਵਤੀ ਹੈ ਅਤੇ ਉਸ ਦੀ ਮਾਂ ਟੈਸਟ ਕਰਵਾਉਣ ਲਈ ਸਿਵਲ ਹਸਪਤਾਲ ਗੁਰਦਾਸਪੁਰ ਆਏ ਸਨ । ਇਸ ਦੌਰਾਨ ਉਹ ਡਾਕਟਰ ਦੇ ਕਮਰੇ ਵਿੱਚ ਚਲੇ ਗਏ ਪਰ ਉਸ ਦੀ ਭਰਜਾਈ ਗਲਤੀ ਨਾਲ ਆਪਣਾ ਪਰਸ ਬਾਹਰ ਬਣੀਆਂ ਕੁਰਸੀਆਂ 'ਤੇ ਹੀ ਛੱਡ ਗਈ । ਬਾਅਦ ਵਿੱਚ ਬਾਹਰ ਆਏ ਤਾਂ ਦੇਖਿਆ ਪਰਸ ਉੱਥੇ ਨਹੀਂ ਸੀ ਜਦੋਂ ਸੀ. ਸੀ. ਟੀ. ਵੀ ਕੈਮਰੇ ਚੈੱਕ ਕੀਤੇ ਤਾਂ ਵੇਖਿਆ ਕਿ ਪਰਸ ਵਾਲੀ ਜਗ੍ਹਾ 'ਤੇ ਦੋ ਔਰਤਾਂ ਬੈਠੀਆਂ ਸੀ, ਜਿਨ੍ਹਾਂ 'ਚੋਂ ਇੱਕ ਬਜੁਰਗ ਔਰਤ ਬੜੀ ਚਲਾਕੀ ਨਾਲ ਪਰਸ ਰੁਮਾਲ ਵਿੱਚ ਲੁਕਾ ਕੇ ਲੈ ਜਾਂਦੀ ਹੈ। ਹੁਣ ਪੀੜਤ ਪਰਿਵਾਰ ਉਸ ਦੀ ਫੁਟੇਜ ਜਾਰੀ ਕਰਕੇ ਔਰਤ ਦੀ ਪਹਿਚਾਣ ਕਰਨ ਦੀ ਅਪੀਲ ਕਰ ਰਿਹਾ ਹੈ।

ਸਰਹੱਦ ਨੇੜਿਓਂ 1 ਕਿਲੋ ਹੈਰੋਇਨ, ਮੋਬਾਈਲ ਫੋਨ ਅਤੇ ਮੋਟਰਸਾਈਕਲ ਸਮੇਤ 2 ਨਸ਼ਾ ਤਸਕਰ ਗ੍ਰਿਫਤਾਰ

ਤਰਨਤਾਰਨ 23 ਸਤੰਬਰ। ਜ਼ਿਲ੍ਹੇ ਅਧੀਨ ਆਉਂਦੀ ਭਾਰਤ-ਪਾਕਿਸਤਾਨ ਸਰਹੱਦ ਨੇੜਿਓਂ ਦੋ ਨਸ਼ਾ ਤਸਕਰਾਂ ਨੂੰ ਇਕ ਕਿਲੋ ਹੈਰੋਇਨ ਇਕ ਬਿਨਾਂ ਨੰਬਰੀ ਮੋਟਰਸਾਈਕਲ ਅਤੇ ਮੋਬਾਈਲ ਸਮੇਤ ਗ੍ਰਿਫਤਾਰ ਕਰਨ ਵਿਚ ਸਫਲਤਾ ਹਾਸਲ ਹੋਈ ਹੈ। ਇਸ ਸਬੰਧੀ ਥਾਣਾ ਖਾਲੜਾ ਦੀ ਪੁਲਸ ਵੱਲੋਂ ਪਰਚਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਜਾਣਕਾਰੀ ਦੇ ਅਨੁਸਾਰ ਜ਼ਿਲ੍ਹੇ ਅਧੀਨ ਆਉਂਦੀ ਭਾਰਤ-ਪਾਕਿਸਤਾਨ ਸਰਹੱਦ ਵਿਖੇ ਡੀ.ਆਈ.ਜੀ ਫਿਰੋਜ਼ਪੁਰ ਵੱਲੋਂ ਜਾਰੀ ਹੁਕਮਾਂ ਅਤੇ ਜ਼ਿਲ੍ਹੇ ਦੇ ਐੱਸ.ਐੱਸ.ਪੀ ਗੌਰਵ ਤੂਰਾ ਦੇ ਸਖਤ ਨਿਰਦੇਸ਼ਾਂ ਹੇਠ ਕਾਰਵਾਈ ਕਰਦੇ ਹੋਏ ਥਾਣਾ ਖਾਲੜਾ ਦੀ ਪੁਲਸ ਵੱਲੋਂ ਕਾਰਵਾਈ ਕਰਦੇ

ਹੋਏ ਇਕ ਮੋਟਰਸਾਈਕਲ ਉਪਰ ਸਵਾਰ ਦੋ ਨਸ਼ਾ ਤਸਕਰਾਂ ਨੂੰ ਰਾਜੋਕੇ ਤੋਂ ਖਾਲੜਾ ਆਉਂਦੇ ਹੋਏ ਗ੍ਰਿਫਤਾਰ ਕੀਤਾ ਗਿਆ ਹੈ, ਜਿਨ੍ਹਾਂ ਪਾਸੋਂ ਇਕ ਕਿਲੋ ਹੈਰੋਇਨ, ਇਕ ਮੋਬਾਈਲ ਫੋਨ ਅਤੇ ਬਿਨਾਂ ਨੰਬਰੀ ਮੋਟਰਸਾਈਕਲ ਕਬਜ਼ੇ ਵਿਚ ਲੈ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਸੂਤਰਾਂ ਤੋਂ ਪਤਾ ਲੱਗਿਆ ਹੈ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਹਿਚਾਣ ਰਮਨ ਸਿੰਘ ਵਾਸੀ ਬਾਸਰਕੇ ਅਤੇ ਲਵਪ੍ਰੀਤ ਸਿੰਘ ਵਾਸੀ ਪਿੰਡ ਮੂਸੇ ਵਜੋਂ ਹੋਈ ਹੈ। ਇਸਦੀ ਪੁਸ਼ਟੀ ਕਰਦੇ ਹੋਏ ਸਬ ਡਵੀਜ਼ਨ ਭਿੱਖੀਵਿੰਡ ਦੇ ਡੀ.ਐੱਸ.ਪੀ ਸਰਬਜੀਤ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਦੋਵਾਂ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਦੇ ਹੋਏ ਉਨ੍ਹਾਂ ਪਾਸੋਂ ਬਰਾਮਦ ਹੈਰੋਇਨ ਅਤੇ ਹੋਰ ਸਾਮਾਨ ਦੀ ਬਰੀਕੀ ਨਾਲ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਪੰਜਾਬ ਲਈ ਖਤਰੇ ਦੀ ਘੰਟੀ ! ਜਾਨਲੇਵਾ ਸਾਬਿਤ ਹੋਣ ਲੱਗੀ ਇਹ ਬਿਮਾਰੀ

ਲੁਧਿਆਣਾ 23 ਸਤੰਬਰ। ਸੂਬੇ ਵਿਚ ਡੇਂਗੂ ਮਰੀਜਾਂ ਦੀ ਗਿਣਤੀ ਲਗਾਤਾਰ ਵੱਧਦੀ ਜਾ ਰਹੀ ਹੈ। ਇਸ ਦੇ ਨਾਲ ਹੀ ਇਹ ਹੁਣ ਜਾਨਲੇਵਾ ਵੀ ਸਾਬਿਤ ਹੋਣ ਲੱਗ ਪਿਆ ਹੈ। ਮਹਾਨਗਰ 'ਚ ਡੇਂਗੂ ਨਾਲ 36 ਸਾਲਾ ਔਰਤ ਦੀ ਮੌਤ ਹੋ ਗਈ, ਜਿਸ ਨੂੰ ਦਯਾਨੰਦ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਸੀ। ਪ੍ਰਾਪਤ ਵੇਰਵਿਆਂ ਅਨੁਸਾਰ ਡੇਂਗੂ ਬੁਖਾਰ ਕਾਰਨ ਉਸ ਦੇ ਲੀਵਰ 'ਤੇ ਡੂੰਘਾ ਅਸਰ ਪਿਆ ਸੀ, ਜਿਸ ਨਾਲ ਮਲਟੀ ਆਰਗਨ ਫੇਲੀਅਰ ਹੋ ਗਏ। ਹੁਣ ਤਕ ਮਹਾਨਗਰ ਵਿਚ ਡੇਂਗੂ ਦੇ ਕਰੀਬ 350 ਮਰੀਜ ਆ ਚੁੱਕੇ ਹਨ। ਇਨ੍ਹਾਂ ਵਿਚੋਂ 242 ਲੁਧਿਆਣਾ ਦੇ ਵਸਨੀਕ ਹਨ ਜਦਕਿ 60 ਦੇ ਕਰੀਬ ਮਰੀਜ ਹੋਰ ਜਿ਼ਲ੍ਹਿਆਂ ਦੇ ਹਨ, ਇਸ ਤੋਂ ਇਲਾਵਾ 18 ਮਰੀਜ ਦੂਜੇ ਰਾਜਾਂ ਦੇ ਦੱਸੇ ਜਾਂਦੇ ਹਨ। ਸਹਿਰ ਦੇ ਵੱਖ-ਵੱਖ ਇਲਾਕਿਆਂ 'ਚ ਡੇਂਗੂ ਦਾ ਲਾਰਵਾ ਕਾਫੀ ਮਾਤਰਾ 'ਚ ਪਾਇਆ ਜਾ ਰਿਹਾ ਹੈ ਪਰ ਸਿਹਤ ਵਿਭਾਗ ਕੋਲ ਮੈਨਪਾਵਰ ਦੀ ਘਾਟ ਕਾਰਨ ਡੇਂਗੂ 'ਤੇ ਕਾਬੂ ਪਾਉਣਾ ਮੁਸਕਿਲ ਹੁੰਦਾ ਜਾ ਰਿਹਾ ਹੈ, ਜਿਸ ਕਾਰਨ ਡੇਂਗੂ ਦੇ ਮਰੀਜਾਂ ਦੀ ਗਿਣਤੀ 'ਚ ਲਗਾਤਾਰ ਵਾਧਾ ਹੋ ਰਿਹਾ ਹੈ। ਸਿਹਤ ਵਿਭਾਗ ਦੇ ਮਾਸ ਮੀਡੀਆ ਵਿੰਗ ਵੱਲੋਂ ਅਖਬਾਰਾਂ ਨੂੰ ਨੋਟਿਸ ਜਾਰੀ ਕੀਤੇ ਜਾ ਰਹੇ ਹਨ, ਪਰ ਨਾ ਤਾਂ ਡੇਂਗੂ ਦੇ ਮਰੀਜਾਂ ਦੀ ਸਹੀ ਗਿਣਤੀ ਦੱਸੀ ਜਾ ਰਹੀ ਹੈ ਅਤੇ ਨਾ ਹੀ ਲਾਰਵਾ ਮਿਲਣ ਦੀ ਸਥਿਤੀ ਜਨਤਕ ਕੀਤੀ ਜਾ ਰਹੀ ਹੈ।

ਫਿਰੌਤੀ ਮੰਗ

ਸ਼ੱਕੀ ਹਾਲਾਤ 'ਚ ਨਵ-ਵਿਆਹੁਤਾ ਦੀ ਮੌਤ, ਡੇਢ ਮਹੀਨਾ ਪਹਿਲਾਂ ਹੋਇਆ ਸੀ ਵਿਆਹ

ਬਟਾਲਾ 23 ਸਤੰਬਰ। ਭੇਤਭਰੇ ਹਾਲਾਤ ਵਿਚ ਨਵ-ਵਿਆਹੁਤਾ ਦੀ ਮੌਤ ਹੋਣ ਦਾ ਦੁਖਦਾਈ ਸਮਾਚਾਰ ਮਿਲਿਆ ਹੈ। ਇਸ ਸਬੰਧੀ ਥਾਣਾ ਕਿਲਾ ਲਾਲ ਸਿੰਘ ਦੇ ਏ. ਐੱਸ. ਆਈ. ਧਰਮਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਰਜ ਕਰਵਾਏ ਬਿਆਨ ਵਿਚ ਤਿਲਕ ਰਾਜ ਪੁੱਤਰ ਧਰਮ ਚੰਦ ਵਾਸੀ ਬੂਥਗੜ੍ਹ, ਜ਼ਿਲਾ ਨਵਾਂ ਸ਼ਹਿਰ ਨੇ ਲਿਖਵਾਇਆ ਹੈ ਕਿ ਮੇਰੀ 24 ਸਾਲਾ ਕੁੜੀ ਪ੍ਰੀਤ ਸਰਕਾਰੀ ਸਕੂਲ ਪੋਜੇਵਾਲ ਵਿਖੇ ਪੜ੍ਹਦੀ ਸੀ ਅਤੇ ਬੀਤੀ 7 ਅਗਸਤ ਨੂੰ ਕਿਤਾਬਾਂ ਵਾਪਸ ਕਰਨ ਗਈ ਸੀ ਪਰ ਘਰ ਵਾਪਸੀ ਨਹੀਂ ਪਰਤੀ। ਇਸ ਦੌਰਾਨ ਸਾਨੂੰ ਬਾਅਦ ਵਿਚ ਪਤਾ ਚੱਲਿਆ ਕਿ ਮੇਰੀ ਉਕਤ ਕੁੜੀ ਨਾਲ ਜਗਜੀਵਨ ਸਿੰਘ ਪੁੱਤਰ ਗੁਰਬਖਸ਼ ਸਿੰਘ ਵਾਸੀ ਉਮਰਵਾਲ, ਥਾਣਾ ਕਿਲਾ ਲਾਲ ਸਿੰਘ ਨੇ 8 ਅਗਸਤ ਨੂੰ ਸੈਸ਼ਨ ਕੋਰਟ ਗੁਰਦਾਸਪੁਰ ਵਿਖੇ ਕੋਰਟ ਮੈਰਿਜ ਕਰਵਾ ਲਈ ਹੈ ਅਤੇ ਅਦਾਲਤ ਦੇ ਸੰਮਨ ਮਿਲਣ 'ਤੇ ਅਸੀਂ 16 ਅਗਸਤ ਨੂੰ ਥਾਣਾ ਕਿਲਾ ਲਾਲ ਸਿੰਘ ਵਿਖੇ ਪਹੁੰਚੇ ਸੀ। ਉਕਤ ਬਿਆਨਕਰਤਾ ਮੁਤਾਬਕ 20 ਸਤੰਬਰ ਨੂੰ ਸਾਨੂੰ ਫੋਨ 'ਤੇ ਸੂਚਨਾ ਮਿਲੀ ਕਿ ਸਾਡੀ ਕੁੜੀ ਪ੍ਰੀਤ ਦੀ ਅਚਾਨਕ ਬੀਤੀ ਰਾਤ ਭੇਤਭਰੇ ਹਾਲਾਤ ਵਿਚ ਮੌਤ ਹੋ ਗਈ ਹੈ। ਮ੍ਰਿਤਕਾ ਦੇ ਪਿਤਾ ਤਿਲਕ ਰਾਜ, ਜੈ ਰਾਮ ਸਾਬਕਾ ਮੈਂਬਰ, ਰਾਮ ਸਰੂਪ, ਕਮਲਜੀਤ ਤੇ ਰਵੀ ਕੁਮਾਰ ਨੇ ਕਥਿਤ ਦੋਸ਼ ਲਗਾਉਂਦਿਆ ਕਿਹਾ ਕਿ ਕਿ ਜਗਜੀਵਨ ਸਿੰਘ ਨੇ ਸਾਡੀ ਕੁੜੀ ਨੂੰ ਗਿਣੀ ਮਿੱਥੀ ਸਾਜ਼ਿਸ਼ ਤਹਿਤ ਮਾਰ ਦਿੱਤਾ ਹੈ ਤੇ ਉਕਤ ਵਿਅਕਤੀ ਖਿ?ਲਾਫ ਬਣਦੀ ਕਾਨੂੰਨੀ ਕਾਰਵਾਈ ਤਹਿਤ ਕੇਸ ਦਰਜ ਕੀਤਾ ਜਾਵੇ। ਇਸ ਸਬੰਧੀ ਏ. ਐੱਸ. ਆਈ. ਧਰਮਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪੁਲਸ ਨੇ ਥਾਣਾ ਕਿਲਾ ਲਾਲ ਸਿੰਘ ਵਿਖੇ 194 ਬੀ. ਐੱਨ. ਐੱਸ. ਐੱਸ. ਤਹਿਤ ਬਣਦੀ ਕਾਨੂੰਨੀ ਕਾਰਵਾਈ ਕਰਦਿਆਂ ਲਾਸ਼ ਪੋਸਟਮਾਰਟਮ ਉਪਰੰਤ ਵਾਰਿਸਾਂ ਹਵਾਲੇ ਕਰ ਦਿੱਤੀ ਹੈ ਅਤੇ ਬਾਕੀ ਦੀ ਬਣਦੀ ਕਾਰਵਾਈ ਪੋਸਟਮਾਰਟਮ ਰਿਪੋਰਟ ਆਉਣ ਉਪਰੰਤ ਕੀਤੀ ਜਾਵੇਗੀ।

ਇਕੋ ਦਿਨ 'ਚ ਦੋ ਥਾਵਾਂ 'ਤੇ ਲੁੱਟ-ਖੋਹ ਕਰਨ ਵਾਲੇ ਨੌਜਵਾਨ ਚੜ੍ਹੇ ਪੁਲਸ ਅੜਿੱਕੇ

ਬੇਗੋਵਾਲ 23 ਸਤੰਬਰ। ਬੇਗੋਵਾਲ ਪੁਲਸ ਨੇ ਇਕੋ ਦਿਨ ਵਿਚ ਵੱਖ-ਵੱਖ ਥਾਵਾਂ 'ਤੇ ਲੁੱਟ-ਖੋਹ ਦੀਆਂ ਦੋ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਪਲਸਰ ਸਵਾਰ ਦੋ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਹੈ। ਫੜੇ ਗਏ ਨੌਜਵਾਨਾਂ ਕੋਲੋਂ ਦਾਤਰ ਅਤੇ ਖੋਹ ਸਮੇਂ ਵਰਤਿਆ ਗਿਆ ਪਲਸਰ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਗਿਆ ਹੈ। ਇਸ ਤੋਂ ਇਲਾਵਾ ਇਨ੍ਹਾਂ ਨੌਜਵਾਨਾਂ ਕੋਲੋਂ ਦੂਜੀ ਖੋਹ ਦੌਰਾਨ ਖੋਹਿਆ ਗਿਆ ਮੋਬਾਇਲ ਫੋਨ ਵੀ ਬਰਾਮਦ ਕੀਤਾ ਗਿਆ ਹੈ। ਇਸ ਸਬੰਧੀ ਥਾਣਾ ਬੇਗੋਵਾਲ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦੇ ਹੋਏ ਡੀ. ਐੱਸ. ਪੀ. ਭੁਲੱਥ ਕਰਨੈਲ ਸਿੰਘ ਨੇ ਦਸਿਆ ਕਿ ਸੌਰਵ ਕੁਮਾਰ ਪੁੱਤਰ ਯਿਸੂ ਮੰਡਲ ਵਾਸੀ ਪਿੰਡ ਬਰਿਆਰਪੁਰ ਥਾਣਾ ਬਰਿਆਰਪੁਰ ਜ?ਿਲ੍ਹਾ ਮੁਗੇਰ ਸਟੇਟ ਬਿਹਾਰ ਹਾਲ ਵਾਸੀ ਬੇਗੋਵਾਲ ਜੋ ਬੇਗੋਵਾਲ ਵਿਖੇ ਕੁਲਫੀਆਂ ਦੀ ਰੇਹੜੀ ਲਗਾਉਂਦਾ ਹੈ। ਇਹ ਨੌਜਵਾਨ ਪਿਛਲੇ ਦਿਨੀਂ ਰੋਜਾਨਾ ਦੀ ਤਰ੍ਹਾਂ ਆਪਣੀ ਰੇਹੜੀ 'ਤੇ ਕੁਲਫੀਆਂ ਵੇਚਣ ਲਈ ਬੇਗੋਵਾਲ ਤੋਂ ਨੇੜਲੇ ਪਿੰਡ ਫਤਿਹਗੜ੍ਹ ਨੂੰ ਗਿਆ। ਵਾਪਸੀ 'ਤੇ ਸ਼ਾਮ ਨੂੰ ਕਰੀਬ 8.30 ਜਦੋਂ ਇਹ

ਨੌਜਵਾਨ ਪਿੰਡ ਸੀਕਰੀ ਸਮਸਾਨਘਾਟ ਕੋਲ ਪੁੱਜਾ ਤਾਂ ਸਾਹਮਣੇ ਤੋਂ 2 ਨੌਜਵਾਨ ਪਲਸਰ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ। ਜਿਹੜੇ ਦਾਤਰ ਦੀ ਨੋਕ 'ਤੇ ਕੁਲਫੀਆਂ ਵੇਚਣ ਵਾਲੇ ਨੌਜਵਾਨ ਦੀ ਜੇਬ ਵਿਚੋਂ ਕੁਲਫੀਆਂ ਦੀ ਵਿਕਰੀ ਦੇ 1750 ਰੁਪਏ ਖੋਹ ਕੇ ਫਰਾਰ ਹੋ ਗਏ। ਇਸ ਉਪਰੰਤ ਐੱਸ. ਐੱਚ. ਓ. ਬੇਗੋਵਾਲ ਰਣਜੀਤ ਸਿੰਘ ਵੱਲੋਂ ਪੁਲਸ ਫੋਰਸ ਸਮੇਤ ਇਸ ਮਾਮਲੇ ਸਬੰਧੀ ਕਾਰਵਾਈ ਅਮਲ ਵਿਚ ਲਿਆਉਂਦੇ ਹੋਏ ਦੋ ਨੌਜਵਾਨਾਂ ਨੂੰ ਫੜਿਆ ਗਿਆ, ਜਿਨ੍ਹਾਂ ਦੀ ਪਛਾਣ ਅਮਨਜੋਤ ਸਿੰਘ ਪੁੱਤਰ ਗੁਰਵਿੰਦਰ ਸਿੰਘ ਅਤੇ ਰਵਿੰਦਰਪਾਲ ਉਰਫ ਰਵੀ ਪੁੱਤਰ ਸੁਰਜੀਤ ਸਿੰਘ ਵਾਸੀ ਤਲਵੰਡੀ ਕੂਕਾ ਹੈ। ਫੜੇ ਗਏ ਨੌਜਵਾਨਾਂ ਕੋਲੋਂ ਦਾਤਰ ਅਤੇ ਖੋਹ ਸਮੇਂ ਵਰਤਿਆ ਗਿਆ ਪਲਸਰ ਮੋਟਰਸਾਈਕਲ ਵੀ ਬਰਾਮਦ ਕੀਤਾ ਗਿਆ ਹੈ। ਇਸ ਤੋਂ ਇਲਾਵਾ ਇਨ੍ਹਾਂ ਕੋਲੋਂ ਇਕ ਮੋਬਾਈਲ ਫੋਨ ਵੀ ਬਰਾਮਦ ਕੀਤਾ ਗਿਆ ਹੈ, ਜੋ ਇਨ੍ਹਾਂ ਨੇ ਨਿਰਮਲ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਰਾਏਪੁਰ ਪੀਰ ਬਖਸ ਕੋਲੋਂ ਭੁਲੱਥ ਤੋਂ ਪਿੰਡ ਨੂੰ ਜਾਂਦੇ ਸਮੇਂ ਖੋਹਿਆ ਸੀ। ਡੀ. ਐੱਸ. ਪੀ. ਭੁਲੱਥ ਕਰਨੈਲ ਸਿੰਘ ਨੇ ਦੱਸਿਆ ਕਿ ਇਨ੍ਹਾਂ ਨੌਜਵਾਨਾਂ ਨੇ ਇਹ ਦੋਵੇਂ ਖੋਹਾਂ ਇਕੋ ਦਿਨ ਸ਼ਾਮ ਸਮੇਂ ਤੋਂ ਬਾਅਦ ਕੀਤੀਆਂ ਸਨ। ਉਨ੍ਹਾਂ ਦਸਿਆ ਕਿ ਹੁਣ ਇਸ ਮਾਮਲੇ ਵਿਚ ਅਗਲੇਰੀ ਕਾਰਵਾਈ ਜਾਰੀ ਹੈ।

ਕਾਰ 'ਚ ਹੀ ਰੱਖੀ ਬੈਠਾ ਸੀ 50 ਲੱਖ ਨਕਦ, ਪੁਲਸ ਨੇ ਟਰੈਪ ਲਗਾ ਕੀਤੇ ਬਰਾਮਦ

ਸੋਨੀਪਤ 23 ਸਤੰਬਰ। ਹਰਿਆਣਾ ਦੇ ਸੋਨੀਪਤ ਜ?ਿਲ੍ਹੇ 'ਚ ਇਕ ਕਾਰ ਤੋਂ 50 ਲੱਖ ਰੁਪਏ ਨਕਦ ਬਰਾਮਦ ਕੀਤੇ ਗਏ ਹਨ। ਪੁਲਸ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਗੋਹਾਨਾ ਰੋਡ ਬਾਈਪਾਸ ਕੋਲੋਂ ਇਹ ਨਕਦੀ ਬਰਾਮਦ ਕੀਤੀ ਗਈ, ਜਿਸ 'ਚ 500-500 ਰੁਪਏ ਦੇ ਨੋਟ ਹਨ। ਪੁਲਸ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਵਿਅਕਤੀ ਨੇ ਦਾਅਵਾ ਕੀਤਾ ਕਿ ਉਸ ਨੇ ਉੱਤਰ ਪ੍ਰਦੇਸ਼ ਦੇ ਨੋਇਡਾ 'ਚ ਇਕ ਪਲਾਟ ਵੇਚਿਆ, ਜਿਸ ਤੋਂ ਪ੍ਰਾਪਤ ਇਹ ਰਕਮ ਹੈ ਪਰ ਜਦੋਂ ਉਸ ਨੂੰ ਦਸਤਾਵੇਜ ਦਿਖਾਉਣ ਲਈ ਕਿਹਾ ਗਿਆ ਤਾਂ ਉਹ ਕੁਝ ਵੀ ਸਬੂਤ ਅਧਿਕਾਰੀ ਨੇ ਦੱਸਿਆ ਕਿ ਵਿਅਕਤੀ ਨੇ ਦਾਅਵਾ ਕੀਤਾ ਕਿ ਉਸ ਨੇ ਉੱਤਰ ਪ੍ਰਦੇਸ਼ ਦੇ ਨੋਇਡਾ 'ਚ ਇਕ ਪਲਾਟ ਵੇਚਿਆ, ਜਿਸ ਤੋਂ ਪ੍ਰਾਪਤ ਇਹਨਹੀਂ ਦਿਖਾ ਸਕਿਆ। ਪੁਲਸ ਨੇ ਦੱਸਿਆ ਕਿ ਉਹ ਨੋਇਡਾ ਤੋਂ ਜੀਂਦ ਵੱਲ ਜਾ ਰਿਹਾ ਸੀ। ਪੁਲਸ ਨੇ ਨਕਦੀ ਬਰਾਮਦ ਹੋਣ ਦੇ ਸੰਬੰਧ 'ਚ ਇਨਕਮ ਟੈਕਸ ਵਿਭਾਗ ਨੂੰ ਇਸ ਦੀ ਸੂਚਨਾ ਦੇ ਦਿੱਤੀ ਹੈ। ਹਰਿਆਣਾ ਵਿਧਾਨ ਸਭਾ ਚੋਣਾਂ ਦੇ ਮੱਦੇਨਜਰ ਰਾਜ 'ਚ 16 ਅਗਸਤ ਤੋਂ ਚੋਣ ਜਾਬਤਾ ਲਾਗੂ ਹੈ। ਹਰਿਆਣਾ ਦੀਆਂ 90 ਸੀਟਾਂ ਲਈ 5 ਅਕਤੂਬਰ ਨੂੰ ਵੋਟਿੰਗ ਹੋਵੇਗੀ ਅਤੇ ਵੋਟਾਂ ਦੀ ਗਿਣਤੀ 8 ਅਕਤੂਬਰ ਨੂੰ ਹੋਵੇਗੀ।

ਚੋਰਾਂ ਕਰਿਆਨੇ ਦੀ ਦੁਕਾਨ ਨੂੰ ਬਣਾਇਆ ਨਿਸ਼ਾਨਾ, ਛੱਡ ਤੋੜ ਕੇ 70 ਹਜ਼ਾਰ ਰੁਪਏ ਦਾ ਸਾਮਾਨ ਕੀਤਾ ਚੋਰੀ

ਤਰਨਤਾਰਨ 23 ਸਤੰਬਰ। ਸਥਾਨਕ ਸ਼ਹਿਰ ਦੇ ਇਕ ਕਰਿਆਨਾ ਸਟੋਰ ਦੀ ਕੰਧ ਪਾੜ ਕੇ ਦਾਖਲ ਹੋਣ ਵਾਲੇ ਦੋ ਚੋਰਾਂ ਵੱਲੋਂ ਦੁਕਾਨ ਅੰਦਰ ਮੌਜੂਦ ਮੋਬਾਈਲ ਫੋਨ, ਲੈਪਟਾਪ, 5000 ਦੀ ਨਕਦੀ ਤੋਂ ਇਲਾਵਾ ਹੋਰ ਸਾਮਾਨ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਸਬੰਧੀ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੇ ਦੋ ਮੁਲਜ਼ਮਾਂ ਨੂੰ ਨਾਮਜ਼ਦ ਕਰਦੇ ਹੋਏ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਅਰੁਣ ਜੁਲਕਾ ਪੁੱਤਰ ਸੁਰਿੰਦਰ ਕੁਮਾਰ ਵਾਸੀ ਗਲੀ ਸਕੱਤਰ ਸਿੰਘ ਵਾਲੀ ਤਰਨਤਾਰਨ ਨੇ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਦੱਸਿਆ ਕਿ ਬੀਤੀ 16 ਸਤੰਬਰ ਦੀ ਰਾਤ ਉਹ ਰੋਜ਼ਾਨਾ ਦੀ ਤਰ੍ਹਾਂ ਆਪਣੀ ਦੁਕਾਨ ਬੰਦ ਕਰ ਘਰ ਚਲਾ ਗਿਆ ਸੀ। ਜਦ ਸਵੇਰੇ 17 ਤਰੀਕ ਨੂੰ ਕਰੀਬਨ ਵਜੇ ਆਪਣੀ ਦੁਕਾਨ ਜੋ ਰੇਲਵੇ ਫਾਟਕ ਜੰਡਿਆਲਾ ਰੋਡ ਨਜ਼ਦੀਕ ਮੌਜੂਦ ਹੈ, ਨੂੰ ਖੋਲ੍ਹਿਆ ਗਿਆ ਤਾਂ ਦੁਕਾਨ ਦੀ ਛੱਤ ਟੁੱਟੀ



ਪਈ ਸੀ ਅਤੇ ਦੁਕਾਨ ਵਿਚੋਂ ਐੱਚ.ਪੀ ਕੰਪਨੀ ਦਾ ਲੈਪਟਾਪ ਅਤੇ ਰੀਅਲ ਮੀ ਕੰਪਨੀ ਦਾ ਮੋਬਾਈਲ ਫੋਨ ਚੋਰੀ ਹੋ ਚੁੱਕਾ ਸੀ। ਇਸ ਦੌਰਾਨ ਦੁਕਾਨ ਅੰਦਰ ਲੱਗਾ ਸੀ.ਸੀ.ਟੀ.ਵੀ ਕੈਮਰੇ ਦਾ ਡੀ.ਵੀ.ਆਰ ਅਤੇ 5000 ਦੀ ਨਕਦੀ ਵੀ ਚੋਰੀ ਹੋ ਚੁੱਕੀ ਸੀ। ਇਸ ਹੋਈ ਚੋਰੀ ਸਬੰਧੀ ਦੁਕਾਨ ਮਾਲਕ ਦਾ ਕਰੀਬ 70 ਹਜ਼ਾਰ ਰੁਪਏ ਤੋਂ ਵੱਧ ਨੁਕਸਾਨ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ ਸਿਟੀ ਕਮਲਮੀਤ ਸਿੰਘ ਨੇ ਦੱਸਿਆ ਕਿ ਅਰੁਣ ਜੁਲਕਾ ਦੇ ਬਿਆਨਾਂ ਹੇਠ ਦੀਪਕ ਪੁੱਤਰ ਰਾਜ ਕੁਮਾਰ ਵਾਸੀ ਗਲੀ ਬਾਜ਼ੀਗਰਾਂ ਵਾਲੀ ਮੁਹੱਲਾ ਨਾਨਕਸਰ ਤਰਨਤਾਰਨ ਅਤੇ ਪ੍ਰਵੀਨ ਸਿੰਘ ਪੁੱਤਰ ਨਿਸ਼ਾਨ ਸਿੰਘ ਵਾਸੀ ਕਾਜ਼ੀ ਕੋਟ ਰੋਡ ਤਰਨਤਾਰਨ ਨੂੰ ਨਾਮਜ਼ਦ ਕਰਦੇ ਹੋਏ ਇਨ੍ਹਾਂ ਦੀ ਗ੍ਰਿਫਤਾਰੀ ਲਈ ਟੀਮਾਂ ਰਵਾਨਾ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਮੁਲਜ਼ਮਾਂ ਨੂੰ ਜਲਦ ਗ੍ਰਿਫਤਾਰ ਕਰਦੇ ਹੋਏ ਮੀਡੀਆ ਸਾਹਮਣੇ ਪੇਸ਼ ਕੀਤਾ ਜਾਵੇਗਾ।

5 ਜਨਾਨੀਆਂ ਨਾਲ ਫੜ੍ਹੇ ਗਏ 4 ਬੰਦੇ ! ਗੰਦੇ-ਧੰਦੇ ਦਾ ਹੋਇਆ ਖੁਲਾਸਾ

ਹਿਰਾਗਾਗਾ 23 ਸਤੰਬਰ। ਜ?ਿਲ੍ਹਾ ਪੁਲਸ ਮੁਖੀ ਸਤਿੰਦਰ ਸਿੰਘ ਚਹਿਲ ਵੱਲੋਂ ਸਮੁੱਚੇ ਜ?ਿਲ੍ਹੇ 'ਚ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਮੁਹਿੰਮ ਤਹਿਤ ਡੀ. ਐੱਸ. ਪੀ. ਦਪਿੰਦਰਪਾਲ ਸਿੰਘ ਜੇਜੀ ਦੀ ਅਗਵਾਈ ਹੇਠ ਥਾਣਾ ਲਹਿਰਾ ਦੀ ਪੁਲਸ ਨੇ ਇਕ ਜਿਸਮਫਰੋਸੀ ਦੇ ਅੱਡੇ ਦਾ ਪਰਦਾਫਾਸ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਜਾਣਕਾਰੀ ਦਿੰਦਿਆਂ ਡੀ. ਐੱਸ. ਪੀ. ਜੇਜੀ ਨੇ ਦੱਸਿਆ ਕਿ ਥਾਣਾ ਸਦਰ ਦੇ ਇੰਚਾਰਜ ਵਿਨੋਦ ਕੁਮਾਰ ਪੁਲਸ ਪਾਰਟੀ ਦੇ ਨਾਲ ਬੱਸ ਸਟੈਂਡ ਨੇੜੇ ਗਸਤ ਕਰ ਰਹੇ ਸੀ। ਇਸ ਦੌਰਾਨ ਮੁਖਬਰ ਨੇ ਇਤਲਾਹ ਦਿੱਤੀ ਕਿ ਲਹਿਰਾਗਾਗਾ ਸਮਸਾਨਘਾਟ ਦੇ ਨਜਦੀਕ ਇਕ ਔਰਤ ਵੱਲੋਂ ਆਪਣੇ ਘਰ ਗੈਰ-ਕਾਨੂੰਨੀ ਤਰੀਕੇ ਨਾਲ ਜਿਸਮਫਰੋਸੀ ਦਾ ਅੱਡਾ ਚਲਾਇਆ ਜਾ ਰਿਹਾ ਹੈ, ਜਿਸ ਨਾਲ ਮੁਹੱਲੇ ਦੇ ਲੋਕਾਂ ਅਤੇ ਬੱਚਿਆਂ 'ਤੇ ਮਾੜਾ ਪ੍ਰਭਾਵ ਪੈ ਰਿਹਾ। ਪੁਲਸ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਜਦੋਂ ਜਿਸਮਫਿਰੋਸੀ ਦਾ ਧੰਦਾ ਕਰਵਾਉਣ ਵਾਲੀ ਔਰਤ ਦੇ ਘਰ ਰੇਡ ਕੀਤੀ ਤਾਂ ਉੱਥੋਂ ਪੰਜ ਮਹਿਲਾਵਾਂ ਤੇ ਚਾਰ ਮਰਦਾਂ ਨੂੰ ਕਾਬੂ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਮਾਜ ਵਿਰੋਧੀ ਅਨਸਰਾਂ ਦੀ ਜਾਣਕਾਰੀ ਪੁਲਸ ਨੂੰ ਦਿੱਤੀ ਜਾਵੇ, ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਕਿਸੇ ਵੀ ਕੀਮਤ 'ਤੇ ਬਖਸ?ਿਆ ਨਹੀਂ ਜਾਵੇਗਾ ਅਤੇ ਜਾਣਕਾਰੀ ਦੇਣ ਵਾਲੇ ਦਾ ਨਾਂ ਅਤੇ ਪਤਾ ਗੁਪਤ ਰੱਖਿਆ ਜਾਵੇਗਾ।

ਭੈਣ ਵੱਲੋਂ ਭਰਾ ਦੇ ਕਤਲ ਦੇ ਮਾਮਲੇ ਪੁਲਸ ਨੇ ਮ੍ਰਿਤਕ ਬਾਰੇ ਦਿੱਤੀ ਗਲਤ ਟਿੱਪਣੀ, ਪਰਿਵਾਰ ਦਿੱਤਾ ਧਰਨਾ

ਦੀਨਾਨਗਰ 23 ਸਤੰਬਰ। ਪਿਛਲੇ ਕੁੱਝ ਦਿਨ ਪਹਿਲਾਂ ਦੀਨਾਨਗਰ ਦੇ ਪਿੰਡ ਦਾਖਲਾ ਵਿਖੇ ਇੱਕ ਰੋਹਿਤ ਨਾਮ ਦੇ ਮੁੰਡੇ ਦਾ ਉਸ ਦੇ ਤਾਏ ਦੀ ਕੁੜੀ ਵੱਲੋਂ ਆਪਣੇ ਪ੍ਰੇਮੀ ਨਾਲ ਮਿਲ ਕੇ ਕਤਲ ਕਰ ਦਿੱਤਾ ਗਿਆ ਸੀ ਪਰ ਪੁਲਸ ਵੱਲੋਂ ਇਸ ਸਾਰੇ ਮਾਮਲੇ ਨੂੰ ਕੁਝ ਹੀ ਸਮੇਂ ਵਿੱਚ ਸੁਲਝਾ ਲਿਆ ਗਿਆ ਸੀ। ਇਸ ਘਟਨਾ ਨੂੰ ਅੰਜਾਮ ਦੇਣ ਵਾਲੇ ਆਰੋਪੀਆਂ ਨੂੰ ਮੌਕੇ 'ਤੇ ਗ੍ਰਿਫਤਾਰ ਕਰਕੇ ਮਾਮਲਾ ਦਰਜ ਕਰ ਲਿਆ ਸੀ ਪਰ ਜਦ ਇਸ ਮਾਮਲੇ ਦੀ ਐੱਫ. ਆਈ. ਆਰ. ਦੀ ਕਾਪੀ ਲੈਣ ਲਈ ਮ੍ਰਿਤਕ ਨੌਜਵਾਨ ਦੇ ਪਿਤਾ ਰਮੇਸ ਲਾਲ ਅਤੇ ਹੋਰ ਮੋਹਤਬਰ ਵਿਅਕਤੀ ਦੀਨਾਨਗਰ ਥਾਣੇ ਵਿਖੇ ਕਾਪੀ ਲੈਣ ਲਈ ਆਏ ਤਾਂ ਥਾਣਾ ਵਿਚ ਤਾਇਨਾਤ ਇਕ ਪੁਲਸ ਮੁਲਾਜਮ ਵੱਲੋਂ ਉਨ੍ਹਾਂ ਦੇ ਮ੍ਰਿਤਕ ਲੜਕੇ ਬਾਰੇ ਹੀ ਗਲਤ ਟਿੱਪਣੀ ਕੀਤੀ ਗਈ ਜਿਸ ਦੇ ਰੋਸ ਵਜੋਂ ਸਮੂਹ ਪਰਿਵਾਰਿਕ ਮੈਂਬਰਾਂ ਵੱਲੋਂ ਇਲਾਕੇ ਦੇ ਲੋਕਾਂ ਦੇ ਸਹਿਯੋਗ ਨਾਲ ਅੱਜ ਦੀਨਾਨਗਰ ਥਾਣੇ ਸਾਹਮਣੇ ਧਰਨਾ ਦਿੱਤਾ ਅਤੇ ਗਲਤ ਟਿੱਪਣੀ ਕਰਨ ਵਾਲੇ

ਪੁਲਸ ਮੁਲਾਜਮ ਖਿ?ਲਾਫ ਕਾਰਵਾਈ ਦੀ ਮੰਗ ਕੀਤੀ ਹੈ। ਜਿਸ ਤਹਿਤ ਦੀਨਾਨਗਰ ਦੇ ਡੀ. ਐੱਸ. ਪੀ. ਸੁਰਿੰਦਰ ਸਿੰਘ ਵੱਲੋਂ ਅਤੇ ਐੱਸ. ਐੱਚ. ਓ. ਮਨੋਜ ਕੁਮਾਰ ਵੱਲੋਂ ਮੌਕੇ 'ਤੇ ਪਹੁੰਚ ਕੇ ਧਰਨਾਕਾਰੀਆਂ ਨਾਲ ਗੱਲਬਾਤ ਰਾਹੀਂ ਭਰੋਸਾ ਦਿੱਤਾ ਕਿ ਸਾਨੂੰ ਲਿਖਤੀ ਇਸ ਪੁਲਸ ਮੁਲਾਜਮ ਖਿ?ਲਾਫ ਸ?ਿਕਾਇਤ ਦਿਓ, ਜੋ ਵੀ ਬਣਦੀ ਕਾਨੂੰਨੀ ਕਾਰਵਾਈ ਹੋਵੇਗੀ ਉਸ ਖਿ?ਲਾਫ ਕੀਤੀ ਜਾਵੇਗੀ। ਜਿਸ ਤੋਂ ਬਾਅਦ ਧਰਨਾਕਾਰੀਆਂ ਵੱਲੋਂ ਸਾਂਤ ਹੋ ਕੇ ਧਰਨਾ ਚੁੱਕ ਲਿਆ ਗਿਆ ।

ਵਿਦੇਸ਼ ਭੇਜਣ ਦੇ ਨਾਂ 'ਤੇ 4 ਲੱਖ 50 ਹਜਾਰ ਰੁਪਏ ਠੱਗੀ ਮਾਰਨ 'ਤੇ ਕੇਸ ਦਰਜ

ਦਸੂਹਾ 23 ਸਤੰਬਰ। ਵਿਦੇਸ਼ ਭੇਜਣ ਦੇ ਨਾਮ 'ਤੇ ਪੈਸੇ ਠੱਗਣ ਵਾਲੇ ਇਕ ਵਿਅਕਤੀ ਖਿ?ਲਾਫ ਕੇਸ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਥਾਣਾ ਮੁਖੀ ਦਸੂਹਾ ਹਰਪ੍ਰੇਮ ਸਿੰਘ ਅਤੇ ਜਾਂਚ ਅਧਿਕਾਰੀ ਏ. ਐੱਸ. ਆਈ. ਰਵਿੰਦਰ ਸਿੰਘ ਨੇ ਦੱਸਿਆ ਕਿ ਗਯਾ ਰਾਣੀ ਪਤਨੀ ਬਰਿੱਜ ਲਾਲ ਵਾਸੀ ਜਾਪਾਨੀ ਕਾਲੋਨੀ ਕਹਿਰਵਾਲੀ ਦਸੂਹਾ ਨੇ ਐੱਸ. ਐੱਸ. ਪੀ. ਹੁਸ਼ਿਆਰਪੁਰ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਨੇ ਆਪਣੇ ਜਵਾਈ ਸੁਨੀਲ ਕੁਮਾਰ ਨੂੰ ਵਿਦੇਸ਼ ਭੇਜਣ ਲਈ ਰਾਜਵੀਰ ਸਿੰਘ ਉਰਫ ਬਰਜਿੰਦਰ ਸਿੰਘ ਵਾਸੀ ਪਿੰਡ ਖੈਰਾਬਾਦ ਨੂੰ 4 ਲੱਖ 50 ਹਜਾਰ ਰੁਪਏ

Fraud

ਘਰੇਲੂ ਬਗ਼ੀਚੀ ਤੋਂ ਸਾਰਾ ਸਾਲ ਤਾਜ਼ੇ ਫਲਾਂ ਤੇ ਸਬਜ਼ੀਆਂ ਦੀ ਪੂਰਤੀ ਕੀਤੀ ਜਾ ਸਕਦੀ ਹੈ। ਫਲ ਅਤੇ ਸਬਜ਼ੀਆਂ ਹਾਨੀਕਾਰਕ ਕੀਟਨਾਸ਼ਕਾਂ ਤੋਂ ਰਹਿਤ ਹੁੰਦੇ ਹਨ ਤੇ ਪਰਿਵਾਰ ਨੂੰ ਸੰਤੁਲਿਤ ਪੋਸ਼ਣ ਮਿਲਦਾ ਹੈ...

ਘਰੇਲੂ ਬਗ਼ੀਚੀ ਦਾ ਪੌਸ਼ਟਿਕ ਭੋਜਨ 'ਚ ਯੋਗਦਾਨ

• ਪ੍ਰਕਾਸ਼ ਮਹਲਾ

ਘਰੇਲੂ ਬਗ਼ੀਚੀ ਦਾ ਉਦੇਸ਼ ਪਰਿਵਾਰ ਲਈ ਤਾਜ਼ੀਆਂ ਸਬਜ਼ੀਆਂ ਉਗਾਉਣਾ ਹੈ। ਇਹ ਬਗ਼ੀਚੀ ਚੰਗੀ ਸਿਹਤ ਤੇ ਵਿੱਤੀ ਪੱਖੋਂ ਲਾਭਦਾਇਕ ਹੈ। ਘਰੇਲੂ ਬਗ਼ੀਚੀ ਘਰ ਦੇ ਨੇੜੇ ਉਹ ਜਗ੍ਹਾ ਹੁੰਦੀ ਹੈ, ਜਿੱਥੇ ਅਸੀਂ ਪਰਿਵਾਰ ਦੀ ਲੋੜ ਅਨੁਸਾਰ ਸਬਜ਼ੀਆਂ ਦੀ ਕਾਸ਼ਤ ਕਰ ਸਕਦੇ ਹਾਂ। ਵਧਦੀ ਹੋਈ ਜਨਸੰਖਿਆ ਕਾਰਨ ਸਬਜ਼ੀਆਂ ਦੀ ਮੰਗ ਵੀ ਵਾਧੀ ਹੈ ਤੇ ਪੈਦਾਵਾਰ ਘੱਟ ਹੋਣ ਕਾਰਨ ਸਬਜ਼ੀਆਂ ਦੀਆਂ ਕੀਮਤਾਂ ਕਾਫ਼ੀ ਜ਼ਿਆਦਾ ਹਨ, ਜਿਸ ਨਾਲ ਵਿੱਤੀ ਬੋਝ ਵਧਦਾ ਹੈ। ਸਰੀਰਕ ਵਿਕਾਸ ਲਈ ਪੌਸ਼ਟਿਕ ਭੋਜਨ ਬੇਹੱਦ ਜ਼ਰੂਰੀ ਹੈ। ਹਰ ਮਨੁੱਖ ਨੂੰ ਰੋਜ਼ਾਨਾ ਔਸਤ 300 ਗ੍ਰਾਮ ਸ਼ਬਜੀਆਂ ਦਾ ਸੇਵਨ ਕਰਨਾ ਜ਼ਰੂਰੀ ਹੈ, ਕਿਉਂਕਿ ਇਨ੍ਹਾਂ ਤੋਂ ਪ੍ਰੋਟੀਨ, ਕਾਰਬੋਹਾਈਡਰੇਟ ਆਦਿ ਤੱਤ ਸਿੱਧੇ ਤੌਰ 'ਤੇ ਮਿਲਦੇ ਹਨ। ਸਬਜ਼ੀਆਂ ਪੌਸ਼ਟਿਕ ਤੱਤਾਂ ਨਾਲ ਭਰਪੂਰ ਹੁੰਦੀਆਂ ਹਨ ਪਰ ਅੱਜ ਕੱਲ੍ਹ ਕੀਟਨਾਸ਼ਕਾਂ ਤੇ ਰਸਾਇਣਕ ਖਾਦਾਂ ਦੀ ਵਧੇਰੇ ਵਰਤੋਂ ਕਾਰਨ ਇਹ ਸਿਹਤ ਲਈ ਖ਼ਤਰਨਾਕ ਸਿੱਧ ਹੋ ਰਹੀਆਂ ਹਨ। ਇਸ ਕਾਰਨ ਘਰੇਲੂ ਬਗ਼ੀਚੀ ਦੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ। ਘਰੇਲੂ ਬਗ਼ੀਚੀ ਲਗਾਉਣ ਤੋਂ ਪਹਿਲਾਂ ਇਹ ਧਿਆਨ ਰੱਖੋ ਕਿ ਜ਼ਮੀਨ ਦੀ ਸਿਹਤ ਠੀਕ ਹੋਵੇ। ਇਸ ਜਗ੍ਹਾ ਕਿਸੇ ਪ੍ਰਕਾਰ ਦੇ ਨੀਮਾਟੋਡ ਦਾ ਹਮਲਾ ਨਾ ਹੋਵੇ, ਪਾਣੀ ਦੀ ਉਪਲਬਧਤਾ ਹੋਵੇ ਤੇ ਸੂਰਜ ਦੀ ਰੋਸ਼ਨੀ ਪਹੁੰਚਦੀ ਹੋਵੇ। ਘਰੇਲੂ ਬਗ਼ੀਚੀ ਦੇ ਤੌਰ 'ਤੇ ਲਗਪਗ 1.4 ਮਰਲੇ ਜ਼ਮੀਨ 'ਚ ਸਾਰਾ ਸਾਲ ਸਬਜ਼ੀਆਂ ਦੀ ਕਾਸ਼ਤ ਕੀਤੀ ਜਾ ਸਕਦੀ ਹੈ, ਜੋ 4-5 ਜੀਆਂ ਦੇ ਪਰਿਵਾਰ ਲਈ ਕਾਫ਼ੀ ਹੈ।

ਧਿਆਨ ਦੇਣ ਯੋਗ ਗੱਲਾਂ

ਘਰੇਲੂ ਬਗ਼ੀਚੀ ਛਾਂ ਵਾਲੀ ਜਗ੍ਹਾ ਤੋਂ ਦੂਰ ਅਤੇ ਘਰ ਦੇ ਨੇੜੇ ਹੋਣੀ ਚਾਹੀਦੀ ਹੈ ਤਾਂ ਜੋ ਸਮਾਂ ਮਿਲਣ 'ਤੇ ਇਥੇ ਕੰਮ ਕੀਤਾ ਜਾ ਸਕੇ ਤੇ ਨਿਗਰਾਨੀ ਵੀ ਹੋ ਸਕੇ। ਸਬਜ਼ੀਆਂ ਦੀ ਚੋਣ ਘਰ ਦੀ ਪੂਰੇ ਸਾਲ ਦੀ ਜ਼ਰੂਰਤ ਨੂੰ ਧਿਆਨ 'ਚ ਰੱਖ ਕੇ ਕਰੋ। ਘਰੇਲੂ ਬਗ਼ੀਚੀ ਲਈ ਖ਼ਰਚਾ ਘੱਟ ਤੋਂ ਘੱਟ ਆਵੇ। ਸਬਜ਼ੀਆਂ ਦੀਆਂ ਬਿਮਾਰੀਆਂ ਤੇ ਕੀੜਿਆਂ ਨਾਲ ਟਾਕਰਾ ਕਰਨ ਦੇ ਸਮਰੱਥ ਕਿਸਮਾਂ ਦੀ ਚੋਣ ਕਰੋ। ਘਰੇਲੂ ਬਗ਼ੀਚੀ ਦਾ ਸਾਰਾ ਕੰਮ ਪਰਿਵਾਰ ਦੇ ਮੈਂਬਰਾਂ ਨੂੰ ਆਪ ਕਰਨਾ ਚਾਹੀਦਾ ਹੈ। ਹੋ ਸਕੇ ਤਾਂ ਕੁਦਰਤੀ ਤੌਰ 'ਤੇ ਘਰੇਲੂ ਬਗ਼ੀਚੀ ਦਾ ਮਾਡਲ ਬਣਾਉ। ਜਗ੍ਹਾ ਦਾ ਵੱਧ ਤੋਂ ਵੱਧ ਤੇ ਸਹੀ ਉਪਯੋਗ ਕੀਤਾ ਜਾਵੇ ਤਾਂ ਜੋ ਜਗ੍ਹਾ ਖਾਲੀ ਨਾ ਰਹੇ ਤੇ ਵੱਧ ਤੋਂ ਵੱਧ ਸਬਜ਼ੀਆਂ ਉਪਜਾਈਆਂ ਜਾ ਸਕਣ। ਕਿਆਰੀਆਂ ਦੀਆਂ ਵੱਟਾਂ 'ਤੇ ਗਾਜਰ, ਮੂਲੀ ਤੇ ਪੱਤੇਦਾਰ ਸਬਜ਼ੀਆਂ ਦੀ ਬਿਜਾਈ ਕਰੋ।

ਸਬਜ਼ੀਆਂ ਦੀ ਚੋਣ

ਘਰੇਲੂ ਬਗ਼ੀਚੀ ਲਈ ਸਬਜ਼ੀਆਂ ਦੀ ਕਿਸਮ ਦੀ ਚੋਣ ਤੇ ਉਨ੍ਹਾਂ ਲਈ ਉਚਿਤ ਜਗ੍ਹਾ ਦੀ ਚੋਣ ਬਹੁਤ ਮਹੱਤਵਪੂਰਨ ਹੈ। ਟਮਾਟਰ, ਬੈਂਗਣ, ਭਿੰਡੀ ਨੂੰ ਉਥੇ ਬੀਜੋ ਜਿੱਥੇ ਜ਼ਿਆਦਾ ਧੁੱਪ ਪੈਂਦੀ ਹੋਵੇ। ਵੇਲਦਾਰ ਸਬਜ਼ੀਆਂ, ਜਿਵੇਂ ਘੀਆਂ, ਤੋਰੀਆਂ, ਖੀਰਾ ਆਦਿ ਨੂੰ ਕਿਸੇ ਸਹਾਰੇ ਨਾਲ ਜਾਂ ਦਰੱਖ਼ਤ 'ਤੇ ਚੜ੍ਹਾਇਆ ਜਾ ਸਕਦਾ ਹੈ। ਜਿਨ੍ਹਾਂ ਸ਼ਬਜ਼ੀਆਂ ਨੂੰ ਛਾਂ ਦੀ ਲੋੜ ਹੁੰਦੀ ਹੈ, ਉਨ੍ਹਾਂ ਨੂੰ ਘਰ ਦੇ ਨੇੜੇ ਦਰੱਖ਼ਤਾਂ ਦੀ ਛਾਵੇਂ ਉਗਾਇਆ ਜਾ ਸਕਦਾ ਹੈ। ਫਲਦਾਰ ਬੂਟੇ ਅਮਰੂਦ, ਪਪੀਤਾ, ਲੀਚੀ, ਨਿੰਬੂ ਤੇ ਅੰਬ ਆਦਿ ਵੀ ਘਰੇਲੂ ਬਗ਼ੀਚੀ 'ਚ ਲਗਾਏ ਜਾ ਸਕਦੇ ਹਨ।

ਕੰਧ ਜਾਂ ਵਾੜ ਦੇ ਸਹਾਰੇ ਵੇਲ ਵਾਲੀਆਂ ਸਬਜ਼ੀਆਂ ਲਗਾਈਆਂ ਜਾ ਸਕਦੀਆਂ ਹਨ।

ਬਗ਼ੀਚੀ ਦੇ ਲਾਭ

ਘਰ ਦੇ ਨੇੜੇ ਪਈ ਖਾਲੀ ਥਾਂ ਦੀ ਸਹੀ ਵਰਤੋਂ ਹੁੰਦੀ ਹੈ। ਸਾਰਾ ਸਾਲ ਤਾਜ਼ੇ ਫਲਾਂ ਤੇ ਸਬਜ਼ੀਆਂ ਦੀ ਪੂਰਤੀ ਕੀਤੀ ਜਾ ਸਕਦੀ ਹੈ। ਫਲ ਅਤੇ ਸਬਜ਼ੀਆਂ ਹਾਨੀਕਾਰਕ ਕੀਟਨਾਸ਼ਕਾਂ ਤੋਂ ਰਹਿਤ ਹੁੰਦੇ ਹਨ। ਸਬਜ਼ੀਆਂ ਅਤੇ ਫਲਾਂ ਉੱਪਰ ਹੋਣ ਵਾਲੇ ਖ਼ਰਚ ਦੀ ਬੱਚਤ ਹੁੰਦੀ ਹੈ। ਪਰਿਵਾਰ ਨੂੰ ਮਿਆਰੀ ਤੇ ਸੰਤੁਲਿਤ ਪੋਸ਼ਣ ਮਿਲਦਾ ਹੈ। ਘਰ 'ਚ ਬੀਜੀਆਂ ਸਬਜ਼ੀਆਂ ਬਾਜ਼ਾਰ ਨਾਲੋਂ ਜ਼ਿਆਦਾ ਸਵਾਦ ਬਣਦੀਆਂ ਹਨ। ਰਸੋਈ ਦੀ ਰਹਿੰਦ-ਖੂੰਹਦ ਤੇ ਫਲਾਂ-ਸਬਜ਼ੀਆਂ ਦੇ ਛਿਲਕਿਆਂ ਤੋਂ ਕੰਪੋਸਟ ਬਣਾ ਕੇ ਉਸ ਨੂੰ ਘਰੇਲੂ ਬਗ਼ੀਚੀ ਵਿਚ ਖਾਦ ਦੇ ਤੌਰ 'ਤੇ ਵਰਤਿਆ ਜਾ ਸਕਦਾ ਹੈ। ਘਰੇਲੂ ਫਿਲਟਰ ਜਾਂ ਆਰਓ ਦੇ ਵਾਧੂ ਪਾਣੀ ਨੂੰ ਘਰੇਲੂ ਬਗ਼ੀਚੀ 'ਚ ਸਿੰਚਾਈ ਲਈ ਵਰਤਿਆ ਜਾ ਸਕਦਾ ਹੈ। ਵਾਧੂ ਸਮੇਂ ਦੀ ਸਹੀ ਵਰਤੋਂ ਕੀਤੀ ਜਾ ਸਕਦੀ ਹੈ। ਇਹ ਬਗ਼ੀਚੀ ਘਰ ਦੇ ਵਾਤਾਵਰਨ ਨੂੰ ਸ਼ੁੱਧ ਰੱਖਣ 'ਚ ਸਹਾਈ ਹੁੰਦੀ ਹੈ। ਸਬਜ਼ੀਆਂ ਦੇ ਨਾਲ ਫਲਦਾਰ ਬੂਟੇ, ਜਿਵੇਂ ਪਪੀਤਾ, ਕੇਲਾ, ਨਿੰਬੂ, ਅਨਾਰ ਆਦਿ ਵੀ ਘਰੇਲੂ ਬਗ਼ੀਚੀ 'ਚ ਲਗਾਏ ਜਾ ਸਕਦੇ ਹਨ। •

• ਜਸਕਰਨ ਸਿੰਘ ਮਾਹਲ

ਇਸ ਸਮੇਂ ਪੰਜਾਬ ਵਿਚ 80 ਫ਼ੀਸਦੀ ਵਾਹੀਯੋਗ ਰਕਬੇ 'ਤੇ ਕਣਕ-ਝੋਨੇ ਦਾ ਫ਼ਸਲੀ ਚੱਕਰ ਅਪਣਾਇਆ ਜਾ ਰਿਹਾ ਹੈ। ਪੰਜਾਬ 'ਚ ਫ਼ਸਲੀ ਘਣਤਾ ਦੀ ਦਰ 200 ਫ਼ੀਸਦੀ ਤੋਂ ਵੀ ਟੱਪ ਗਈ ਹੈ। ਇਸ ਨਾਲ ਸੂਬੇ ਦੇ ਕੁਦਰਤੀ ਸਰੋਤਾਂ 'ਤੇ ਭਾਰੀ ਬੋਝ ਪੈ ਰਿਹਾ ਹੈ...

ਖੇਤੀ ਸਰੋਤਾਂ ਦੀ ਸੁਚੱਜੀ ਵਰਤੋਂ ਤੇ ਟਿਕਾਊ ਖੇਤੀ

ਖ਼ੁਰਾਕ ਉਤਪਾਦਨ ਵਿਚ ਭਾਰਤ ਨੂੰ ਆਤਮ-ਨਿਰਭਰ ਬਣਾਉਣ 'ਚ ਪੰਜਾਬ ਦਾ ਅਹਿਮ ਯੋਗਦਾਨ ਰਿਹਾ। 1960 ਦੇ ਦਹਾਕੇ ਵਿਚ ਵੱਧ ਝਾੜ ਦੇਣ ਵਾਲੀਆਂ ਕਣਕ ਤੇ ਝੋਨੇ ਦੀਆਂ ਕਿਸਮਾਂ ਅਪਣਾਏ ਜਾਣ ਤੇ ਇਨ੍ਹਾਂ ਨੂੰ ਉਤਸ਼ਾਹਿਤ ਕਰਨ ਨਾਲ ਕਣਕ-ਝੋਨਾ ਪੰਜਾਬ ਦਾ ਮੁੱਖ ਫ਼ਸਲੀ ਚੱਕਰ ਬਣ ਗਿਆ। ਇਸ ਸਮੇਂ 80 ਫ਼ੀਸਦੀ ਵਾਹੀਯੋਗ ਰਕਬੇ 'ਤੇ ਇਹ ਫ਼ਸਲੀ ਚੱਕਰ ਅਪਣਾਇਆ ਜਾ ਰਿਹਾ ਹੈ। ਇਸ ਵੇਲੇ ਪੰਜਾਬ 'ਚ ਫ਼ਸਲੀ ਘਣਤਾ ਦੀ ਦਰ 200 ਫ਼ੀਸਦੀ ਤੋਂ ਵੀ ਟੱਪ ਗਈ ਹੈ। ਇਸ ਨਾਲ ਸੂਬੇ ਦੇ ਕੁਦਰਤੀ ਸਰੋਤਾਂ 'ਤੇ ਭਾਰੀ ਬੋਝ ਪੈ ਰਿਹਾ ਹੈ।

ਕਣਕ-ਝੋਨੇ ਦੇ ਫ਼ਸਲੀ ਚੱਕਰ ਨੂੰ ਵੱਡੇ ਪੱਧਰ 'ਤੇ ਅਪਣਾਏ ਜਾਣ ਨਾਲ ਸੂਬੇ ਦੇ ਕੁਦਰਤੀ ਸਰੋਤ, ਖ਼ਾਸ ਕਰਕੇ ਜ਼ਮੀਨਦੋਜ਼ ਪਾਣੀ ਦੇ ਪੱਧਰ 'ਚ ਲਗਾਤਾਰ ਗਿਰਾਵਟ ਆ ਰਹੀ ਹੈ। ਫ਼ਸਲਾਂ ਦੁਆਰਾ ਖ਼ਪਤ ਕੀਤੇ ਜਾ ਰਹੇ ਜ਼ਮੀਨੀ ਤੱਤਾਂ ਦੀ ਪੂਰਤੀ ਲਈ ਰਸਇਣਕ ਖਾਦਾਂ ਦੀ ਵਰਤੋਂ, ਸਿੰਚਾਈ ਲਈ ਜ਼ਮੀਨੀਦੋਜ਼ ਪਾਣੀ ਦੀ ਵਰਤੋਂ, ਵਧ ਰਹੇ ਪ੍ਰਦੂਸ਼ਣ ਤੇ ਖੇਤੀ ਖ਼ਰਚਿਆਂ 'ਚ ਵਾਧਾ ਚਿੰਤਾ ਦਾ ਵਿਸ਼ਾ ਬਣ ਗਿਆ ਹੈ। ਇਸ ਸਮੇਂ ਪੰਜਾਬ ਵਿਚ ਰਸਇਣਕ ਖਾਦਾਂ ਦੀ ਖਪਤ 249 ਕਿੱਲੋ ਪ੍ਰਤੀ ਹੈਕਟੇਅਰ ਹੈ ਤੇ ਸਿੰਚਾਈ ਹੇਠ ਕਰੀਬ 100 ਫ਼ੀਸਦੀ ਰਕਬਾ ਹੈ, ਜੋ ਕਿ ਰਾਸਟਰੀ ਪੱਧਰ ਨਾਲੋਂ ਕਿਤੇ ਜ਼ਿਆਦਾ ਹੈ। ਹਾਲਾਂਕਿ ਝੋਨਾ ਪੰਜਾਬ ਦੀ ਰਵਾਇਤੀ ਫ਼ਸਲ ਨਹੀ ਸੀ।

1960-61 ਵਿਚ ਇਸ ਹੇਠ 2.3 ਲੱਖ ਹੈਕਟੇਅਰ ਰਕਬਾ ਸੀ, ਜੋ 2017-18 ਵਿਚ ਵਧ ਕੇ ਕਰੀਬ 30 ਲੱਖ ਹੈਕਟੇਅਰ ਹੋ ਗਿਆ ਹੈ। ਪਾਣੀ ਦੀ ਲੋੜ ਲਈ ਵੱਧ ਤੋਂ ਵੱਧ ਟਿਊਬਵੈੱਲ ਲਗਦੇ ਰਹੇ ਤੇ ਇਸ ਸਮੇਂ ਸੂਬੇ 'ਚ 14 ਲੱਖ ਟਿਊਬਵੈੱਲ ਹਨ, ਜੋ ਸਿੰਚਾਈ ਦੀ 75 ਫ਼ੀਸਦੀ ਲੋੜ ਪੂਰੀ ਕਰਦੇ ਹਨ। ਅਜੋਕੇ ਸਮੇਂ ਦੌਰਾਨ ਪੰਜਾਬ ਦੀ ਖੇਤੀ ਨੂੰ ਕਈ ਚਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਟਿਊਬਵੈੱਲਾਂ ਰਾਹੀਂ ਜ਼ਮੀਨਦੋਜ਼ ਪਾਣੀ ਦੀ ਨਿਕਾਸੀ ਕਾਰਨ ਸੂਬੇ ਦੇ 70 ਫ਼ੀਸਦੀ ਰਕਬੇ 'ਚ ਪਾਣੀ ਦਾ ਪੱਧਰ ਡੂੰਘਾ ਹੋ ਗਿਆ ਹੈ। ਇਹ ਸਮੱਸਿਆ ਕੇਂਦਰੀ ਪੰਜਾਬ 'ਚ ਗੰਭੀਰ ਰੂਪ ਧਾਰ ਗਈ ਹੈ। ਸੂਬੇ ਵਿਚ 11 ਟਨ ਪ੍ਰਤੀ ਹੈਕਟੇਅਰ (6 ਟਨ ਝੋਨਾ ਤੇ 5 ਟਨ ਕਣਕ) ਪੈਦਾਵਾਰ ਲੈਣ ਲਈ ਜ਼ਮੀਨ ਵਿਚ ਖ਼ੁਰਾਕੀ ਤੱਤਾਂ ਦੀ ਵਧੇਰੇ ਵਰਤੋਂ ਕਰਨੀ ਪੈਂਦੀ ਹੈ। ਖਾਦਾਂ ਦੀ ਬੇਹਿਸਾਬ ਵਰਤੋਂ ਕਾਰਨ ਜ਼ਮੀਨ 'ਚ ਖ਼ੁਰਾਕੀ ਤੱਤਾਂ ਦੀ ਮਾਤਰਾ ਦਾ ਸੰਤੁਲਨ ਵਿਗੜ ਰਿਹਾ ਹੈ।

ਅਜਿਹੇ ਖੇਤੀ ਢਾਂਚੇ ਵਿਚ ਵਾਤਾਵਰਨ ਦੂਸ਼ਿਤ ਹੋ ਰਿਹਾ ਹੈ, ਮਨੱਖੀ ਭੋਜਨ ਅਤੇ ਪਸ਼ੂ ਖ਼ੁਰਾਕ ਵਿਚ ਹੱਦ ਤੋਂ ਵੱਧ ਖੇਤੀ ਰਸਾਇਣ ਪਾਏ ਜਾ ਰਹੇ ਹਨ। ਘਟਦੀ ਆਮਦਨ ਤੇ ਵਧਦੇ ਖੇਤੀ ਖ਼ਰਚੇ ਦਰਮਿਆਨੇ ਤੇ ਛੋਟੇ ਕਿਸਾਨਾਂ ਨੂੰ ਕਰਜ਼ੇ ਦੇ ਮੱਕੜ ਜਾਲ 'ਚ ਫਸਾ ਰਹੇ ਹਨ। ਇਸ ਲਈ ਟਿਕਾਊ ਤੇ ਮੁਨਾਫ਼ਾਬਖ਼ਸ਼ ਖੇਤੀ ਲਈ ਢੁਕਵੇਂ ਕਦਮ ਚੁੱਕਣੇ ਬਹੁਤ ਜ਼ਰੂਰੀ ਹਨ। ਲੋੜ ਹੈ ਪ੍ਰਚਲਤ ਫ਼ਸਲੀ ਚੱਕਰ ਤੋਂ ਬਾਹਰ ਆ ਕੇ ਪਾਣੀ ਦੀ ਘੱਟ ਖਪਤ ਵਾਲੀਆਂ ਫ਼ਸਲਾਂ ਦੀ ਪੈਦਾਵਾਰ ਕੀਤੀ ਜਾਵੇ।

ਲੋੜ ਹੈ ਜ਼ਮੀਨ ਦੀ ਉਪਜਾਊ ਸ਼ਕਤੀ ਬਣਾਈ ਰੱਖਣ ਤੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਦੀ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਇਨ੍ਹਾਂ ਖੇਤੀ ਚੁਣੌਤੀਆਂ ਦੇ ਢੁੱਕਵੇਂ ਹੱਲ, ਕੁਦਰਤੀ ਸਰੋਤਾਂ ਦੀ ਸੁਚੱਜੀ ਵਰਤੋਂ ਲਈ ਨਵੀਨਤਮ ਤਕਨੀਕਾਂ ਦੇ ਵਿਕਾਸ 'ਚ ਜੀਅ-ਜਾਨ ਨਾਲ ਜੁਟੀ ਹੋਈ ਹੈ।

ਪਾਣੀ ਦੀ ਬੱਚਤ ਲਈ ਤਕਨੀਕਾਂ

ਪੀਏਯੂ ਨੇ ਕੁਦਰਤੀ ਸਰੋਤਾਂ ਦੀ ਸੁਚੱਜੀ ਵਰਤੋਂ ਦੇ ਮੰਤਵ ਨਾਲ ਪਾਣੀ ਦੀ ਬੱਚਤ ਤੇ ਖ਼ੁਰਾਕੀ ਤੱਤਾਂ ਦੀ ਯੋਗ ਵਰਤੋਂ ਲਈ ਸੁਧਰੀਆਂ ਤਕਨੀਕਾਂ ਵਿਕਸਤ ਕਰਨ 'ਤੇ ਜ਼ੋਰ ਦਿੱਤਾ ਹੈ। ਲੇਜ਼ਰ ਲੈਂਡ ਲੈਵਲਰ, ਝੋਨੇ ਦੀ ਸਿੱਧੀ ਬਿਜਾਈ, ਲੋੜ ਮੁਤਾਬਕ ਸਿੰਚਾਈ ਲਈ ਟੈਂਸ਼ੀਓਮੀਟਰ ਤੇ ਨਾਈਟ੍ਰੋਜਨ ਖਾਦ ਦੀ ਯੋਗ ਵਰਤੋਂ ਲਈ ਪੱਤਾ ਰੰਗ ਚਾਰਟ ਆਦਿ ਤਕਨੀਕਾਂ ਅਪਣਾ ਕੇ

ਪਾਣੀ ਤੇ ਖਾਦਾਂ ਦੀ ਕਾਫ਼ੀ ਬੱਚਤ ਕੀਤੀ ਜਾ ਸਕਦੀ ਹੈ। ਸੂਬੇ ਦਾ ਲਗਪਗ 100 ਫ਼ੀਸਦੀ ਰਕਬਾ ਲੇਜ਼ਰ ਲੈਂਡ ਲੈਵਲਰ ਨਾਲ ਪੱਧਰਾ ਕੀਤਾ ਗਿਆ ਹੈ। ਝੋਨੇ ਦੀ ਸਿੱਧੀ ਬਿਜਾਈ, ਖ਼ਾਸ ਕਰਕੇ ਸੇਮ ਵਾਲੀ ਜ਼ਮੀਨ 'ਤੇ ਸਿੱਧੀ ਬਿਜਾਈ ਰਾਹੀਂ ਪਾਣੀ ਦੀ ਬੱਚਤ ਕੀਤੀ ਜਾ ਸਕਦੀ ਹੈ। ਮੱਕੀ ਦੀ ਵੱਟਾਂ 'ਤੇ ਬਿਜਾਈ, ਆਲੂ, ਹਲਦੀ ਤੇ ਅਮਰੂਦਾਂ ਦੀ ਫ਼ਸਲ 'ਚ ਪਰਾਲੀ ਦੀ ਮਲਚਿੰਗ ਅਤੇ ਤੁਪਕਾ ਸਿੰਚਾਈ ਨਾਲ ਪਾਣੀ ਦੀ ਬੱਚਤ ਕੀਤੀ ਜਾ ਸਕਦੀ ਹੈ। ਪੰਜਾਬ ਪ੍ਰੀਜ਼ਰਵੇਸ਼ਨ ਆਫ ਸਬ ਸੋਇਲ ਵਾਟਰ ਐਕਟ ਲਾਗੂ ਹੋਣ ਨਾਲ ਜ਼ਮੀਨਦੋਜ਼ ਪਾਣੀ ਤੇ ਬਿਜਲੀ ਦੀ ਖਪਤ 'ਚ ਕਮੀ ਆਈ ਹੈ। ਇਸ ਤੋਂ ਇਲਾਵਾ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਦੇ ਮੱਦੇਨਜ਼ਰ ਪੀਏਯੂ ਵੱਲੋਂ ਝੋਨੇ ਦੀਆਂ ਘੱਟ ਸਮੇਂ 'ਚ ਪੱਕਣ ਵਾਲੀਆਂ ਪੀਆਰ-121, ਪੀਆਰ-123, ਪੀਆਰ-124 ਤੇ ਪੀਆਰ-126 ਕਿਸਮਾਂ ਵਿਕਸਤ ਕੀਤੀਆਂ ਗਈਆਂ ਹਨ। ਇਹ ਕਿਸਮਾਂ ਜਿੱਥੇ ਚੰਗਾ ਝਾੜ ਦਿੰਦੀਆਂ ਹਨ ਉੱਥੇ ਘੱਟ ਸਮਾਂ ਲੈਣ ਕਾਰਨ ਪਾਣੀ ਦੀ ਖਪਤ ਖਪਤ ਘੱਟ ਹੁੰਦੀ ਹੈ ਤੇ ਖੇਤੀ ਰਸਾਇਣਾਂ 'ਤੇ ਵੀ ਬਹੁਤ ਘੱਟ ਖ਼ਰਚਾ ਅਉਂਦਾ ਹੈ। ਇਹ ਕਿਸਮਾਂ ਸਿੱਧੀ ਬਿਜਾਈ ਲਈ ਵੀ ਢੁੱਕਵੀਆਂ ਹਨ। ਇਹ ਕੱਦੂ ਕਰ ਕੇ ਬੀਜੇ ਝੋਨੇ ਨਾਲੋਂ ਘੱਟ ਪਾਣੀ ਲੈਂਦੀਆਂ ਹਨ। ਖ਼ਾਸ ਖੇਤਰਾਂ ਵਿਚ ਚੰਗੀ ਗੁਣਵੱਤਾ ਵਾਲੀ ਬਾਸਮਤੀ ਦੀ ਕਾਸ਼ਤ ਕਰਨੀ ਚਾਹੀਦੀ ਹੈ। ਬਾਸਮਤੀ 'ਚ ਵੀ ਪਰਮਲ ਝੋਨੇ ਨਾਲੋਂ ਪਾਣੀ ਦੀ ਬਹੁਤ ਘੱਟ ਖਪਤ ਹੁੰਦੀ ਹੈ।

ਮਿੱਟੀ ਦੀ ਸੰਭਾਲ ਤੇ ਖਾਦਾਂ ਦੀ ਵਰਤੋਂ

ਮਿੱਟੀ ਦੀ ਸਿਹਤ ਸੰਭਾਲ, ਟਿਕਾਊ ਖੇਤੀ ਲਈ ਬਹੁਤ ਹੀ ਮਹੱਤਤਾ ਰੱਖਦੀ ਹੈ। ਭਾਵੇਂ, ਸੰਘਣੀ ਖੇਤੀ ਦੇ ਦੌਰ ਵਿਚ ਜ਼ਮੀਨ ਵਿਚਲੇ ਜੈਵਿਕ ਪਦਾਰਥਾਂ ਵਿਚ ਪਿਛਲੇ ਦਹਾਕਿਆਂ 'ਚ ਵਾਧਾ ਹੋਇਆ ਹੈ ਪਰ ਲਗਾਤਾਰ ਫ਼ਸਲੀ ਉਤਪਾਦਨ ਨਾਲ ਜ਼ਮੀਨੀ ਤੱਤਾਂ ਦਾ ਸੰਤੁਲਨ ਵਿਗੜਿਆ ਹੈ। ਪੀਏਯੂ ਨੇ ਮਿੱਟੀ ਦੀ ਸੰਭਾਲ ਸਬੰਧੀ ਕਈ ਤਕਨੀਕਾਂ ਵਿਕਸਤ ਕੀਤੀਆਂ ਹਨ। ਇਨ੍ਹਾਂ ਵਿੱਚੋਂ ਬਿਨਾਂ ਵਹਾਈ ਕਣਕ ਦੀ ਬਿਜਾਈ ਵਾਲੀ ਮਸ਼ੀਨ 'ਹੈਪੀ ਸੀਡਰ' ਨਾ ਸਿਰਫ਼ ਪਰਾਲੀ ਦੀ ਸੰਭਾਲ 'ਚ ਮਦਦਗਾਰ ਹੈ ਬਲਕਿ ਮਿੱਟੀ ਦੀ ਉਪਜਾਊ ਸ਼ਕਤੀ 'ਚ ਵਾਧਾ ਕਰਨ, ਵਾਤਾਵਰਨ ਪ੍ਰਦੂਸ਼ਣ ਘਟਾਉਣ ਤੇ ਪਾਣੀ ਦੀ ਬੱਚਤ 'ਚ ਵੀ ਲਾਹੇਵੰਦ ਹੈ।

ਮਿੱਟੀ ਦੀ ਉਪਜਾਊ ਸਕਤੀ ਬਣਾਈ ਰੱਖਣ, ਫ਼ਸਲ ਦੇ ਚੰਗੇ ਝਾੜ ਤੇ ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਲਈ ਰਸਇਣਕ ਖਾਦਾਂ ਦੀ ਸੰਤੁਲਿਤ ਵਰਤੋਂ ਹੀ ਕਰਨੀ ਚਾਹੀਦੀ ਹੈ। ਰਸਇਣਕ ਖਾਦਾਂ ਦੀ ਵਰਤੋਂ ਦੇ ਨਾਲ-ਨਾਲ ਦੇਸੀ ਖਾਦਾਂ (ਰੂੜੀ ਦੀ ਖਾਦ, ਮੁਰਗੀਆਂ ਦੀ ਖਾਦ, ਪਰੈੱਸ ਮੱਡ, ਗੋਬਰ ਗੈਸ ਪਲਾਂਟ ਦੀ ਸੱਲਰੀ, ਝੋਨੇ ਦੀ ਫੱਕ ਆਦਿ), ਜੈਵਿਕ ਖਾਦਾਂ, ਹਰੀ ਖਾਦ ਦੀ ਵੀ ਵਰਤੋਂ ਕਰਨੀ ਚਾਹੀਦੀ ਹੈ। ਦੇਸੀ ਖਾਦਾਂ ਫ਼ਸਲ ਨੂੰ ਜ਼ਰੂਰੀ ਤੱਤ ਮੁਹੱਈਆ ਕਰਵਾਉਂਦੀਆਂ ਹਨ ਤੇ ਮਿੱਟੀ 'ਚ ਜੈਵਿਕ ਮਾਦਾ ਵੀ ਬਣਾਈ ਰਖਦੀਆਂ ਹਨ। ਆਮ ਤੌਰ ਤੇ ਕਿਸਾਨ ਫ਼ਸਲਾਂ ਨੂੰ ਨਾਈਟ੍ਰੋਜਨ ਤੇ ਫਾਸਫੋਰਸ ਵਾਲੀਆਂ ਖਾਦਾਂ ਜ਼ਿਆਦਾ ਪਾਉਂਦੇ ਹਨ। ਪੋਟਾਸ਼ੀਅਮ, ਸਲਫ਼ਰ ਤੇ ਹੋਰ ਤੱਤ ਵੀ ਫ਼ਸਲੀ ਉਤਪਾਦਨ, ਖ

ਦੁਨੀਆਂ ਦਾ ਅਨੋਖਾ ਯੂਰਪੀਅਨ ਦੇਸ਼ 'ਆਸਟਰੀਆ'

– ਹਰਦੀਪ ਸਿੰਘ ਮਾਨ

ਆਓ ਇਕ ਅਜਿਹੇ ਦੇਸ਼ ਦੀ ਕਲਪਨਾ ਕਰੀਏ ਜਿਸ ਵਿਚ ਧਰਮ-ਨਿਰਪੱਖਤਾ, ਇਨਸਾਨੀ-ਬਰਾਬਰੀ, ਕਾਨੂੰਨ ਦੀ ਪਾਲਣਾਂ, ਮਨੁੱਖੀ ਅਜ਼ਾਦੀ ਅਤੇ ਹਰ ਅਦਾਰੇ ਤੇ ਨਿਯੰਤਰਣ ਹੋਵੇ, ਜਿੱਥੇ ਸਰਕਾਰੀ ਜਾਂ ਗ਼ੈਰ-ਸਰਕਾਰੀ ਅਦਾਰੇ ਰੰਗ, ਨਸਲ, ਮਜ਼ਹਬ ਅਤੇ ਵੱਖਰੀ ਦਿੱਖ ਦੇ ਆਧਾਰ ਤੋਂ ਬਿਨਾਂ ਕੰਮ ਕਰਨ। ਜੇ ਦੂਜੇ ਸ਼ਬਦਾਂ ਵਿਚ ਕਹੀਏ, ਇਕ ਆਮ ਨਾਗਰਿਕ ਆਪਣੇ ਦੇਸ਼ ਜਾਂ ਸ਼ਹਿਰ ਤੋਂ ਸ਼ੁੱਧ ਹਵਾ-ਪਾਣੀ, ਸੁਰੱਖਿਅਤ-ਜੀਵਨ, ਰੋਜ਼ਗਾਰ, ਸਰਕਾਰੀ ਸਹੂਲਤਾਂ, ਬੁਨਿਆਦੀ ਹੱਕ, ਸ਼ਾਂਤੀ ਅਤੇ ਇਨਸਾਫ਼ ਦੀ ਉਮੀਦ ਰੱਖਦਾ ਹੈ। ਹੁਣ ਦੇਖਦੇ ਹਾਂ, ਕੀ ਇਹ ਸਾਰੀਆਂ ਖੂਬੀਆਂ ਆਸਟਰੀਆ ਦੇਸ਼ ਵਿਚ ਹਨ?

ਆਸਟਰੀਆ:

ਆਸਟਰੀਆ, ਸੰਸਾਰ ਦੇ ਨਕਸ਼ੇ ਉੱਪਰ ਇਕ ਛੋਟਾ ਜਿਹਾ ਦਿਸਣ ਵਾਲਾ ਦੇਸ਼ ਅੱਜ ਤੋਂ 92 ਸਾਲ ਪਹਿਲਾਂ ਬਹੁਤ ਵੱਡਾ ਹੁੰਦਾ ਸੀ। ਪੂਰੇ ਦੇ ਪੂਰੇ ਦੇਸ਼ ਚੈਕੋ, ਸਲਾਵਾਕੀਆ, ਹੰਗਰੀ, ਸਲਵੇਨੀਆ, ਲਿਖਤਨਸਟਾਈਨ ਅਤੇ ਕੁਝ ਇਲਾਕੇ ਰੁਮਾਨੀਆ, ਇਟਲੀ, ਪੋਲੈਂਡ ਅਤੇ ਯੂਕਰੇਨ ਦੇ ਆਸਟਰੀਆ ਵਿਚ ਸ਼ਾਮਲ ਸਨ। ਆਸਟਰੀਆ ਵਾਰੇ ਬਹੁਤੇ ਲੋਕਾਂ ਨੂੰ ਜਾਣਕਾਰੀ ਨਾ ਹੋਣ ਕਰਕੇ ਉਹ ਇਸ ਨੂੰ ਆਸਟਰੇਲੀਆ ਨਾਂਵ ਤੇ ਬਦਲ ਦਿੰਦੇ ਹਨ। ਆਸਟਰੀਆ ਦਾ ਖ਼ੇਤਰਫਲ 83,858 ਵਰਗ ਕਿਲੋਮੀਟਰ ਹੈ, ਭਾਵ ਭਾਰਤ ਦਾ ਇਕ ਰਾਜ 'ਅਰੁਣਾਚਲ ਪ੍ਰਦੇਸ਼' ਪੂਰੇ ਆਸਟਰੀਆ ਦੇ ਬਰਾਬਰ ਹੈ। ਆਸਟਰੀਆ ਦੇ 9 ਰਾਜ ਹਨ। 'ਵਿਆਨਾ' ਆਸਟਰੀਆ ਦੀ ਰਾਜਧਾਨੀ ਹੈ। ਆਸਟਰੀਆ ਦੇ ਅੱਠ ਗੁਆਢੀ ਦੇਸ਼ਾਂ ਦੇ ਨਾਮ ਜਰਮਨੀ, ਸਵਿਟਜ਼ਰਲੈਂਡ, ਲਿਖਤਨਸਟਾਈਨ, ਇਟਲੀ, ਸਲਵੇਨੀਆ, ਹੰਗਰੀ, ਸਲਾਵਾਕੀਆ ਅਤੇ ਚੈਕੋ ਹਨ। ਇਸ ਦੇਸ਼ ਦਾ ਕਾਨੂੰਨੀ ਕੋਈ ਧਰਮ ਨਹੀਂ। ਵੈਸੇ, ਆਸਟਰੀਆ ਵਿਚ 78% ਕੈਥੋਲਿਕ, 5% ਪ੍ਰੋਟੈਸਟੈਂਟ, 2% ਮੁਸਲਮ ਧਰਮ ਦੇ ਲੋਕ ਰਹਿੰਦੇ ਹਨ। ਇੱਥੋਂ ਦੀ ਬੋਲੀ ਨੂੰ ਅੰਗ੍ਰੇਜ਼ੀ ਵਿਚ 'ਜਰਮਨ' ਅਤੇ ਜਰਮਨ ਵਿਚ 'ਡੁਚ' ਕਹਿੰਦੇ ਹਨ, ਭਾਵ ਇਸ ਦੇਸ਼ ਨੂੰ ਅੰਗ੍ਰੇਜ਼ੀ ਵਿਚ 'ਆਸਟਰੀਆ' ਅਤੇ ਜਰਮਨ ਜਾਂ ਡੁਚ ਵਿਚ 'ਉਸਟਰਾਹੀਖ਼' ਕਹਿੰਦੇ ਹਨ, ਇਸੇ ਤਰ੍ਹਾਂ ਹੀ ਰਾਜਧਾਨੀ ਨੂੰ ਅੰਗ੍ਰੇਜ਼ੀ ਵਿਚ 'ਵਿਆਨਾ' ਅਤੇ ਜਰਮਨ ਜਾਂ ਡੁਚ ਵਿਚ 'ਵੀਨ' ਕਹਿੰਦੇ ਹਨ।

ਸਰਵੇਖਣਾਂ ਅਨੁਸਾਰ ਆਸਟਰੀਆ ਵਿਚ ਜ਼ਿਆਦਾਤਰ ਮਰਦ 75 ਸਾਲ ਅਤੇ ਔਰਤਾਂ 81 ਸਾਲ ਤੱਕ ਉਮਰ ਭੋਗਦੀਆਂ ਹਨ। ਆਸਟਰੀਆ ਵਿਚ ਸਿਰਫ਼ ਚਾਰ ਰਾਜਨੀਤਿਕ ਪਾਰਟੀਆਂ ਤਾਕਤ ਵਿਚ ਹਨ। ਆਸਟਰੀਅਨ ਨਾਗਰਿਕ ਨੂੰ ਆਮ ਤੌਰ ਤੇ 20% ਟੈਕਸ ਦੇਣਾਂ ਪੈਂਦਾ ਹੈ। ਆਸਟਰੀਆ ਦੀ ਤਰੱਕੀ ਦਾ ਰਾਜ ਇੱਥੇ ਵੱਡੀ ਗਿਣਤੀ ਵਿਚ ਸੈਲਾਨੀਆਂ ਦਾ ਆਉਣਾਂ ਹੈ। ਸਾਲ ਦੇ 1.5 ਮਿਲੀਅਨ ਸੈਲਾਨੀ ਇੱਕਲੇ ਵਿਆਨਾ ਨੂੰ ਦੇਖਣ

ਆਉਂਦੇ ਹਨ ਅਤੇ ਇਹ ਗਿਣਤੀ ਹਰ ਸਾਲ ਵੱਧ ਵੀ ਜਾਂਦੀ ਹੈ। ਆਸਟਰੀਆ ਵੀ ਦੇਸ਼ ਬਾਰੇ ਮਸ਼ਹੂਰੀ ਅਤੇ ਸੈਲਾਨੀਆਂ ਦੀ ਮੰਗਾਂ ਨੂੰ ਪੂਰੀਆਂ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਇਸ ਦੇਸ਼ ਨੇ ਹਰ ਤਰ੍ਹਾਂ ਦੇ ਮਹਾਨ ਵਿਅਕਤੀ ਪੈਦਾ ਕੀਤੇ ਜਿਵੇਂ ਅਭਿਨੇਤਾ, ਖਿਡਾਰੀ, ਲੇਖਕ, ਸੰਗੀਤਕਾਰ ਵਗੈਰਾ ਵਗੈਰਾ, ਜਿਨ੍ਹਾਂ ਨੇ ਸੰਸਾਰ ਭਰ ਵਿਚ ਆਸਟਰੀਆ ਦਾ ਨਾਮ ਉੱਚਾ ਕੀਤਾ ਅਤੇ ਕਰ ਰਹੇ ਹਨ। ਮਸ਼ਹੂਰ ਅਭਿਨੇਤਾ 'ਆਰਨੋਲਡ ਸਵਾਰਚੇਨੀਗਰ', ਜਿਸ ਨੇ 'ਕਮਾਡੋ' ਅਤੇ 'ਦਾ ਟਰਮੀਨੇਟਰ' ਵਰਗੀਆਂ ਅੰਗ੍ਰੇਜ਼ੀ ਫਿਲਮਾਂ ਵਿਚ ਕੰਮ ਕੀਤਾ ਅਤੇ ਹੁਣ ਵੀ ਉਸ ਦੀਆਂ ਨਵੀਆਂ ਫਿਲਮਾਂ ਆ ਰਹੀਆਂ ਹਨ, ਉਸ ਦਾ ਜਨਮ ਆਸਟਰੀਆ ਦੇ ਇਕ ਸ਼ਹਿਰ 'ਗਰਾਸ' ਵਿਚ ਹੀ ਹੋਇਆ ਹੈ। ਆਸਟਰੀਆ ਦੇ ਇਕ ਸੰਸਾਰ ਪ੍ਰਸਿੱਧ ਖਿਡਾਰੀ ਦਾ ਨਾਮ 'ਹਰਮਨ ਮਾਅਰ' ਹੈ, ਜਿਸ ਨੇ ਸਰਦੀ-ਰੁੱਤ ਦੀਆਂ ਖੇਡਾਂ ਵਿਚ ਆਸਟਰੀਆ ਲਈ ਕਈ ਸੋਨੇ ਦੇ ਤਮਗੇ ਜਿੱਤੇ। ਜਿਸ ਤਰ੍ਹਾਂ ਆਰਨੋਲਡ ਨੂੰ ਲੋਕੀਂ ਪਿਆਰ ਨਾਲ 'ਟਰਮੀਨੇਟਰ' ਕਹਿੰਦੇ ਹਨ, ਉਸੇ ਤਰ੍ਹਾਂ ਹਰਮਨ ਨੂੰ 'ਹਰਮੀਨੇਟਰ' ਕਹਿੰਦੇ ਹਨ।

ਆਬਾਦੀ ਘੱਟ ਹੋਣ ਕਰਕੇ ਹਰ ਆਸਟਰੀਅਨ ਨਾਗਰਿਕਤਾ ਪ੍ਰਾਪਤ ਮਰਦ ਨੂੰ 18 ਤੋਂ 35 ਸਾਲ ਦੀ ਉਮਰ ਦੇ ਵਿਚ 8 ਮਹੀਨੇ ਫ਼ੌਜ ਦੀ ਸਿਖਲਾਈ ਲਈ ਜਾਣਾਂ ਪੈਂਦਾ ਹੈ, ਤਾਂਕਿ ਲੜਾਈ ਲੱਗਣ ਤੇ ਸਾਰੇ ਮਰਦ ਆਪਣੇ ਕੰਮ-ਕਾਰ ਛੱਡ ਕੇ ਦੇਸ਼ ਲਈ ਲੜ੍ਹਨ ਲਈ ਪਹਿਲਾਂ ਤੋਂ ਹੀ ਤਿਆਰ ਰਹਿਣ। ਔਰਤਾਂ ਫ਼ੌਜੀ ਸਿਖਲਾਈ ਜਾਂ ਫ਼ੌਜ ਵਿਚ ਭਰਤੀ ਹੋਣ ਲਈ ਸਵੈ-ਇਛੁਕ ਜਾ ਸਕਦੀਆਂ ਹਨ, ਪਰ ਸਰੀਰਕ ਅਤੇ ਮਾਨਸਿਕ ਤੌਰ ਤੇ ਸੰਪੂਰਨ ਮਰਦਾਂ ਨੂੰ ਕਾਨੂੰਨੀ ਜਾਣਾਂ ਪੈਂਦਾ ਹੈ। ਫ਼ੌਜੀ ਸਿਖਲਾਈ ਦੌਰਾਨ ਸਰਕਾਰੀ ਬਿੱਲ ਮਾਫ਼ ਕਰ ਦਿੱਤੇ ਜਾਂਦੇ ਹਨ ਅਤੇ ਫ਼ੌਜੀ ਦੇ ਖਰਚਿਆਂ ਅਨੁਸਾਰ ਮਾਲੀ ਮਦਦ ਵੀ ਦਿੱਤੀ ਜਾਂਦੀ ਹੈ। ਆਸਟਰੀਆ ਵਿਚ 6 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਸਕੂਲੇ ਜਾਣਾਂ ਜ਼ਰੂਰੀ ਹੈ। ਇੱਥੇ ਸਰਕਾਰੀ ਸਕੂਲਾਂ ਦੀ ਪੜ੍ਹਾਈ ਮੁਫ਼ਤ ਹੈ, ਸਿਰਫ਼ ਕਿਤਾਬਾਂ ਦੀ 10% ਕੀਮਤ ਦੇਣੀ ਪੈਂਦੀ ਹੈ, ਪਰ ਉਨੀ ਕੁ ਸਰਕਾਰ ਵਲੋਂ ਵੀ ਮਾਲੀ ਮਦਦ ਮਿਲ ਜਾਂਦੀ ਹੈ। ਯੂਨੀਵਰਸਿਟੀ ਵਿਚ ਪੜ੍ਹਨਾਂ ਵੀ ਇਸੇ ਤਰ੍ਹਾਂ ਹੀ ਹੈ, ਸਰਕਾਰ ਪੜ੍ਹਾਈ ਦਾ ਖ਼ਰਚਾ ਇਕ ਹੱਥ ਦੇ ਕੇ ਦੂਜੇ ਹੱਥ ਲੈ ਲੈਂਦੀ ਹੈ। ਵਿਦਿਆਰਥੀਆਂ ਨੂੰ ਹੋਰ ਬਹੁਤ ਸਾਰੀਆਂ ਸਹੂਲਤਾਂ ਮਿਲਦੀਆਂ ਹਨ, ਜਿਵੇਂ ਜਨਤਕ ਗੱਡੀਆਂ ਦੇ ਪਾਸ ਵਿਚ ਛੋਟ।

ਆਸਟਰੀਆ ਵਿਚ ਪਿਛਲੇ ਕੁਝ ਸਾਲਾਂ ਤੋਂ ਬਹੁਤ ਘੱਟ ਬੱਚੇ ਪੈਦਾ ਕੀਤੇ ਜਾ ਰਹੇ ਹਨ, ਸਾਲ 2001 ਵਿਚ ਪਿਛਲੇ ਸਾਲ ਨਾਲੋਂ 3000 ਬੱਚੇ ਘੱਟ ਪੈਦਾ ਹੋਏ, ਇਸ ਲਈ ਸਰਕਾਰ ਦੇਸ਼ ਦੇ ਭਵਿੱਖ ਲਈ ਬਹੁਤ ਚਿੰਤਕ ਹੈ। ਕਿਉਂਕਿ ਜੇ ਦੇਸ਼ ਦੀ ਆਬਾਦੀ ਵਿਚ ਵਾਧਾ ਨਹੀਂ ਹੁੰਦਾ ਜਾਂ ਬਹੁਤ ਹੌਲੀ ਹੁੰਦਾ ਹੈ ਤਾਂ ਪੈਨਸ਼ਨਾਂ ਕੌਣ ਭਰੇਗਾ? ਚਿੰਤਕਾਂ ਨੂੰ ਡਰ ਹੈ ਕਿ ਜੇ ਆਬਾਦੀ ਵਿਚ ਵਾਧਾ ਨਹੀਂ ਹੋਇਆ ਤਾਂ ਸਾਲ 2035 ਵਿਚ ਪੈਨਸ਼ਨਾਂ ਦੇਣੀਆਂ ਅਸੰਭਵ ਹ�ो ਜਾਣਗੀਆਂ। ਇਸੇ ਕਰਕੇ ਵੱਧ ਤੋਂ ਵੱਧ ਬੱਚੇ ਪੈਦਾ ਕਰਨ ਦਾ ਲਾਲਚ ਦਿੱਤਾ ਜਾ ਰਿਹਾ ਹੈ, ਜਿਵੇਂ ਸਰਕਾਰ ਵਲੋਂ ਬੱਚਿਆਂ ਦੇ ਪਾਲਣ-ਪੋਸ਼ਣ ਲਈ ਮਾਲੀ ਮਦਦ ਦੇਣੀ, ਮਾਂ ਕੋਲੋਂ ਬੱਚੇ ਦੇ ਬਾਪ ਦਾ ਨਾਮ ਨਾ ਪੁੱਛਣਾਂ। ਹੋਰ ਵਿਕਸਿਤ ਦੇਸ਼ ਵਾਂਗ ਇੱਥੇ ਵੀ ਬੱਚਿਆਂ ਨੂੰ ਮਾਰਨਾ-ਕੁੱਟਣਾਂ ਕਾਨੂੰਨੀ ਜ਼ੁਲਮ ਹੈ। ਸਕੂਲਾਂ ਵਿਚ ਸਮੇਂ ਸਮੇਂ ਤੇ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਜਾਂਚ ਕੀਤੀ ਜਾਂਦੀ ਹੈ। ਮਾਂ-ਬਾਪ ਨੂੰ ਵੀ ਬੱਚੇ ਦੇ ਪਾਲਣ-ਪੋਸ਼ਣ ਲਈ ਸਰਕਾਰ ਵਲੋਂ ਵੀ ਮਾਲੀ ਮਦਦ ਦੇ ਨਾਲ ਨਾਲ ਸਖ਼ਤ ਹਦਾਇਤਾਂ ਵੀ ਦਿੱਤੀਆਂ ਜਾਂਦੀਆਂ ਹਨ। ਰਾਤਾਂ ਨੂੰ ਛੋਟੀ ਉਮਰ ਦੇ ਬੱਚਿਆਂ ਨੂੰ ਨਾਲ ਲੈ ਕੇ ਘੁੰਮਣਾਂ ਮਨ੍ਹਾਂ ਹੈ। ਹੋਰ ਜੋ ਸਭ ਕੁਝ ਬਾਕੀ ਵਿਕਸਿਤ ਦੇਸ਼ਾਂ ਵਿਚ ਹੁੰਦਾ ਹੈ, ਉਹ ਇੱਥੇ ਵੀ ਹੁੰਦਾ ਹੈ। ਇੱਥੇ ਵੀ ਜਵਾਨ ਮੁੰਡੇ-ਕੁੜੀਆਂ ਨੂੰ ਹੱਦੋਂ ਵੱਧ ਆਜ਼ਾਦੀ ਹੈ। ਸੜਕਾਂ ਤੇ ਨੰਗੇਜ਼ਵਾਦ ਅਤੇ ਮੁੰਡੇ-ਕੁੜੀਆਂ ਦੀਆਂ ਅਸ਼ਲੀਲ ਹਰਕਤਾਂ ਆਮ ਦੇਖਣ 'ਚ ਆਉਂਦੀਆਂ ਹਨ। ਕੁੜੀਆਂ 22 ਸਾਲਾਂ ਦੀਆਂ ਹੋ ਕੇ ਪਰਿਵਾਰ ਨਾਲੋਂ ਵੱਖ ਹੋ ਕੇ ਰਹਿਣ ਲੱਗ ਪੈਂਦੀਆਂ ਹਨ ਅਤੇ ਮੁੰਡੇ 24 ਸਾਲ ਦੇ। ਵਿਆਨਾ ਵਿਚ 44.5% ਲੋਕ ਇੱਕਲੇ ਰਹਿ ਰਹੇ ਹਨ। ਇੱਥੇ ਵੀ ਬੰਦੇ ਬੰਦਿਆਂ ਨਾਲ ਵਿਆਹ ਕਰਵਾਈ ਜਾ ਰਹੇ ਹਨ ਅਤੇ ਔਰਤਾਂ ਔਰਤਾਂ ਨਾਲ। ਅਣ-ਵਿਆਹੇ ਇੱਕਠਿਆਂ ਰਹਿਣ ਦਾ ਰੁਝਾਨ ਵੱਧ ਰਿਹਾ ਹੈ। ਆਸਟਰੀਆ ਵਿਚ ਸਾਲ 2001 ਪੈਦਾ ਹੋਏ ਹਰ ਤੀਜੇ ਬੱਚੇ ਦੇ ਮਾਂ-ਬਾਪ ਅਣ-ਵਿਆਹੇ ਹਨ।

ਆਬਾਦੀ: ਇਸ ਦੇਸ਼ ਦੀ ਜਨਸੰਖਿਆ ਸਾਲ 2001 ਦੇ ਸਰਕਾਰੀ ਅੰਕੜਿਆਂ ਅਨੁਸਾਰ 80,65,465 ਸੀ। ਹੈਰਾਨੀ ਦੀ ਗੱਲ ਹੈ ਕਿ ਇਸ ਦੇ ਸਾਰੇ ਹੀ ਰਾਜਾਂ ਵਿਚ ਔਰਤਾਂ ਦੀ ਗਿਣਤੀ ਜ਼ਿਆਦਾ ਹੈ। ਇਕੱਲੇ ਵਿਆਨਾ ਸ਼ਹਿਰ ਵਿਚ ਮਰਦਾਂ ਨਾਲੋਂ 86,000 ਜ਼ਿਆਦਾ ਔਰਤਾਂ ਰਹਿ ਰਹੀਆਂ ਹਨ, ਕੁਝ ਲੋਕਾਂ ਲਈ ਸ਼ਾਇਦ ਇਹ ਸਵਰਗ ਦੀ ਕਲਪਨਾ ਹੋਵੇਗੀ। ਮਰਦਾਂ ਅਤੇ ਔਰਤਾਂ ਦਾ ਵੱਡੀ ਗਿਣਤੀ ਵਿਚ ਇਹ ਅੰਤਰ ਸੰਸਾਰ ਯੁੱਧਾਂ ਵਿਚ ਬਹੁਤੇ ਮਰਦਾਂ ਦਾ ਮਾਰੇ ਜਾਣਾ ਅਤੇ ਵਿਕਸਿਤ ਸਮਾਜ ਵਿਚ ਧੀ-ਪੁੱਤਰ ਨੂੰ ਇਕ ਬਰਾਬਰ ਸਮਝਣਾਂ ਹੈ। ਪਿਛਲੇ ਦਸ ਸਾਲਾਂ ਵਿਚ ਆਸਟਰੀਆ ਦੀ ਆਬਾਦੀ 3.5% ਵਧੀ ਹੈ। ਸਾਰੇ ਆਸਟਰੀਆ ਵਿਚ 9.3% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ, ਜੋ ਕਿ ਯੂਰਪੀਅਨ ਯੂਨੀਅਨ ਦੇਸ਼ਾਂ ਨਾਲੋਂ ਸਭ ਤੋਂ ਵੱਧ ਹੈ। ਪ੍ਰਵਾਸੀਆਂ ਵਿਚ ਜ਼ਿਆਦਾ ਯੂਗੋ, ਸਲਾਵੀਅਨ, ਟੁਰਕੀ ਅਤੇ ਪੋਲੈਂਡੀਅਨ ਹਨ।

ਅਖ਼ਬਾਰਾਂ ਵੇਚਣ ਦੇ ਕੰਮ ਲਈ ਵਿਸ਼ੇਸ਼ ਵੀਜ਼ੇ ਖੁਲ੍ਹਣ ਕਰਕੇ ਸਾਲ 1980 ਵਿਚ ਭਾਰਤੀਆ ਨੇ ਆਸਟਰੀਆ ਆਉਣਾਂ ਸ਼ੁਰੂ ਕੀਤਾ। ਆਸਟਰੀਆ ਵਿਚ ਸਾਲ 2001 ਵਿਚ 5127 ਭਾਰਤੀ ਨਾਗਰਿਕਤਾ ਵਾਲੇ ਦਰਜ ਸਨ। ਪਿਛਲੇ ਸਾਲ 91 ਭਾਰਤੀ ਬੱਚਿਆਂ ਨੇ ਆਸਟਰੀਆ ਵਿਚ ਜਨਮ ਲਿਆ। 678 ਭਾਰਤੀਆਂ ਨੇ ਸਾਲ 2001 ਵਿਚ ਆਸਟਰੀਅਨ ਪਾਸਪੋਰਟ ਲਏ, ਜਿਨ੍ਹਾਂ ਵਿਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਸਨ। ਸਰਕਾਰੀ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਆਸਟਰੀਆ ਦੇ ਸਾਰੇ ਰਾਜਾਂ ਵਿਚ ਆਪਣੇ ਭਾਰਤੀ ਹਨ, ਪਰ ਵੱਡੀ ਗਿਣਤੀ, ਸਾਲ 2001 ਵਿਚ 3756 ਭਾਰਤੀ ਨਾਗਰਿਕਤਾ ਵਾਲੇ, ਵਿਆਨਾ ਵਿਚ ਹੀ ਹੈ। ਜੇ ਸਾਰੇ ਆਸਟਰੀਆ ਵਿਚ ਸਾਲ 1979 ਤੋਂ ਲੈ ਕੇ ਸਾਲ 2001 ਤੱਕ ਭਾਰਤੀ ਪਾਸਪੋਰਟਾਂ ਨੂੰ ਦੇ ਕੇ ਆਸਟਰੀਅਨ ਪਾਸਪੋਰਟ ਲੈਣ ਵਾਲਿਆਂ ਦੀ ਗਿਣਤੀ ਦਾ ਕੁਲ ਜੋੜ ਲਾਈਏ ਤਾਂ ਇਹ 5670 ਬਣਦੀ ਹੈ। ਜ਼ਿਆਦਾਤਰ ਪੰਜਾਬ ਅਤੇ ਕੇਰਲਾ ਤੋਂ ਭਾਰਤੀ ਆਸਟਰੀਆ ਵਿਚ ਹਨ। ਦੇਖਣ ਵਿਚ ਆਇਆ ਹੈ ਕਿ ਇੱਥੇ ਹੋਰ ਦੇਸ਼ਾਂ ਦੇ ਨਾਗਰਿਕਾਂ ਨਾਲੋਂ ਭਾਰਤੀਆਂ ਨੂੰ ਵੀਜ਼ੇ ਅਤੇ ਆਸਟਰੀਅਨ ਪਾਸਪੋਰਟ ਸੌਖੇ ਅਤੇ ਛੇਤੀ ਮਿਲ ਜਾਂਦੇ ਹਨ। ਸ਼ਾਇਦ ਇਨ੍ਹਾਂ ਨੂੰ ਭਾਰਤੀਆਂ ਦੇ ਮਿਹਨਤੀ, ਅਮਨਪਸੰਦ ਅਤੇ ਖੁਲ੍ਹੇ ਸੁਭਾਅ ਵਾਰੇ ਪਤਾ ਹੈ। ਸਾਲ 2001 ਵਿਚ 429 ਭਾਰਤੀ ਆਸਟਰੀਆ ਛੱਡ ਕੇ ਚਲੇ ਗਏ। ਸਰਕਾਰੀ ਅੰਕੜਿਆਂ ਅਨੁਸਾਰ ਸਾਲ 1978 ਵਿਚ ਪਹਿਲੀ ਬਾਰ 8 ਭਾਰਤੀਆਂ ਨੇ ਆਸਟਰੀਅਨ ਸਿਆਸੀ-ਪਨਾਹ ਲਈ ਸੀ, ਪਰ ਸਾਲ 2000 ਵਿਚ ਇਹ ਵਧ ਕੇ 2441 ਹੋ ਗਈ। ਸਾਲ 2001 ਵਿਚ 1804 ਭਾਰਤੀ ਸਿਆਸੀ ਪਨਾਹਗੀਰ ਸਨ। ਸਭ ਤੋਂ ਵੱਧ ਇੱਥੇ ਅਫ਼ਗਾਨਿਸਤਾਨ ਅਤੇ ਇਰਾਨ ਤੋਂ ਲੋਕ ਸਿਆਸੀ ਪਨਾਹ ਲਈ ਆਉਂਦੇ ਹਨ।

ਵਿਆਨਾ: ਕਿਉਂਕਿ ਹਰ ਦੇਸ਼ ਦੀ ਰਾਜਧਾਨੀ ਉਸ ਦੇਸ਼ ਦਾ ਕੇਂਦਰੀ ਧੁਰਾ ਹੁੰਦਾ ਹੈ, ਇਸ ਕਰਕੇ 'ਵਿਆਨਾ' ਬਾਰੇ ਵਿਸਥਾਰਪੂਰਕ ਦੱਸਦੇ ਹਾਂ। ਵਿਆਨਾ ਵਿਚ ਰੋਜ਼ਗਾਰ ਦੇ ਸਾਧਨ ਜ਼ਿਆਦਾ ਹੋਣ ਕਰਕੇ ਇੱਥੇ ਸੰਸਾਰ ਦੇ ਸਾਰੇ ਦੇਸ਼ਾਂ ਦੇ ਲੋਕ ਰਹਿੰਦੇ ਹਨ। ਸਾਲ 2001 ਵਿਚ ਸਿਰਫ਼ 6.1% ਨਾਗਰਿਕ ਆਸਟਰੀਆ ਵਿਚ ਬੇਰੁਜ਼ਗਾਰ ਸਨ। ਭਾਵੇਂ ਵਿਆਨਾ ਆਸਟਰੀਆ ਦੇ ਬਾਕੀ ਰਾਜਾਂ ਨਾਲੋਂ ਸਭ ਤੋਂ ਛੋਟਾ ਹੈ, ਪਰ ਰਾਜਧਾਨੀ ਹੋਣ ਕਰਕੇ ਇਸ ਦੀ ਆਬਾਦੀ (15,62,482) ਬਾਕੀ ਰਾਜਾਂ ਨਾਲੋਂ ਜ਼ਿਆਦਾ ਹੈ, ਇਸੇ ਕਰਕੇ ਹੀ ਸਾਰੇ ਰਾਜਾਂ ਨਾਲੋਂ ਵੱਧ ਵਿਆਨਾ ਦੇ 17.7% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ।

ਵਿਆਨਾ ਵਿਚ ਜਗ੍ਹਾ ਥੋੜ੍ਹੀ ਅਤੇ ਆਬਾਦੀ ਜ਼ਿਆਦਾ ਹੋਣ ਕਰਕੇ ਜ਼ਿਆਦਾਤਰ ਲੋਕ ਫਲੈਟਾਂ (ਬਿਲਡਿੰਗਾਂ) ਵਿਚ ਰਹਿੰਦੇ ਹਨ, ਸਿਰਫ਼ 8.1% ਲੋਕ ਆਪਣੇ ਘਰਾਂ (ਹਾਊਸ) ਵਿਚ ਰਹਿੰਦੇ ਹਨ। ਵਿਆਨਾ ਦੇ ਫਲੈਟਾਂ ਦੀ ਕੀਮਤ ਲਗਪਗ ਇੰਗਲੈਂਡ ਦੇ ਘਰਾਂ ਜਿੰਨੀ ਹੈ। ਆਸਟਰੀਆ ਵਿਚ ਕੰਮ ਕਰਨ ਵਾਲਿਆਂ ਨੂੰ ਸਾਲ ਦੀਆਂ ਚੌਦਾਂ ਤਨਖ਼ਾਹਾਂ ਮਿਲਦੀਆਂ ਹਨ ਅਤੇ ਸਾਲ ਦੀਆਂ 15 ਸਰਕਾਰੀ ਛੁੱਟੀਆਂ ਹੁੰਦੀਆਂ ਹਨ। ਵਧੇਰੇ ਸਰਕਾਰੀ ਛੁੱਟੀਆਂ ਦੀ ਗਿਣਤੀ ਵਿਚ ਵੀ ਆਸਟਰੀਆ ਮੋਹਰੀ ਦੇਸ਼ਾਂ ਵਿਚ ਆਉਂਦਾ ਹੈ। ਇਸ ਤੋਂ ਇਲਾਵਾ ਕਾਮਾਂ ਤਨਖ਼ਾਹ ਤੇ ਸਾਲ ਵਿਚ ਪੰਜ ਹਫ਼ਤੇ ਦੀਆਂ ਛੁੱਟੀਆਂ ਲੈ ਸਕਦਾ ਹੈ। ਵਿਆਨਾ ਦੀ ਸਫ਼ਾਈ ਦੀ ਗੱਲ ਕਰੀਏ ਤਾਂ ਇੱਥੇ ਹਰ ਤਰ੍ਹਾਂ ਦੇ ਕੂੜੇ ਲਈ ਵੱਖਰਾ ਕੂੜੇਦਾਨ ਹੈ। ਜ਼ਿਆਦਾਤਰ ਬਹੁ-ਮੰਜ਼ਿਲੀ ਇਮਾਰਤਾਂ ਵਿਚ ਦੋ ਤਰ੍ਹਾਂ ਦੇ ਕੂੜੇਦਾਨ ਹੁੰਦੇ ਹਨ।

ਇਕ ਵਿਚ ਕਾਗਜ਼ ਅਤੇ ਦੂਸਰੇ ਵਿਚ ਸਭ ਕੁਝ ਸੁੱਟ ਸਕਦੇ ਹੋ। ਬਿਲਡਿੰਗਾਂ ਤੋਂ ਕੁਝ ਦੂਰੀ ਤੇ ਛੇ ਤਰ੍ਹਾਂ ਦੇ ਕੂੜੇਦਾਨ ਰੱਖੇ ਹੁੰਦੇ ਹਨ, ਜਿਨ੍ਹਾਂ ਵਿਚ ਪਲਾਸਟਿਕ, ਫੁੱਲ-ਬੂਟੇ, ਰੰਗੀਨ ਕੱਚ, ਚਿੱਟਾ ਕੱਚ, ਲੋਹਾ ਅਤੇ ਕੱਪੜੇ ਸੁੱਟੇ ਜਾਂਦੇ ਹਨ।

ਕਥਾ ਪ੍ਰਵਾਹ

ਤਿੰਨ ਬਹਾਦਰ ਯੋਧੇ

–ਬਲਦੇਵ ਸਿੰਘ ਸਿੱਧੂ

ਜੇ ਅਸੀਂ ਵਿਸ਼ਵ ਦੇ ਇਤਿਹਾਸ ਦੇ ਪੰਨੇ ਵੇਖੀਏ-ਪੜ੍ਹੀਏ ਤਾਂ ਹਰੇਕ ਦੇਸ਼ ਅਤੇ ਕੌਮ ਦਾ ਇਤਿਹਾਸ ਵੀਰਾਂ-ਬਹਾਦਰਾਂ ਦੀਆਂ ਕਹਾਣੀਆਂ ਨਾਲ ਭਰਿਆ ਹੋਇਆ ਹੈ। ਹਰ ਕਾਲ ਤੇ ਯੁੱਗ ਵਿੱਚ ਅਜਿਹੇ ਸੂਰਮੇ ਹੋਏ ਹਨ ਜਿਨ੍ਹਾਂ ਨੇ ਆਪਣੇ ਸਾਹਸ ਭਰੇ ਕਾਰਨਾਮਿਆਂ ਨਾਲ ਲੋਕਾਂ 'ਚ ਉਤਸ਼ਾਹ ਪੈਦਾ ਕਰ ਕੇ ਉਨ੍ਹਾਂ ਨੂੰ ਪ੍ਰੇਰਨਾ ਦਿੱਤੀ। ਇਹ ਕਹਾਣੀ ਹਜ਼ਾਰਾਂ ਸਾਲ

ਸੰਪਾਦਕੀ

ਲੈਬਨਾਨ ਵਿੱਚ ਪੇਜਰ ਧਮਾਕੇ

ਲੈਬਨਾਨ ਵਿੱਚ ਮੰਗਲਵਾਰ ਅਤੇ ਬੁੱਧਵਾਰ ਨੂੰ ਹੋਏ ਪੇਜਰ ਅਤੇ ਵਾਕੀ ਟਾਕੀ ਧਮਾਕਿਆਂ ਨਾਲ ਇਸਰਾਈਲ ਅਤੇ ਹਿਜ਼ਬੁੱਲ੍ਹਾ ਵਿਚਕਾਰ ਚੱਲ ਰਿਹਾ ਟਕਰਾਅ ਹੋਰ ਤੇਜ਼ ਹੋ ਜਾਣ ਦਾ ਖ਼ਦਸ਼ਾ ਹੈ। ਇਨ੍ਹਾਂ ਧਮਾਕਿਆਂ ਵਿੱਚ ਹੁਣ ਤੱਕ ਦੋ ਬੱਚਿਆਂ ਸਣੇ 21 ਜਣੇ ਮਾਰੇ ਗਏ ਅਤੇ ਲਗਭਗ 3300 ਲੋਕ ਜ਼ਖ਼ਮੀ ਹੋ ਗਏ ਹਨ। ਹਿਜ਼ਬੁੱਲ੍ਹਾ ਦੇ ਸੰਚਾਰ ਉਪਕਰਨਾਂ ਨੂੰ ਨਿਸ਼ਾਨਾ ਬਣਾਉਣ ਲਈ ਜਿਸ ਤਰ੍ਹਾਂ ਸੂਖ਼ਮ ਤਕਨੀਕ ਦਾ ਇਸਤੇਮਾਲ ਕੀਤਾ ਗਿਆ ਹੈ ਉਸ ਤੋਂ ਪਤਾ ਲਗਦਾ ਹੈ ਕਿ ਖ਼ਿੱਤੇ ਅੰਦਰ ਸੰਘਰਸ਼ ਲੰਮਾ ਖਿੱਚ ਸਕਦਾ ਹੈ ਅਤੇ ਇਸ ਨਾਲ ਹਿਜ਼ਬੁੱਲ੍ਹਾ ਦੀ ਅਪਰੇਸ਼ਨਲ ਸੁਰੱਖਿਆ ਵਿਚਲੀਆਂ ਖ਼ਾਮੀਆਂ ਵੀ ਉਜਾਗਰ ਹੋ ਗਈਆਂ ਹਨ। ਹਿਜ਼ਬੁੱਲ੍ਹਾ ਲੈਬਨਾਨ ਦੀ ਇੱਕ ਵੱਡੀ ਸ਼ਕਤੀ ਹੈ ਜਿਸ ਦੇ ਇਰਾਨ ਨਾਲ ਸਬੰਧ ਬਣੇ ਹੋਏ ਹਨ ਅਤੇ ਇਤਿਹਾਸਕ ਤੌਰ 'ਤੇ ਨੀਵੀਂ ਤਕਨੀਕ ਦੇ ਉਪਕਰਨਾਂ ਦਾ ਇਸਤੇਮਾਲ ਕਰਦਾ ਰਿਹਾ ਹੈ ਤਾਂ ਕਿ ਇਸਰਾਇਲੀ ਟਰੈਕਿੰਗ ਪ੍ਰਣਾਲੀਆਂ ਤੋਂ ਬਚਿਆ ਜਾ ਸਕੇ। ਦੱਖਣੀ ਬੈਰੂਤ ਅਤੇ ਬਕਾ ਵਾਦੀ ਸਣੇ ਲੈਬਨਾਨ ਦੇ ਬਹੁਤ ਸਾਰੇ ਖੇਤਰਾਂ ਵਿੱਚ ਹਿਜ਼ਬੁੱਲ੍ਹਾ ਲੜਾਕਿਆਂ, ਮੈਡੀਕਲ ਕਰਮੀਆਂ ਅਤੇ ਆਮ ਨਾਗਰਿਕਾਂ ਵਲੋਂ ਵਰਤੇ ਜਾਂਦੇ ਪੇਜਰਾਂ ਵਿੱਚ ਇੱਕੋ ਸਮੇਂ ਵਿਸਫੋਟ ਹੋ ਗਏ। ਇਨ੍ਹਾਂ ਤੋਂ ਇਲਾਵਾ ਸੀਰੀਆ ਵਿੱਚ ਧਮਾਕੇ ਹੋਣ ਅਤੇ ਹਿਜ਼ਬੁੱਲ੍ਹਾ ਲੜਾਕਿਆਂ ਦੇ ਪ੍ਰਭਾਵਿਤ ਹੋਣ ਬਾਰੇ ਪਤਾ ਲੱਗਿਆ ਹੈ। ਇੱਕੋ ਸਮੇਂ ਧਮਾਕੇ ਹੋਣ ਤੋਂ ਸੰਕੇਤ ਮਿਲਦੇ ਹਨ ਕਿ ਹਿਜ਼ਬੁੱਲ੍ਹਾ ਦੀ ਸੰਚਾਰ ਪ੍ਰਣਾਲੀ ਵਿੱਚ ਕੋਈ ਬਾਹਰੀ ਸੰਨ੍ਹ ਲਾਈ ਗਈ ਹੈ ਅਤੇ ਖ਼ਾਸ ਤੌਰ 'ਤੇ ਇਸਰਾਇਲੀ ਖ਼ੁਫ਼ੀਆ ਏਜੰਸੀ 'ਤੇ ਇਹ ਹਮਲਾ ਕਰਨ ਦਾ ਸ਼ੱਕ ਹੈ।

ਹਾਲਾਂਕਿ ਇਸਰਾਈਲ ਨੇ ਅਧਿਕਾਰਤ ਰੂਪ ਵਿੱਚ ਇਸ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ ਪਰ ਰਿਪੋਰਟਾਂ ਵਿੱਚ ਇੱਕ ਵਿਆਪਕ ਅਪਰੇਸ਼ਨ ਵੱਲ ਇਸ਼ਾਰਾ ਕੀਤਾ ਗਿਆ ਹੈ ਜਿਸ ਵਿੱਚ ਪੇਜਰਾਂ ਦੇ ਨਿਰਮਾਣ ਵੇਲੇ ਹੀ ਗੜਬੜ ਕੀਤੇ ਜਾਣ ਦੀ ਗੱਲ ਵੀ ਸ਼ਾਮਿਲ ਹੈ। ਕਿਹਾ ਜਾ ਰਿਹਾ ਹੈ ਕਿ ਪੇਜਰਾਂ ਵਿੱਚ ਵਿਸਫ਼ੋਟਕ ਸਮੱਗਰੀ ਵਰਤੀ ਗਈ ਸੀ ਅਤੇ ਰਿਮੋਟ ਰਾਹੀਂ ਧਮਾਕੇ ਕੀਤੇ ਗਏ ਹਨ। ਇਸ ਹਮਲੇ ਤੋਂ ਇਸਰਾਈਲ ਦੀ ਤਕਨੀਕੀ ਸ਼ਕਤੀ ਅਤੇ ਹਿਜ਼ਬੁੱਲ੍ਹਾ ਦੇ ਗੜ੍ਹ ਵਿੱਚ ਮਾਰ ਕਰਨ ਦੀ ਇੱਛਾ ਸ਼ਕਤੀ ਦਾ ਦਿਖਾਵਾ ਕੀਤਾ ਗਿਆ ਹੈ।

ਇਸ ਘਟਨਾ ਨਾਲ ਖ਼ਿੱਤੇ ਅੰਦਰ ਟਕਰਾਅ ਹੋਰ ਖ਼ਤਰਨਾਕ ਰੂਪ ਅਖ਼ਤਿਆਰ ਕਰਨ ਦੇ ਆਸਾਰ ਹਨ। ਹਿਜ਼ਬੁੱਲ੍ਹਾ ਨੇ ਇਸ ਹਮਲੇ ਦਾ ਢੁਕਵਾਂ ਬਦਲਾ ਲੈਣ ਦਾ ਅਹਿਦ ਕੀਤਾ ਹੈ ਜਿਸ ਨਾਲ ਦੋਵੇਂ ਧਿਰਾਂ ਵਿਚਕਾਰ ਮੁਕੰਮਲ ਜੰਗ ਛਿੜ ਸਕਦੀ ਹੈ। ਪੱਛਮੀ ਏਸ਼ੀਆ ਦੀ ਸਥਿਤੀ ਪਹਿਲਾਂ ਹੀ ਨਾਜ਼ੁਕ ਬਣੀ ਹੋਈ ਹੈ ਅਤੇ ਗਾਜ਼ਾ ਵਿੱਚ ਜਿਸ ਤਰ੍ਹਾਂ ਇਸਰਾਈਲ ਵੱਲੋਂ ਆਮ ਨਾਗਰਿਕਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਉਸ ਨਾਲ ਸਥਿਤੀ ਬਦਤਰ ਹੋ ਸਕਦੀ ਹੈ। ਹਿਜ਼ਬੁੱਲ੍ਹਾ ਅਤੇ ਇਸਰਾਈਲ ਵੱਲੋਂ ਬਦਲੇ ਦੀਆਂ ਕਾਰਵਾਈਆਂ ਵਿੱਚ ਤੇਜ਼ੀ ਆਉਣ ਦੇ ਆਸਾਰ ਬਣੇ ਹੋਏ ਹਨ। ਇਸ ਹਮਲੇ ਤੋਂ ਇਹ ਗੱਲ ਉਭਰ ਰਹੀ ਹੈ ਕਿ ਤਕਨਾਲੋਜੀ ਨੂੰ ਜੰਗ ਦੇ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ। ਅਜਿਹੇ ਸੰਚਾਰ ਉਪਕਰਨਾਂ ਦੀ ਵਰਤੋਂ ਕਰ ਰਹੇ ਲੋਕਾਂ ਨੂੰ ਜਿਵੇਂ ਨਿਸ਼ਾਨਾ ਬਣਾਇਆ ਗਿਆ ਹੈ, ਉਸ ਨਾਲ ਇੱਕ ਖ਼ਤਰਨਾਕ ਮਿਸਾਲ ਪੈਦਾ ਹੋ ਗਈ ਹੈ ਅਤੇ ਇਹ ਰੁਝਾਨ ਬਹੁਤ ਘਾਤਕ ਸਾਬਿਤ ਹੋ ਸਕਦਾ ਹੈ। ਫ਼ਿਲਹਾਲ ਕਿਆਸ ਕਰਨਾ ਵੀ ਮੁਸ਼ਕਿਲ ਹੈ ਕਿ ਇਹ ਟਕਰਾਅ ਕਿਹੋ ਜਿਹਾ ਰੂਪ ਧਾਰਨ ਕਰ ਸਕਦਾ ਹੈ

ਦਿੱਲੀ ਦੀ ਨਵੀਂ ਮੁੱਖ ਮੰਤਰੀ

ਆਬਕਾਰੀ ਨੀਤੀ ਵਿੱਚ ਭ੍ਰਿਸ਼ਟਾਚਾਰ ਦੇ ਕੇਸ ਵਿੱਚ ਜ਼ਮਾਨਤ 'ਤੇ ਰਿਹਾਅ ਹੋ ਕੇ ਆਏ ਆਮ ਆਦਮੀ ਪਾਰਟੀ ਦੇ ਮੁਖੀ ਅਤੇ ਮੁੱਖ ਮੰਤਰੀ ਦਾ ਅਹੁਦਾ ਛੱਡਣ ਵਾਲੇ ਅਰਵਿੰਦ ਕੇਜਰੀਵਾਲ ਨੇ ਪਾਰਟੀ ਦੀ ਆਗੂ ਆਤਿਸ਼ੀ ਨੂੰ ਦਿੱਲੀ ਦੇ ਸ਼ਾਸਨ ਨੂੰ ਮੁੜ ਲੀਹ 'ਤੇ ਲਿਆਉਣ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਹੈ। ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਵੱਲੋਂ ਕੇਜਰੀਵਾਲ ਦੀ ਗ੍ਰਿਫ਼ਤਾਰੀ ਕਾਰਨ ਪਿਛਲੇ ਛੇ ਮਹੀਨਿਆਂ ਤੋਂ ਦਿੱਲੀ ਦੀਆਂ ਕਲਿਆਣਕਾਰੀ ਸਕੀਮਾਂ ਅਤੇ ਵਿਕਾਸ ਕਾਰਜ ਲੀਹੋਂ ਲੱਥ ਗਏ ਹਨ। 'ਆਪ' ਸਰਕਾਰ ਪ੍ਰਤੀ ਲੋਕਾਂ ਦੇ ਅੰਦਰ ਨਾਰਾਜ਼ਗੀ ਵਧਣ ਕਰ ਕੇ ਕੇਜਰੀਵਾਲ ਨੂੰ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਕੇ ਵੋਟਰਾਂ ਦੀ ਕਚਹਿਰੀ ਵਿੱਚ ਜਾਣ ਲਈ ਮਜਬੂਰ ਹੋਣਾ ਪਿਆ ਹੈ। ਦਿੱਲੀ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਹਾਲੇ ਪੰਜ ਮਹੀਨੇ ਪਏ ਹਨ, ਬਸ਼ਰਤੇ ਮਿੱਥੇ ਸਮੇਂ ਤੋਂ ਪਹਿਲਾਂ ਚੋਣਾਂ ਕਰਾਉਣ ਦਾ ਕੋਈ ਹੋਰ ਫ਼ੈਸਲਾ ਨਹੀਂ ਲਿਆ ਜਾਂਦਾ ਜਿਸ ਦੇ ਮੱਦੇਨਜ਼ਰ ਉਹ ਦਿੱਲੀ ਦੇ ਲੋਕਾਂ ਕੋਲੋਂ ਆਪਣੀ 'ਬੇਗੁਨਾਹੀ ਦਾ ਪ੍ਰਮਾਣ ਪੱਤਰ' ਹਾਸਿਲ ਕਰਨਾ ਚਾਹੁੰਦੇ ਹਨ। ਨਾਮਜ਼ਦ ਮੁੱਖ ਮੰਤਰੀ ਆਤਿਸ਼ੀ ਨੂੰ ਇਸ ਥੋੜ੍ਹੇ ਸਮੇਂ ਅੰਦਰ ਵੱਖ-ਵੱਖ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਮੁਕੰਮਲ ਕਰਾਉਣ ਅਤੇ ਕਲਿਆਣਕਾਰੀ ਸਕੀਮਾਂ ਨੂੰ ਲਾਗੂ ਕਰਵਾਉਣ ਲਈ ਕਾਫ਼ੀ ਭੱਜ ਨੱਸ ਕਰਨੀ ਪਵੇਗੀ। ਆਪਣੇ ਬਿਰਤਾਂਤ ਨੂੰ ਮਜ਼ਬੂਤ ਕਰਨ ਲਈ ਕੁਝ ਨਵੇਂ ਵਾਅਦਿਆਂ ਦਾ ਵੀ ਐਲਾਨ ਕੀਤਾ ਜਾ ਸਕਦਾ ਹੈ।

ਜਿਸ ਤਰ੍ਹਾਂ ਕੇਜਰੀਵਾਲ ਅਤੇ ਦਿੱਲੀ ਦੇ ਉਪ ਰਾਜਪਾਲ ਵਿਚਕਾਰ ਕਈ ਵਾਰ ਟਕਰਾਅ ਦੇ ਮੌਕੇ ਬਣਦੇ ਰਹੇ ਹਨ, ਉਸ ਦੇ ਮੱਦੇਨਜ਼ਰ ਇਸ ਗੱਲ ਦੀ ਬਹੁਤੀ ਉਮੀਦ ਨਹੀਂ ਕੀਤੀ ਜਾ ਸਕਦੀ ਕਿ ਮੁੱਖ ਮੰਤਰੀ ਆਤਿਸ਼ੀ ਨਾਲ ਉਨ੍ਹਾਂ ਦੇ ਸਬੰਧ ਵਧੇਰੇ ਸੁਖਾਵੇਂ ਹੋਣਗੇ ਕਿਉਂਕਿ ਉਹ ਕੇਂਦਰ ਦੇ ਨੁਮਾਇੰਦੇ ਹਨ। ਇਸ ਤੋਂ ਇਲਾਵਾ ਨਵੀਂ ਮੁੱਖ ਮੰਤਰੀ ਲਈ ਇੱਕ ਹੋਰ ਚੁਣੌਤੀ ਆਪਣੀ ਵੱਖਰੀ ਪਛਾਣ ਕਾਇਮ ਕਰਨ ਅਤੇ ਇਹ ਧਾਰਨਾ ਦੂਰ ਕਰਨ ਦੀ ਰਹੇਗੀ ਕਿ ਉਹ ਮਹਿਜ਼ ਇੱਕ ਰਬੜ ਦੀ ਮੋਹਰ ਹੈ।

ਕੇਜਰੀਵਾਲ ਲਈ ਬਿਹਤਰ ਇਹੀ ਹੋਵੇਗਾ ਕਿ ਉਹ ਆਪਣੀ ਪਾਰਟੀ ਨੂੰ ਮਜ਼ਬੂਤ ਕਰਨ 'ਤੇ ਜ਼ਿਆਦਾ ਧਿਆਨ ਦੇਣ ਕਿਉਂਕਿ ਈਡੀ ਅਤੇ ਸੀਬੀਆਈ ਵੱਲੋਂ ਕਈ ਪਾਰਟੀ ਆਗੂਆਂ ਦੀ ਗ੍ਰਿਫ਼ਤਾਰੀ ਅਤੇ ਭ੍ਰਿਸ਼ਟਾਚਾਰ ਦੇ ਦੋਸ਼ ਲਾਏ ਜਾਣ ਕਰ ਕੇ ਉਨ੍ਹਾਂ ਦੀ 'ਇਮਾਨਦਾਰੀ ਦੀ ਰਾਜਨੀਤੀ' ਦੀ ਪਛਾਣ ਧੁੰਦਲੀ ਹੋ ਗਈ ਹੈ। ਆਪ ਨੂੰ ਪਿਛਲੇ ਸਾਲ ਰਾਸ਼ਟਰੀ ਪਾਰਟੀ ਵਜੋਂ ਮਾਨਤਾ ਮਿਲ ਗਈ ਸੀ ਅਤੇ ਹੁਣ ਇਹ ਹਰਿਆਣਾ ਵਿੱਚ ਕਿਸਮਤ ਅਜ਼ਮਾ ਰਹੀ ਹੈ ਹਾਲਾਂਕਿ ਇਸ ਸਾਲ ਲੋਕ ਸਭਾ ਦੀਆਂ ਚੋਣਾਂ ਵਿੱਚ ਇਹ ਦਿੱਲੀ ਵਿੱਚ ਇੱਕ ਵੀ ਸੀਟ ਨਹੀਂ ਜਿੱਤ ਸਕੀ ਅਤੇ ਪੰਜਾਬ ਵਿੱਚ ਵੀ ਇਸ ਨੂੰ ਬਹੁਤੀ ਸਫ਼ਲਤਾ ਨਹੀਂ ਮਿਲ ਸਕੀ ਸੀ।

ਆਪਣੇ ਆਪ ਨੂੰ ਪੀੜਤ ਵਜੋਂ ਦਰਸਾਉਣ ਅਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਬਦਲੇਖੋਰੀ ਦੀ ਸਿਆਸਤ ਕਰਨ ਦੇ ਦੋਸ਼ਾਂ ਦਾ ਇਸ ਨੂੰ ਤਦ ਹੀ ਫ਼ਾਇਦਾ ਮਿਲ ਸਕਦਾ ਹੈ ਜੇ ਇਹ ਦਿੱਲੀ ਅਤੇ ਪੰਜਾਬ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਕੋਈ ਠੋਸ ਯੋਜਨਾਵਾਂ ਉੱਪਰ ਕੰਮ ਕਰੇਗੀ। ਹੁਣ 'ਆਪ' ਦਾ ਜ਼ੋਰ ਭ੍ਰਿਸ਼ਟਾਚਾਰ ਰਹਿਤ ਸ਼ਾਸਨ ਅਤੇ ਲੋਕਾਂ ਨੂੰ ਖੱਜਲ-ਖੁਆਰੀ ਤੋਂ ਬਿਨਾਂ ਸੇਵਾਵਾਂ ਮੁਹੱਈਆ ਕਰਾਉਣ 'ਤੇ ਹੋਣਾ ਚਾਹੀਦਾ ਹੈ।

ਖੇਤੀਬਾੜੀ, ਪੰਜਾਬ ਦੀ ਆਰਥਿਕਤਾ ਦਾ ਧੁਰਾ : ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੀ.ਏ.ਯੂ. ਦੇ ਹਾੜ੍ਹੀ ਦੀਆਂ ਫਸਲਾਂ ਲਈ ਕਿਸਾਨ ਮੇਲਿਆਂ ਦੇ ਸਿਲਸਿਲੇ ਵਿਚ ਅੱਜ ਖੇਤਰੀ ਖੋਜ ਕੇਂਦਰ ਗੁਰਦਾਸਪੁਰ ਵਿਖੇ ਕਿਸਾਨ ਮੇਲਾ ਲਗਾਇਆ ਗਿਆ। ਇਸ ਮੇਲੇ ਦੇ ਮੁੱਖ ਮਹਿਮਾਨ ਪੰਜਾਬ ਦੇ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਸ਼੍ਰੀ ਲਾਲ ਚੰਦ ਕਟਾਰੂਚੱਕ ਸਨ ਜਦਕਿ ਮੇਲੇ ਦੀ ਪ੍ਰਧਾਨਗੀ ਪੀ.ਏ.ਯੂ ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕੀਤੀ। ਮੇਲੇ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਹਾਜ਼ਿਰ ਸਨ। ਇਸ ਤੋਂ ਇਲਾਵਾ ਪੀ ਏ ਯੂ ਦੇ ਪ੍ਰਬੰਧਕੀ ਬੋਰਡ ਦੇ ਮੈਂਬਰ ਸ ਹਰਦਿਆਲ ਸਿੰਘ ਗਜਨੀਪੁਰ, ਗੁਰਦਾਸਪੁਰ ਦੇ ਐੱਸ ਡੀ ਐਮ ਡਾ. ਕਰਮਜੀਤ ਸਿੰਘ , ਕੇ ਵੀ ਕੇ ਗੁਰਦਾਸਪੁਰ ਦੇ ਨਿਰਦੇਸ਼ਕ ਡਾ ਸਰਬਜੀਤ ਸਿੰਘ ਔਲਖ, ਹਲਕਾ ਡੇਰਾ ਬਾਬਾ ਨਾਨਕ ਦੇ ਇੰਚਾਰਜ ਸ ਗੁਰਦੀਪ ਸਿੰਘ ਰੰਧਾਵਾ ਅਤੇ ਸ ਸ਼ਮਸ਼ੇਰ ਸਿੰਘ ਹਲਕਾ ਇੰਚਾਰਜ ਦੀਨਾਨਗਰ ਅਤੇ ਹਨੀ ਬਹਿਲ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ।

ਮੇਲੇ ਦੌਰਾਨ ਗੁਰਦਾਸਪੁਰ ਖੇਤਰੀ ਖੋਜ ਕੇਂਦਰ ਦੇ ਗੇਟ ਉੱਪਰ ਬੀਜਾਂ ਦੇ ਵਿਕਰੀ ਕੇਂਦਰ ਦਾ ਉਦਘਾਟਨ ਵੀ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਅਤੇ ਪੀ ਏ ਯੂ ਦੇ ਵਾਈਸ ਚਾਂਸਲਰ ਨੇ ਆਪਣੇ ਕਰ ਕਮਲਾਂ ਨਾਲ ਕੀਤਾ।

ਮੁੱਖ ਮਹਿਮਾਨ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਕਿਸਾਨ ਮੇਲੇ ਦੀ ਸਾਰਥਕਤਾ ਭਰਵੇਂ ਇਕੱਠ ਨਾਲ ਸਾਬਿਤ ਹੁੰਦੀ ਹੈ ਤੇ ਇਸ ਕੇਂਦਰ ਵਿਚ ਮੇਲੇ ਦਾ ਲੱਗਣਾ ਕਿਸਾਨ ਵੀਰਾਂ ਤੇ ਭੈਣਾਂ ਨੂੰ ਨਵੇਂ ਖੇਤੀ ਗਿਆਨ ਤੋਂ ਜਾਣੂ ਹੋਣ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਖੇਤੀ ਨੂੰ ਬਿਹਤਰੀ ਵੱਲ ਲਿਜਾ ਕੇ ਹੀ ਪੰਜਾਬ ਨੂੰ ਰੰਗਲਾ ਪੰਜਾਬ ਬਣਾਇਆ ਜਾ ਸਕੇਗਾ ਤੇ ਮੌਜੂਦਾ ਸਰਕਾਰ ਇਸ ਕਾਰਜ ਲਈ ਹਰ ਹੀਲੇ ਯਤਨਸ਼ੀਲ ਹੈ। ਇਸ ਦਿਸ਼ਾ ਵਿਚ ਸਰਕਾਰ ਵਲੋਂ ਨਹਿਰੀ ਪਾਣੀ ਦੀ ਆਮਦ ਨੂੰ ਯਕੀਨੀ ਬਣਾਇਆ ਗਿਆ ਹੈ। ਖੇਤੀਬਾੜੀ ਨੂੰ ਪੰਜਾਬ ਦੀ ਆਰਥਿਕਤਾ ਦਾ ਧੁਰਾ ਆਖਦਿਆਂ ਸ਼੍ਰੀ ਕਟਾਰੂਚੱਕ ਨੇ ਖੇਤੀ ਵਿਚ ਨਵੀਆਂ ਤਕਨੀਕਾਂ ਅਪਣਾਉਣ ਲਈ ਯੂਨੀਵਰਸਿਟੀ ਵਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ ਅਤੇ ਕਿਸਾਨਾਂ ਨੂੰ ਖੇਤੀ ਚੁਣੌਤੀਆਂ ਦੇ ਹੱਲ ਲਈ ਪੀ ਏ ਯੂ ਨਾਲ ਜੁੜੇ ਰਹਿਣ ਲਈ ਆਖਿਆ। ਉਨ੍ਹਾਂ ਕਿਸਾਨਾਂ ਨੂੰ ਸਾਉਣੀ ਦੀ ਫ਼ਸਲ ਦੀ ਯਕੀਨੀ ਖਰੀਦ ਦਾ ਭਰੋਸਾ ਦਿੱਤਾ ਤੇ ਜਿਨਸਾਂ ਨੂੰ ਸਾਫ ਸੁਥਰੇ ਰੂਪ ਵਿਚ ਮੰਡੀਆਂ ਵਿਚ ਲਿਆਉਣ ਲਈ ਕਿਹਾ।

ਵਾਈਸ ਚਾਂਸਲਰ ਡਾ.ਸਤਿਬੀਰ ਸਿੰਘ ਗੋਸਲ ਨੇ ਪ੍ਰਧਾਨਗੀ ਭਾਸ਼ਣ ਵਿਚ ਕਿਹਾ ਕਿ ਇਹ ਮੇਲੇ ਕਿਸਾਨਾਂ ਅਤੇ ਮਾਹਿਰਾਂ ਦੇ ਇਕ ਦੂਜੇ ਤੋਂ ਸਿੱਖਣ ਅਤੇ ਸਿਖਾਉਣ ਦਾ ਮੌਕਾ ਹੁੰਦੇ ਹਨ। ਉਨ੍ਹਾਂ ਕਿਹਾ ਕਿ ਮੇਲਿਆਂ ਦਾ ਉਦੇਸ਼ ਵਾਤਾਵਰਨ ਦੀ ਸੰਭਾਲ ਲਈ ਨਿਰਧਾਰਤ ਕੀਤਾ ਗਿਆ ਹੈ। ਗੁਰਦਾਸਪੁਰ ਇਲਾਕੇ ਵਿਚ ਬਾਸਮਤੀ ਦੀ ਕਾਸ਼ਤ ਬਾਰੇ ਗੱਲ ਕਰਦਿਆਂ ਡਾ ਗੋਸਲ ਨੇ ਪਾਬੰਦੀਸ਼ੁਦਾ ਰਸਾਇਣਾਂ ਦੀ ਵਰਤੋਂ ਤੋਂ ਗ਼ੁਰੇਜ਼ ਕਰਨ ਲਈ ਕਿਹਾ ਤਾਂ ਜੋ ਨਿਰਯਾਤ ਵਿਚ ਅੜਿੱਕਾ ਨਾ ਪਵੇ। ਉਨ੍ਹਾਂ ਨੇ ਕਣਕ ਦੀ ਬਿਜਾਈ ਲਈ ਸਰਫੇਸ ਸੀਡਰ ਤਕਨੀਕ ਦੀਆਂ ਵਿਸ਼ੇਸ਼ਤਾਵਾਂ ਦੱਸੀਆਂ ਤੇ ਮਿੱਟੀ, ਪਾਣੀ ਦੀ ਸੰਭਾਲ ਤੇ ਖਾਦਾਂ ਦੇ ਖਰਚੇ ਘਟਾਉਣ ਲਈ ਇਸ ਤਕਨੀਕ ਨੂੰ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਡੀ ਏ ਪੀ ਦੀ ਵਰਤੋਂ ਸੰਜਮ ਨਾਲ ਕੀਤੀ ਜਾਵੇ ਤੇ ਇਸ ਸੰਬੰਧੀ ਯੂਨੀਵਰਸਿਟੀ ਦੀ ਸਾਲ ਵਿਚ ਇੱਕੋ ਵਾਰ ਡੀ ਏ ਪੀ ਪਾਉਣ ਦੀ ਤਕਨੀਕ ਵਰਤੀ ਜਾਵੇ। ਖੇਤਾਂ ਨੂੰ ਸਖ਼ਤ ਹੋਣ ਤੋਂ ਬਚਾਉਣ ਲਈ ਚੀਜ਼ਲਿੰਗ ਤਕਨੀਕ ਦੇ ਲਾਭਾਂ ਬਾਰੇ ਜਾਣਕਾਰੀ ਦਿੰਦਿਆਂ ਵਾਈਸ ਚਾਂਸਲਰ ਨੇ ਹੋਰ ਨਵੀਆਂ ਜਾਣਕਾਰੀਆਂ ਲਈ ਪੀ ਏ ਯੂ ਨਾਲ ਜੁੜਨ ਅਤੇ ਸੋਸ਼ਲ ਮੀਡੀਆ ਮਾਧਿਅਮ ਦੀ ਵਰਤੋਂ ਕਰਨ ਵਾਸਤੇ ਕਿਸਾਨਾਂ ਨੂੰ ਕਿਹਾ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਯੂਨੀਵਰਸਿਟੀ ਵਲੋਂ ਲਾਈਆਂ ਸਟਾਲਾਂ ਤੇ ਜਾ ਕੇ ਨਵੀਆਂ ਕਿਸਮਾਂ ਅਤੇ ਕਾਸ਼ਤ ਤਕਨੀਕਾਂ ਦੀ ਜਾਣਕਾਰੀ ਹਾਸਿਲ ਕਰਨ। ਕਣਕ ਦੀ ਕਿਸਮ ਪੀ ਬੀ ਡਬਲਿਊ 826 ਦਾ ਜ਼ਿਕਰ ਖਾਸ ਤੌਰ ਤੇ ਕਰਦਿਆਂ ਡਾ ਗੋਸਲ ਨੇ ਸਿਫਾਰਿਸ਼ ਕੀਤੀਆਂ ਕਿਸਮਾਂ ਬੀਜਣ ਲਈ ਕਿਹਾ।

ਡਾ ਗੋਸਲ ਨੇ ਪੰਜਾਬ ਅਤੇ ਪੰਜਾਬ ਦੀ ਖੇਤੀ ਨੂੰ ਬਚਾਉਣ ਲਈ ਖੇਤੀ ਸਿੱਖਿਆ ਨਾਲ ਆਪਣੇ ਬੱਚਿਆਂ ਨੂੰ ਜੋੜਨ ਅਤੇ ਗੁਰਦਾਸਪੁਰ ਦੇ ਖੇਤੀ ਸੰਸਥਾਨ ਵਿਚ ਆਪਣੇ ਬੱਚਿਆਂ ਨੂੰ ਪੜ੍ਹਾਉਣ ਲਈ ਕਿਹਾ। ਕਲਾਨੌਰ ਦੀ ਸਰਕਾਰੀ ਜ਼ਮੀਨ ਬਾਰੇ ਉਨ੍ਹਾਂ ਦੱਸਿਆ ਕਿ ਸਰਕਾਰ ਨਾਲ ਗੱਲਬਾਤ ਜਾਰੀ ਹੈ ਤੇ ਏਥੇ ਗੰਨਾ ਖੋਜ ਫਾਰਮ ਬਣਾਉਣ ਦੀ ਯੋਜਨਾ ਹੈ। ਇਸਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਮੰਗ ਤੇ ਬੀਜਾਂ ਦੀ ਦੁਕਾਨ ਗੁਰਦਾਸਪੁਰ ਖੇਤਰੀ ਕੇਂਦਰ ਦੇ ਗੇਟ ਉੱਪਰ ਖੋਲ੍ਹ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਬਿਹਤਰੀ ਲਈ ਬਣੀ ਖੇਤੀ ਨੀਤੀ ਵਿਚ ਪੀ ਏ ਯੂ ਨੇ ਕਿਸਾਨਾਂ ਦੇ ਹਿਤਾਂ ਅਨੁਸਾਰ ਸੁਝਾਅ ਦਿੱਤੇ ਹਨ ਅਤੇ ਖੇਤੀ ਵਿਭਿੰਨਤਾ ਨੂੰ ਪਹਿਲ ਦੇਣ ਦੀ ਤਜਵੀਜ਼ ਇਸ ਨੀਤੀ ਵਿਚ ਸ਼ਾਮਿਲ ਹੈ।

ਨਿਰਦੇਸ਼ਕ ਖੋਜ ਡਾ ਅਜਮੇਰ ਸਿੰਘ ਢੱਟ ਨੇ ਹਾੜ੍ਹੀ ਦੀਆਂ ਫਸਲਾਂ ਬਾਰੇ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਸਾਂਝੀਆਂ ਕੀਤੀਆਂ

ਮਨੁੱਖਤਾ ਨੂੰ ਸੇਧ ਦਿੰਦੇ ਨੇ ਸਾਹਿਤ ਤੇ ਕਾਨੂੰਨ

ਮੋਹਨ ਲਾਲ ਫਿਲੌਰੀਆ

• ਹਰਮੀਤ ਸਿੰਘ ਅਟਵਾਲ
98155-05287

ਕਹਾਣੀਆਂ ਲਿਖਦਾ-ਲਿਖਦਾ ਮੋਹਨ ਲਾਲ ਫਿਲੌਰੀਆ ਵਕੀਲ ਬਣ ਗਿਆ। ਇਸ ਸਮੇਂ ਜਲੰਧਰ ਦੀ ਕਚਹਿਰੀ 'ਚ ਵਕਾਲਤ ਕਰਦਾ ਹੈ। ਪੰਜਾਬੀ 'ਚ ਉਸ ਦੇ ਪੰਜ ਕਹਾਣੀ ਸੰਗ੍ਰਹਿ- 'ਸਰਕਾਰੀ ਵਰਦੀ', 'ਲਾਗੀ', 'ਮਿੱਟੀ ਦਾ ਬੋਝ', 'ਮੇਚੀ ਦਾ ਪੁੱਤ' ਅਤੇ 'ਕੱਚਾ ਮਾਸ' ਛਪ ਚੁੱਕੇ ਹਨ। ਕਹਾਣੀਆਂ ਦੀ ਇਕ ਪੁਸਤਕ 'ਮੇਚੀ ਕਾ ਬੇਟਾ' ਹਿੰਦੀ 'ਚ ਵੀ ਅਨੁਵਾਦ ਹੋ ਕੇ ਛਪੀ ਹੈ। ਕਹਾਣੀ 'ਮੇਚੀ ਦਾ ਪੁੱਤ' 'ਤੇ ਭਾਅ ਜੀ ਗੁਰਸ਼ਰਨ ਸਿੰਘ ਨਾਟਕ ਖੇਡਦੇ ਰਹੇ। ਅਜੇ ਵੀ ਪ੍ਰਗਤੀ ਕਲਾ ਕੇਂਦਰ ਲਾਂਦੜਾ ਵਾਲੇ ਕਹਾਣੀ 'ਮੇਚੀ ਦਾ ਪੁੱਤ' 'ਤੇ ਨਾਟਕ ਖੇਡਦੇ ਹਨ। ਉਨ੍ਹਾਂ ਨੇ ਇਸ ਕਹਾਣੀ 'ਤੇ ਅਧਾਰਤ ਟੈਲੀ ਫਿਲਮ ਵੀ ਬਣਾਈ ਜਿਹੜੀ ਕਿ ਦੇਸ਼ ਵਿਦੇਸ਼ 'ਚ ਸਲਾਹੀ ਗਈ। ਉਨ੍ਹਾਂ ਨੂੰ ਕਚਹਿਰੀ 'ਚ ਮਿਲਣ ਗਏ ਤਾਂ ਉਹ ਕੋਰਟ ਦੇ ਬਾਹਰ ਇਕ ਬੋਹੜ ਦੇ ਦਰਖ਼ਤ ਥੱਲੇ ਬੈਠੇ ਹਵਾ ਖਾ ਰਹੇ ਸਨ। ਬੋਹੜ ਦੇ ਨਾਲ ਇਕ ਪਿੱਪਲ ਦਾ ਦਰੱਖਤ ਵੀ ਹੈ।

ਪਹਿਲਾਂ ਚੁੱਪ ਰਹੇ ਫਿਰ ਬੋਲੇ ਕਿ ਸੁਣਦੇ ਹਾਂ ਮਹਾਤਮਾ ਬੁਧ ਨੂੰ ਬੋਹੜ ਦੇ ਪੇੜ ਥੱਲੇ ਗਿਆਨ ਹੋਇਆ ਸੀ ਸ਼ਾਇਦ ਏਥੋਂ ਗਿਆਨ ਮੈਨੂੰ ਵੀ ਮਿਲ ਜਾਵੇ। ਦੂਸਰਾ ਆਹ ਪਿੱਪਲ ਦਾ ਦਰੱਖਤ ਬਹੁਤ ਸਾਫ਼ ਸੁਥਰੀ ਹਵਾ ਦਿੰਦਾ ਹੈ। ਤੀਸਰਾ ਔਹ ਦੇਖੋ ਦੁਨੀਆ ਤੁਰੀ ਜਾਂਦੀ ਹੈ ਅਦਾਲਤਾਂ ਵੱਲ ਨੂੰ। ਔਰਤਾਂ, ਮਰਦ, ਕੁੜੀਆਂ, ਮੁੰਡੇ, ਪੁਲਸੀਏ ਦੌੜੇ ਜਾ ਰਹੇ ਹਨ। ਅੰਦਰ ਆਵਾਜ਼ਾਂ ਪੈ ਰਹੀਆਂ ਹਨ- ਮੈਂ ਬਨਾਮ ਤੂੰ- ਤੂੰ ਬਨਾਮ ਮੈਂ- ਪਿਓ-ਪੁੱਤ ਦੇ ਝਗੜੇ ਹਨ। ਭਰਾਵਾਂ-ਭਰਾਵਾਂ ਅਤੇ ਭੈਣਾਂ-ਭੈਣਾਂ ਦੇ ਝਗੜੇ ਹਨ। ਚਿੱਟੇ ਦਾ ਰੌਲਾ ਹੈ ਕਾਲੇ ਦਾ ਰੌਲਾ ਹੈ - ਜਾਤਾਂ ਪਾਤਾਂ ਦੇ ਝਗੜੇ ਹਨ। ਪੇਸ਼ ਹੈ ਉਨ੍ਹਾਂ ਨਾਲ ਹੋਈ ਗੱਲਬਾਤ:

• ਇਹ ਵਕੀਲ ਬਣਨ ਦਾ ਸਬੱਬ ਕਿਵੇਂ ਬਣਿਆ?

ਇਹ ਵੀ ਅਜੀਬ ਇਤਫਾਕ ਹੈ। ਮੈਂ ਸੱਤ ਜਗ੍ਹਾ 'ਤੇ 40 ਸਾਲ ਨੌਕਰੀ ਕਰ ਕੇ ਰਿਟਾਇਰ ਹੋ ਕੇ 60 ਸਾਲ ਦੀ ਉਮਰ 'ਚ ਵਕੀਲ ਬਣਿਆ। ਵਕੀਲ ਬਣਨ ਤੋਂ ਪਹਿਲਾਂ ਮੈਂ ਬੈਂਕ ਦਾ ਮੈਨੇਜਰ ਸੀ। ਮੈਨੇਜਰ ਤੋਂ ਪਹਿਲਾਂ ਮੈਂ ਪੰਜਾਬ ਸਰਕਾਰ ਦਾ ਬਾਬੂ (ਕਲਰਕ) ਸੀ। ਕਲਰਕ ਬਣਨ ਤੋਂ ਪਹਿਲਾਂ ਪਿੰਡ 'ਚ ਦਿਹਾੜੀਦਾਰ ਮਜ਼ਦੂਰ ਸੀ। ਜਿੱਥੇ ਮੇਰੇ ਪਰਿਵਾਰ ਦੇ ਮੈਂਬਰ ਅਜੇ ਵੀ ਦਿਹਾੜੀ ਲਾਉਣ 'ਚ ਫਸੇ ਹੋਏ ਹਨ।

• ਵਕੀਲ ਬਣਨ ਲਈ ਤਾਂ ਕੋਰਸ ਕਰਨਾ ਪੈਂਦਾ ਹੈ?

ਹਾਂ ਵਕੀਲ ਬਣਨ ਲਈ ਪੜ੍ਹਾਈ ਤਾਂ ਕਰਨੀ ਪੈਂਦੀ ਹੈ। ਮੇਰੀ ਪੜ੍ਹਾਈ ਦੀ ਕਹਾਣੀ ਅਲੱਗ ਹੈ। ਮੇਰੇ ਘਰ 'ਚੋਂ ਨਾ ਪਹਿਲਾਂ ਤੇ ਨਾ ਬਾਅਦ 'ਚ ਕੋਈ ਪੜ੍ਹਿਆ। ਮੈਂ ਨੁਰਮਹਿਲ ਤੋਂ 1966 'ਚ ਦਸਵੀਂ ਪਾਸ ਕੀਤੀ, ਦੋ ਸਾਲ ਫਗਵਾੜੇ ਕਾਲਜ 'ਚ ਪੜ੍ਹਿਆ। ਬੀ.ਏ. ਕਰਦਾ ਸੀ ਚੰਡੀਗੜ੍ਹ ਨੌਕਰੀ ਮਿਲ ਗਈ। ਕਿਸੇ ਟੀਚਰ ਨੇ ਸਲਾਹ ਦਿੱਤੀ ਦੌੜ ਜਾ। ਮੈਂ ਉੱਥੇ ਜਾ ਕੇ ਯੂਨੀਵਰਸਿਟੀ ਈਵਨਿੰਗ ਕਾਲਜ 'ਚੋਂ ਪਹਿਲਾਂ ਬੀਏ ਕੀਤੀ ਫਿਰ ਐੱਲਐੱਲਬੀ ਫਿਰ ਪਰਸੋਨਲ ਮੈਨੇਜਮੈਂਟ ਪੰਜਾਬੀ ਦੀ ਐਮਏ ਕੀਤੀ। ਐੱਲਐੱਲਬੀ ਈਵਨਿੰਗ ਕਾਲਜ ਤੋਂ ਕੀਤੀ। 1977 'ਚ ਬੈਂਕ 'ਚ ਅਫ਼ਸਰ ਭਰਤੀ ਹੋ ਗਿਆ ਨਹੀਂ ਤਾਂ ਮੈਂ ਉਦੋਂ 'ਚ ਹੀ ਵਕੀਲ ਬਣ ਜਾਣਾ ਸੀ। ਇਕ ਗੱਲ ਹੋਰ ਮੈਂ 59 ਸਾਲ ਦੀ ਉਮਰ 'ਚ ਪੰਜਾਬੀ 'ਵਰਸਿਟੀ ਪਟਿਆਲਾ ਤੋਂ ਐਮਏ ਜਰਨਲਿਜ਼ਮ ਵੀ ਕੀਤੀ।

• ਸਾਹਿਤ ਵੱਲ ਝੁਕਾਅ ਕਿਵੇਂ ਬਣਿਆ?

ਅਸਲ 'ਚ ਕੁਝ ਪਤਾ ਹੀ ਨਹੀਂ ਸੀ - ਅਸੀਂ ਕਿਥੇ ਜਾਣਾ - ਕਿਵੇਂ ਜਾਣਾ - ਕਿਉਂ ਜਾਣਾ। ਘਰ 'ਚ ਮੱਝ ਹੁੰਦੀ ਜਾਂ ਪਿੱਛੇ ਕੋਈ ਕਟੜੂ ਦੋ ਵੇਲੇ ਰੰਬਾ ਲੈ ਕੇ ਘਾਹ ਖੋਤਣ ਜਾਣਾ। ਓਹੀ ਰੰਬਾ ਅੱਗੋਂ ਨਿਆਣਿਆਂ ਦੇ ਹੱਥ ਤੇ ਅੱਗੋਂ ਅਗਲੀ ਪੀੜ੍ਹੀ। ਫਗਵਾੜੇ ਪੜ੍ਹਨ ਲੱਗੇ ਤਾਂ ਕਾਲਜ ਦੇ ਅੱਗੇ ਵਿਦਿਆਰਥੀ ਜੱਥੇਬੰਦੀਆਂ ਨਾਹਰੇ ਮਾਰਦੀਆਂ ਹੋਣੀਆਂ। ਰੰਗੇ ਵਾਲੀ ਮਿੱਲ ਦੇ ਬਾਹਰ ਕਿਸਾਨ ਯੂਨੀਅਨ ਵਾਲੇ, ਕੱਪੜੇ ਵਾਲੀ ਮਿੱਲ ਦੇ ਬਾਹਰ ਮਜ਼ਦੂਰ ਯੂਨੀਅਨ ਵਾਲੇ ਨਾਹਰੇ ਮਾਰਦੇ ਹੋਣੇ। ਫਿਰ ਇਕ ਦਿਨ ਕੱਪੜੇ ਵਾਲੀ ਮਿੱਲ ਦੇ ਬਾਹਰ ਧਰਨੇ 'ਤੇ ਬੈਠੇ ਮਜ਼ਦੂਰਾਂ ਤੇ ਪਾਰਸਲ ਕੀਤੇ ਬੰਬ ਫਟੇ। ਚਾਰ ਮਜ਼ਦੂਰ ਮਰ ਗਏ ਕੁਝ ਫੱਟੜ ਹੋਏ। ਇਹ ਘਟਨਾ ਨੇੜੇ ਤੋਂ ਦੇਖੀ। ਮਨ ਵਲੂੰਧਰਿਆ ਗਿਆ। ਇਹੋ ਜਿਹੀਆਂ ਘਟਨਾਵਾਂ ਅਕਸਰ ਵਾਪਰਦੀਆਂ ਸਨ। ਵਧੀਕੀਆਂ ਹੁੰਦੀਆਂ ਦੇਖੀਆਂ, ਪੜ੍ਹੀਆਂ, ਸੁਣੀਆਂ। ਇੰਜ ਵਧੀਕੀਆਂ ਕਰਨ ਵਾਲੇ ਬੁਰੇ ਲੱਗਣ ਲੱਗੇ। ਜਿਨ੍ਹਾਂ ਨਾਲ ਹੋ ਰਹੀਆਂ ਸੀ ਉਹ ਆਪਣੇ ਲੱਗਣ ਲੱਗੇ। ਇਹ ਗੱਲਾਂ ਪੇਸ਼ ਕਰਨ ਵਾਲਾ ਸਾਹਿਤ ਚੰਗਾ ਲੱਗਦਾ ਤੇ ਮਨ ਕਰਦਾ ਇਹੋ ਜਿਹਾ ਲਿਖਿਆ ਵੀ ਜਾਵੇ।

• ਚੰਡੀਗੜ੍ਹ ਉਦੋਂ ਕਿਹੋ ਜਿਹਾ ਸੀ?

1969 'ਚ ਚੰਡੀਗੜ੍ਹ ਨੌਕਰੀ ਲੱਗੀ ਸੀ। ਸਤਾਰਾਂ ਸੈਕਟਰ 'ਚ ਦਫ਼ਤਰ ਸੀ। ਇਕ ਦਿਨ 17 ਸੈਕਟਰ 'ਚ ਸ਼ਿਵ ਕੁਮਾਰ ਬਟਾਵਲੀ ਖੜ੍ਹਾ ਦੇਖਿਆ ਉਦੋਂ ਉਹਦੀ ਚੜ੍ਹਤ ਸੀ। ਉਹ ਔਸਬੀਆਈ 'ਚ ਨੌਕਰੀ ਕਰਦਾ ਸੀ। ਚੰਡੀਗੜ੍ਹ ਅਜੇ ਬਣਦਾ ਸੀ। ਵੱਡੀਆਂ-ਵੱਡੀਆਂ ਸਾਹਿਤਕ ਤੇ ਸਿਆਸੀ ਸ਼ਖ਼ਸੀਅਤਾਂ ਦੇਖੀਆਂ। ਵੱਡੇ-ਵੱਡੇ ਅਫ਼ਸਰ ਦੇਖੇ। ਪਰ ਇਨ੍ਹਾਂ ਨੂੰ ਦੇਖਣ ਤੋਂ ਬਾਅਦ ਦਿਲ ਦਿਮਾਗ਼ 'ਚ ਘਟੀਆਪਣ ਦਾ ਮਹਿਸੂਸ ਹੋਣਾ ਜੇ ਕੁਝ ਕੀਤਾ ਵੀ ਹੋਣਾ ਤਾਂ ਹਿੰਮਤ ਨਾ ਪੈਣੀ ਕਿ ਪ੍ਰਗਟ ਕਰ ਸਕੀਏ।

• ਪੰਜਾਬ ਤੋਂ ਬਾਹਰ ਕਿੱਥੇ-ਕਿੱਥੇ ਰਹੇ?

ਚੰਡੀਗੜ੍ਹ ਰਹਿ ਕੇ ਨੌਕਰੀ ਕੀਤੀ, ਪੜ੍ਹਾਈ ਕੀਤੀ, ਦਫ਼ਤਰਾਂ 'ਚ ਜਾਤੀ ਅਧਾਰਤ ਵਿਤਕਰਾ ਬਰਦਾਸ਼ਤ ਕੀਤਾ। ਵਿਜਯਾ ਬੈਂਕ 'ਚ ਨੌਕਰੀ ਬੰਗਲੋਰ ਲੱਗੀ। ਛੇ ਮਹੀਨੇ ਕੱਟੇ। ਦੂਰ ਸੀ। ਭਾਸ਼ਾ ਦੀ ਵੀ ਸਮੱਸਿਆ, ਦੂਸਰਾ ਦੇਸ਼ ਲੱਗਦਾ ਸੀ। ਦਿੱਲੀ ਤੋਂ ਲਖਨਊ, ਫਿਰ ਬਨਾਰਸ, ਫਿਰ ਜਲੰਧਰ, ਫਿਰ ਜਲੰਧਰ ਤੋਂ ਜਬਲਪੁਰ, ਭੋਪਾਲ, ਫਿਰ ਲਖਨਊ। ਬਨਾਰਸ ਤੇ ਚੰਡੀਗੜ੍ਹ ਘੁੰਮਦੇ ਰਹੇ। ਏਸੇ ਦੌਰਾਨ ਬੰਬਈ-ਕਲਕੱਤੇ ਵੀ ਆਉਣ ਜਾਣ ਬਣਿਆ ਰਿਹਾ। ਪੂਰਾ ਭਾਰਤ ਦੇਖ ਹੋ ਗਿਆ।

• ਪੰਜਾਬ 'ਚ ਜਾਤ ਪਾਤ ਦੀ ਸਮੱਸਿਆ ਘੱਟ ਹੈ ਬਾਹਰ ਜ਼ਿਆਦਾ?

ਨਹੀਂ ਅਜਿਹਾ ਨਹੀਂ। ਜਾਤ ਪਾਤ ਦੀ ਸਮੱਸਿਆ ਨਾ ਪੰਜਾਬ 'ਚ ਘੱਟ ਹੈ ਨਾ ਬਾਹਰ ਜ਼ਿਆਦਾ ਹੈ ਹਰ ਜਗ੍ਹਾ ਹੈ। ਜੇ ਬੰਦਾ ਸਪਸ਼ਟ ਹੋ ਕੇ ਰਹਿੰਦਾ ਹੈ ਤਾਂ ਕੋਈ ਸਮੱਸਿਆ ਨਹੀਂ। ਜੇ ਭੁੰਗੜ ਕੇ ਰਹੇਗਾ ਤਾਂ ਜਾਤ ਖਾ ਜਾਏਗੀ। ਹੁਣ ਝਾੜੂ ਦੇਣ ਵਾਲੇ ਨੂੰ ਉੱਚੀ ਜਾਤ ਵਾਲਾ ਕੋਈ ਕੁਝ ਨਹੀਂ ਕਹਿੰਦਾ। ਹਾਂ ਜੇ ਝਾੜੂ ਦੇਣ ਵਾਲੇ ਦੇ ਪਰਿਵਾਰ 'ਚੋਂ ਕਿਸੇ ਦਫ਼ਤਰ 'ਚ ਕਿਤੇ ਨੌਕਰੀ ਲੱਗ ਜਾਵੇ ਤਾਂ ਉਸ ਗ਼ਰੀਬ ਨੂੰ ਉੱਚੀ ਜਾਤ ਖਾ ਜਾਏਗੀ। ਰਿਜ਼ਰਵੇਸ਼ਨ ਦੇ ਮਿਹਣੇ ਮਾਰੇ ਜਾਣਗੇ। ਜਾਂ ਇਹ ਵੀ ਹੈ ਕਿ ਛੋਟੀ ਜਾਤ ਵਾਲਾ ਆਪਣੀ ਕਲੋਨੀ ਛੱਡ ਕੇ ਵਧੀਆ ਕਲੋਨੀ 'ਚ ਰਹਿਣ ਦਾ ਉਪਰਾਲਾ ਕਰੂਗਾ ਤਾਂ ਉਸ ਨੂੰ ਕਠਿਨਾਈ ਹੋਵੇਗੀ। ਹਾਲ ਹੀ 'ਚ ਇਕ ਪਿੰਡ ਇਕ ਗੁਰਦੁਆਰੇ ਦਾ ਨਾਹਰਾ ਉਠਿਆ ਸੀ ਜੋ ਮੱਠਾ ਪੈ ਗਿਆ। ਹੋਰ ਤਾਂ ਹੋਰ ਸ਼ਮਸਾਨ ਭੂਮੀਆਂ ਵੀ ਇੱਕਠੀਆਂ ਨਹੀਂ ਹੋ ਸਕੀਆਂ।

• ਭਾਰਤ 'ਚ ਰਿਜ਼ਰਵੇਸ਼ਨ ਵੀ ਜਾਤ ਪਾਤ ਖ਼ਤਮ ਨਹੀਂ ਕਰ ਸਕੀ?

ਨਹੀਂ ਰਿਜ਼ਰਵੇਸ਼ਨ ਨਾਲ ਜਾਤ ਪਾਤ ਖ਼ਤਮ ਨਹੀਂ ਹੋ ਸਕੀ। ਡਾ. ਅੰਬੇਡਕਰ ਦੀ ਅਗਵਾਈ 'ਚ ਅੰਗਰੇਜ਼ਾਂ ਨਾਲ ਸਿੱਧਾ ਰਾਬਤਾ ਕਾਇਮ ਕਰ ਕੇ ਜਿਹੜਾ ਦਲਿਤ ਮੁਕਤੀ ਦਾ ਅੰਦੋਲਨ ਉਠਿਆ ਸੀ ਉਹ ਰਿਜ਼ਰਵੇਸ਼ਨ ਦੇ ਲਾਰੇ ਨਾਲ ਸ਼ਾਂਤ ਕਰ ਦਿੱਤਾ। ਸਮੱਸਿਆ ਜਿਓਂ ਦੀ ਤਿਓਂ ਖੜ੍ਹੀ ਹੈ।

• ਜਾਤ ਪਾਤ ਦੀ ਸਮੱਸਿਆ ਦਾ ਹੱਲ ਕੀ ਹੈ?

ਇਹ ਸਮੱਸਿਆ ਹੱਲ ਹੋ ਸਕਦੀ ਹੈ। ਸਰਕਾਰ ਦੀ ਨੀਯਤ ਸਾਫ਼ ਹੋਵੇ। ਜਿੰਨੇ ਵੀ ਕਾਨੂੰਨ ਬਣੇ ਹਨ ਉਹ ਲਾਗੂ ਕੀਤੇ ਜਾਣ। ਕਾਨੂੰਨ ਲਾਗੂ ਨਾ ਕੀਤੇ ਜਾਣ ਦੀ ਸੂਰਤ 'ਚ ਜ਼ਿੰਮੇਵਾਰੀ ਫਿਕਸ ਕੀਤੀ ਜਾਵੇ। ਸਿੱਖਿਆ ਮੁਫ਼ਤ ਦਿੱਤੀ ਜਾਵੇ ਅਤੇ ਇਕੋ ਜਿਹੀ ਦਿੱਤੀ ਜਾਵੇ। ਇੰਗਲਿਸ਼ ਮੀਡੀਆ ਦੇ ਸਕੂਲ ਬੰਦ ਕੀਤੇ ਜਾਣ। ਸਭ ਤੋਂ ਛੋਟੀਆਂ ਜਾਤਾਂ ਵਾਲੇ ਆਪਣੀ ਜਾਤ ਅਤੇ ਆਪਣੇ ਆਪ ਨੂੰ ਮਜ਼ਬੂਤ ਕਰਨ। ਤਕਨੀਕ ਦਾ ਯੁਗ ਹੈ। ਪਰੰਪਰਾ ਜਾਂ ਜਾਤ ਦਾ ਯੁਗ ਹੈ। ਸਾਹਿਤ ਇਸ ਵਿਚ ਬੜਾ ਯੋਗਦਾਨ ਪਾ ਸਕਦਾ ਹੈ।

• ਜਾਤਪਾਤ ਦੇ ਖ਼ਾਤਮੇ ਲਈ ਸਾਹਿਤ ਆਪਣੀ ਭੂਮਿਕਾ ਕਿਵੇਂ ਨਿਭਾਅ ਸਕਦਾ ਹੈ?

ਕਿਸੇ ਵੀ ਸਮੱਸਿਆ ਦੀ ਪੇਸ਼ਕਾਰੀ ਸਮੇਂ ਸਾਹਿਤਕਾਰ ਨੂੰ ਇਮਾਨਦਾਰ ਹੋਣਾ ਪਵੇਗਾ। ਭਗਤੀ ਲਹਿਰ ਦੇ ਮਹਾਨ ਬਾਣੀਕਾਰ ਪੰਦਰਵੀਂ ਸੋਹਲਵੀਂ ਸਦੀ ਦੇ ਨਾਇਕ ਸਤਿਗੁਰ ਕਬੀਰ, ਗੁਰੂ ਰਵਿਦਾਸ, ਭਗਤ ਨਾਮਦੇਵ ਤੇ ਹੋਰ ਮਹਾਂਪੁਰਸ਼ ਅੱਜ ਵੀ ਅਣਗੌਲੇ ਪਏ ਹਨ। ਅੱਜ ਦੇ ਯੁਗ ਦੀ ਗੱਲ ਛੱਡੋ ਦਲਿਤਾਂ ਬਾਰੇ ਗੱਲ ਕਰਨ ਵਾਲੇ ਸਾਡੇ ਆਧੁਨਿਕ ਯੁਗ ਵਿਚ ਵੀ ਅਣਗੌਲੇ ਪਏ ਹਨ। ਦਲਿਤ ਲੇਖਕਾਂ ਤੇ ਦਲਿਤ ਸਾਹਿਤਕਾਰ ਹੋਣ ਦਾ ਫੱਟਾ ਲੱਗ ਜਾਂਦਾ ਹੈ।

• ਆਪਣੀ ਲਿਖਣ ਪ੍ਰਕਿਰਿਆ ਬਾਰੇ ਗੱਲ ਦੱਸੋ।

ਮੈਂ ਜੋ ਦੇਖਦਾ ਹਾਂ ਲਿਖਦਾ ਹਾਂ। ਚੋਰਬਜ਼ਾਰੀ, ਰਿਸ਼ਵਤਖੋਰੀ- ਹਰਾਮਖੋਰੀ ਹਰ ਜਗ੍ਹਾ ਹੈ। ਪੈਸਾ ਪੈਸੇ ਦਾ ਮਿੱਤਰ ਜਾਤਾਂ ਤੋਂ ਵੀ ਉਪਰ ਉੱਚੀ ਜਾਤ ਤੇ ਨੀਵੀ ਜਾਤ ਦੇ ਬੰਦਿਆ ਦਾ ਇਕੋ ਗੋਲ ਹੈ- ਪੈਸਾ। ਇਸ ਪੈਸੇ ਦੀ ਦੌੜ ਨੇ ਕਈ ਲਹਿਰਾਂ ਠੰਢੀਆਂ ਕਰ ਦਿੱਤੀਆਂ ਹਨ। ਨਵੀਂ ਪੁਸਤਕ "ਕੱਚਾ ਮਾਸ" ਵਿਚ ਕਈ ਕਹਾਣੀਆਂ ਏਸੇ ਰੰਗ ਦੀਆਂ ਹਨ। ਇਕ ਦਿਨ ਦੇਖਿਆ ਕੋਈ ਬਾਹਰੀ ਬੰਦਾ ਕਿਸੇ ਕਚਹਿਰੀ ਦੇ ਸਟਾਫ਼ ਨੂੰ ਪੈਸੇ ਦੇ ਰਿਹਾ ਸੀ। ਦੋਵਾਂ ਦੇ ਹੱਥਾ 'ਤੇ ੭੬੍ ਉਕਰਿਆ ਹੋਇਆ ਸੀ ' ਹੇ ਵਾਹਿਗੁਰੂ-' ਕਹਾਣੀ ਲਿਖੀ। ਲਿਖਣ ਲਈ ਜਦ ਰਚਨਾ ਬਾਹਰ ਆਵੇ ਜਦੋਂ ਸਮਾਂ ਮਿਲੇ ਲਿਖ ਲੈਂਦਾ ਹਾਂ।

• ਸਾਹਿਤ ਅਤੇ ਕਾਨੂੰਨ ਦਾ ਆਪਸ ਵਿਚ ਸਬੰਧ?

ਸਾਹਿਤ ਵੀ ਕਾਨੂੰਨ ਹੈ ਤੇ ਕਾਨੂੰਨ ਵੀ ਸਾਹਿਤ। ਦੋਵੇਂ ਮਨੁੱਖਤਾ ਨੂੰ ਸੇਧ ਦੇਂਦੇ ਹਨ। ਸਮੱਸਿਆ ਹੈ ਸਮੱਸਿਆ ਦਾ ਹੱਲ ਹੈ-ਗੁਨਾਹਗਾਰ ਲਈ ਸਜ਼ਾ ਹੈ-ਪਛਤਾਵਾ ਹੈ, ਪਸ਼ਚਾਤਾਪ ਹੈ ਜੇਕਰ ਸਾਹਿਤ ਉੱਚ ਦਰਜੇ ਦਾ ਹੈ ਅਤੇ ਟੁੰਬਦਾ ਹੈ ਤਾਂ ਕਾਨੂੰਨ ਜਿੰਨਾ ਹੀ ਅਸਰ ਕਰੇਗਾ। ਅਜੇ ਕੁਝ ਦਿਨ ਪੁਰਾਣੀ ਗੱਲ ਹੈ, ਚੰਡੀਗੜ੍ਹ ਦੀ ਸੀਬੀਆਈ ਅਦਾਲਤ ਨੇ ਇਕ ਪੁਲਿਸ ਅਫ਼ਸਰ ਨੂੰ ਰਿਸ਼ਵਤ ਦੇ ਕੇਸ ਵਿਚ 3 ਸਾਲ ਦੀ ਸਜ਼ਾ ਸੁਣਾਉਣ ਤੋਂ ਪਹਿਲਾਂ ਜੱਜ ਸਾਹਿਬ ਨੇ ਦੋਸ਼ੀ ਨੂੰ ਮੁਨਸ਼ੀ ਪ੍ਰੇਮ ਚੰਦ ਦੀ -'ਨਮਕ ਕਾ ਦਰੋਗਾ'- ਕਹਾਣੀ ਸੁਣਾਈ। ਮੁਨਸ਼ੀ ਪ੍ਰੇਮ ਚੰਦ ਨੂੰ ਉਨ੍ਹਾਂ ਦੀਆਂ ਰਚਨਾਵਾਂ ਕਰਕੇ ਯਾਦ ਕੀਤਾ ਜਾਂਦਾ ਹੈ। 'ਨਮਕ ਕਾ ਦਰੋਗਾ' ਕਹਾਣੀ ਨੇ ਜੱਜ ਨੂੰ ਪ੍ਰਭਾਵਤ ਕੀਤਾ ਜੱਜ ਨੇ ਅੱਗੇ ਫ਼ੈਸਲਾ ਸੁਣਾਇਆ।

• ਕਚਹਿਰੀ ਨਾਲ ਸਬੰਧਤ ਸਾਹਿਤ

ਕਚਹਿਰੀ ਨਾਲ ਸਬੰਧਤ ਸਾਹਿਤ ਖ਼ਬਰਾਂ ਦੇ ਰੂਪ ਵਿਚ ਮਿਲਦਾ ਹੈ। ਸੁਪਰੀਮ ਕੋਰਟ-ਹਾਈ ਕੋਰਟ ਦੇ ਫ਼ੈਸਲੇ ਛਪਦੇ ਹਨ। ਸਾਡੇ ਸਾਹਿਤ ਅਕਾਡਮੀ ਐਵਾਰਡ ਪ੍ਰਾਪਤ ਲੇਖਕ ਮਿਤਰ ਸੈਨ ਮੀਤ ਦੇ ਸਾਰੇ ਨਾਵਲ-ਕਹਾਣੀਆਂ ਕਚਹਿਰੀ ਅਤੇ ਨਿਆਂ ਪ੍ਰਣਾਲੀ ਨਾਲ ਸਬੰਧਤ ਹਨ। ਮਿੱਤਰ ਸੈਨ ਮੀਤ ਜ਼ਿਲ੍ਹਾ ਅਟਾਰਨੀ ਸਨ ਪਰ ਨਿੰਦਰ ਘੁਗਿਆਣਵੀ ਦੀਆਂ ਲਿਖਤਾਂ ਹੋਰ ਵੀ ਰੋਚਕ ਹਨ। ਉਹ ਵਧਾਈ ਦੇ ਹੱਕਦਾਰ ਹਨ। •

ਪੁਸਤਕ 'ਕੱਚਾ ਮਾਸ' ਵਿਚਲੀਆਂ ਕਹਾਣੀਆਂ ਬਾਰੇ ਕੁਝ ਦੱਸੋ।

ਪੁਸਤਕ ਵਿਚਲੀਆਂ ਕਹਾਣੀਆਂ ਬਾਰੇ ਨਿਰਣਾ ਪਾਠਕਾਂ ਦੇ ਹੱਥ ਹੈ। ਸਾਡੀਆਂ ਕਚਹਿਰੀਆਂ ਨਿਆਂ ਕਰਦੀਆਂ ਹਨ ਕਿ ਨਹੀਂ ਫ਼ੈਸਲੇ ਜ਼ਰੂਰ ਕਰਦੀਆਂ ਹਨ। ਉਹ ਵੀ ਦੇਰੀ ਨਾਲ-ਤਰੀਕਾਂ 'ਤੇ ਤਰੀਕਾਂ। ਪਰੇਸ਼ਾਨ ਹੁੰਦੇ ਹਨ ਲੋਕ। ਦਰੱਖ਼ਤ ਵੀ ਕਹਿੰਦੇ ਬਿਰਧ ਹੋ ਗਏ ਫ਼ੈਸਲੇ ਸੁਣਦੇ-ਸੁਣਦੇ। ਫਿਰ ਵੀ ਗਵਾਹੀ ਅੱਗੇ ਤੁਰਦੀ ਹੈ।

ਰੂਬਰੂ

ਚੰਡੀਗੜ੍ਹ ਦੀ ਸੀਬੀਆਈ ਅਦਾਲਤ ਨੇ ਇਕ ਪੁਲਿਸ ਅਫ਼ਸਰ ਨੂੰ ਰਿਸ਼ਵਤ ਦੇ ਕੇਸ ਵਿਚ 3 ਸਾਲ ਦੀ ਸਜ਼ਾ ਸੁਣਾਉਣ ਤੋਂ ਪਹਿਲਾਂ ਦੋਸ਼ੀ ਨੂੰ ਮੁਨਸ਼ੀ ਪ੍ਰੇਮ ਚੰਦ ਦੀ ਕਹਾਣੀ 'ਨਮਕ ਕਾ ਦਰੋਗਾ' ਸੁਣਾਈ। ਇਹ ਹੈ ਮੁਨਸ਼ੀ ਪ੍ਰੇਮ ਚੰਦ ਦੀਆਂ ਕਹਾਣੀਆਂ ਦੀ ਅਮੀਰੀ ...

ਪੰਜਾਬ ਦੀ ਵੰਡ ਬੜੀ ਖ਼ਤਰਨਾਕ ਤੇ ਦਰਦਨਾਕ ਸੀ। ਅਸੀਂ ਹਿੰਦੂ, ਸਿੱਖ, ਮੁਸਲਿਮ ਆਦਿ ਸਦੀਆਂ ਤੋਂ ਇਕੱਠੇ ਰਹਿ ਰਹੇ ਸੀ। ਦੋਵਾਂ ਪਾਸਿਆਂ ਦੀ ਆਬਾਦੀ ਦਾ ਉਜਾੜਾ, ਤਬਾਦਲਾ ਤੇ ਕਤਲੋਗਾਰਤ ਬੜੀ ਅਜੀਬ ਲੱਗੀ...

ਸੁਭਿ ਅਮਲਾ ਬਾਝਹੁ ਦੋਨੋ ਰੋਈ

• ਡਾ. ਸਤਬੀਰ ਸਿੰਘ
98880-29401

(ਲੜੀ ਜੋੜਨ ਲਈ ਸੰਡੇ ਦਾ ਪਿਛਲਾ ਅੰਕ ਦੇਖੋ)

ਇਕ ਥੋਤੀ 'ਤੇ ਸਾਮਾਨ ਲੱਦੀ ਅਸੀਂ ਇਕ ਗੁੜ੍ਹੇ ਮਿੱਤਰ ਦਿਲ-ਮੁਹੰਮਦ ਦੀ ਅਗਵਾਈ ਵਿਚ ਹਿੰਦੋਸਤਾਨ ਵੱਲ ਵੱਧ ਰਹੇ ਸਾਂ। ਇਕ ਉੱਚੇ ਲੰਮੇ ਗੱਭਰੂ ਨੇ ਮੇਰੇ ਤਾਇਆ ਜੀ ਦੇ ਮੋਢੇ 'ਤੇ ਛਵੀ ਰੱਖ ਕੇ ਵਾਰ ਕਰਨਾ ਚਾਹਿਆ ਪਰ ਦਿਲ ਮੁਹੰਮਦ ਨੇ ਛਵੀ ਦੀ ਡਾਂਗ ਫੜ ਕੇ ਧਾੜਵੀਆਂ ਦੇ ਹਾੜ੍ਹੇ ਕੱਢਣੇ ਸ਼ੁਰੂ ਕਰ ਦਿੱਤੇ। ਧਾੜਵੀ ਕਹਿਣ ਕਿ ਇਹ ਕਾਫ਼ਰ ਨੇ। ਤੂੰ ਅੱਲ੍ਹਾ ਰਸੂਲ ਦਾ ਬੰਦਾ ਕਿਉਂ ਵਿਚ ਆਣ

ਮੁੱਖ ਸਕੱਤਰ ਡਾ.ਟੀ.ਵੀ.ਐਸ.ਐਨ. ਪ੍ਰਸਾਦ ਨੇ ਮਾਸਿਕ ਪ੍ਰਦੂਸ਼ਣ ਅਤੇ ਵਾਤਾਵਰਣ ਰਿਪੋਰਟਾਂ ਨੂੰ ਸੰਕਲਿਤ ਕਰਨ ਦੇ ਦਿੱਤੇ ਨਿਰਦੇਸ਼

ਚੰਡੀਗੜ੍ਹ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਸਕੱਤਰ ਡਾ.ਟੀ.ਵੀ.ਐਸ.ਐਨ. ਪ੍ਰਸਾਦ ਨੇ ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ (ਐਚਐਸ.ਪੀ.ਸੀ.ਬੀ.) ਦੇ ਖੇਤਰੀ ਅਧਿਕਾਰੀਆਂ ਨੂੰ ਆਪਣੇ-ਆਪਣੇ ਖੇਤਰਾਂ ਲਈ ਮਾਸਿਕ ਪ੍ਰਦੂਸ਼ਣ ਅਤੇ ਵਾਤਾਵਰਣ ਰਿਪੋਰਟਾਂ ਨੂੰ ਸੰਕਲਿਤ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਹ ਰਿਪੋਰਟਾਂ ਰਾਜ ਸਰਕਾਰ ਨੂੰ ਸੌਂਪੀਆਂ ਜਾਣਗੀਆਂ ਤਾਂ ਜੋ ਪ੍ਰਦੂਸ਼ਣ ਵਿਰੁੱਧ ਪ੍ਰਭਾਵੀ ਕਦਮ ਚੁੱਕੇ ਜਾ ਸਕਣ।

ਬੋਰਡ ਦੀ ਗੋਲਡਨ ਜੁਬਲੀ ਦੇ ਮੌਕੇ 'ਤੇ ਅੱਜ ਇੱਥੇ ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਖੇਤਰੀ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਡਾ. ਪ੍ਰਸਾਦ ਨੇ ਸਿਹਤ, ਟਰਾਂਸਪੋਰਟ, ਉਦਯੋਗ, ਸ਼ਹਿਰ ਅਤੇ ਦੇਸ਼ ਦੀ ਯੋਜਨਾਬੰਦੀ, ਸ਼ਹਿਰੀ ਸਥਾਨਕ ਸੰਸਥਾਵਾਂ, ਵਿਕਾਸ ਅਤੇ ਪੰਚਾਇਤ ਅਤੇ ਜਨਤਕ ਸਿਹਤ ਇੰਜੀਨੀਅਰਿੰਗ ਸਮੇਤ ਪ੍ਰਮੁੱਖ ਹਿੱਸੇਦਾਰ ਵਿਭਾਗਾਂ ਵਾਲੇ ਇੱਕ ਕਾਰਜ ਸਮੂਹ ਬਣਾਉਣ ਦਾ ਵੀ ਨਿਰਦੇਸ਼ ਦਿੱਤਾ। ਇਹ ਵਰਕਿੰਗ ਗਰੁੱਪ ਗੋਲਡਨ ਜੁਬਲੀ ਸਾਲ ਦੌਰਾਨ ਘੱਟੋ-ਘੱਟ 50 ਪ੍ਰਦੂਸ਼ਣ ਹੌਟਸਪੌਟਸ 'ਤੇ ਕੰਮ ਕਰੇਗਾ। ਉਨ੍ਹਾਂ ਨੇ ਪ੍ਰਦੂਸ਼ਣ ਕੰਟਰੋਲ ਦੇ ਯਤਨਾਂ ਨੂੰ ਵਧਾਉਣ ਅਤੇ ਹਰਿਆਣਾ ਦੇ ਲੋਕਾਂ ਲਈ ਸਵੱਛ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਅੰਤਰ-ਵਿਭਾਗੀ ਤਾਲਮੇਲ ਦੀ ਲੋੜ 'ਤੇ ਵੀ ਜ਼ੋਰ ਦਿੱਤਾ।

ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਇਸ ਦੀ 50ਵੀਂ ਵਰ੍ਹੇਗੰਢ 'ਤੇ ਵਧਾਈ ਦਿੰਦੇ ਹੋਏ ਮੁੱਖ ਸਕੱਤਰ ਡਾ.ਟੀ.ਵੀ.ਐਸ.ਐਨ. ਪ੍ਰਸਾਦ ਨੇ ਵਧਦੀ ਆਰਥਿਕ ਗਤੀਵਿਧੀਆਂ ਦੇ ਮੱਦੇਨਜ਼ਰ ਵਾਤਾਵਰਣ ਪ੍ਰਦੂਸ਼ਣ ਨੂੰ ਘਟਾਉਣ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਸਨੇ ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕਰਦੇ ਹੋਏ ਇੱਕ ਟਿਕਾਊ ਭਵਿੱਖ ਨੂੰ ਯਕੀਨੀ ਬਣਾਉਣ ਲਈ ਇੱਕ ਕਿਰਿਆਸ਼ੀਲ ਪਹੁੰਚ ਦੀ ਮੰਗ ਕੀਤੀ।

ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਸ਼੍ਰੀ ਪੀ. ਰਾਘਵੇਂਦਰ ਰਾਓ ਨੇ ਸਾਲ 1974 ਵਿੱਚ ਬੋਰਡ ਦੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਭਾਵੇਂ ਬੋਰਡ ਦੀ ਸਥਾਪਨਾ ਅਸਲ ਵਿੱਚ ਪਾਣੀ ਦੇ ਪ੍ਰਦੂਸ਼ਣ ਨਾਲ ਨਜਿੱਠਣ ਲਈ ਕੀਤੀ ਗਈ ਸੀ, ਪਰ ਇਸ ਦੀਆਂ ਗਤੀਵਿਧੀਆਂ ਵਿੱਚ ਕਈ ਸਾਲਾਂ ਵਿੱਚ ਵਾਤਾਵਰਣ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਕਾਫੀ ਵਾਧਾ ਹੋਇਆ ਹੈ। ਸਿਹਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ਼੍ਰੀ ਸੁਧੀਰ ਰਾਜਪਾਲ ਨੇ ਸਿਸਟਮ ਦੀ ਪ੍ਰਭਾਵਸ਼ੀਲਤਾ ਨੂੰ ਵਧਾਉਣ ਲਈ ਬਾਇਓਮੈਡੀਕਲ ਵੇਸਟ ਕਲੈਕਸ਼ਨ ਅਤੇ ਨਿਪਟਾਰੇ ਦੀ ਜ਼ਿੰਮੇਵਾਰੀ ਕਈ ਏਜੰਸੀਆਂ ਨੂੰ ਸੌਂਪਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸੇਵਾ ਕੁਸ਼ਲਤਾ ਨੂੰ ਬਿਹਤਰ ਬਣਾਉਣ ਲਈ ਇਨ੍ਹਾਂ ਏਜੰਸੀਆਂ ਦੇ ਕਾਰਜਸ਼ੀਲ ਘੇਰੇ ਨੂੰ ਮੌਜੂਦਾ 75 ਕਿਲੋਮੀਟਰ ਤੋਂ ਘਟਾਉਣ ਦਾ ਪ੍ਰਸਤਾਵ ਵੀ ਰੱਖਿਆ।

ਮੀਟਿੰਗ ਵਿੱਚ ਦੱਸਿਆ ਗਿਆ ਕਿ ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਆਉਣ ਵਾਲੇ ਸਰਦੀਆਂ ਦੇ ਮੌਸਮ ਵਿੱਚ ਹਵਾ ਪ੍ਰਦੂਸ਼ਣ ਨੂੰ ਘੱਟ ਕਰਨ ਲਈ ਕਈ ਕਦਮ ਚੁੱਕੇ ਹਨ। ਬੋਰਡ ਨੇ ਰਾਜ ਭਰ ਵਿੱਚ, ਖਾਸ ਕਰਕੇ ਰਾਸ਼ਟਰੀ ਰਾਜਧਾਨੀ ਖੇਤਰ (NCR) ਵਿੱਚ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਦੇ ਉਦੇਸ਼ ਨਾਲ ਕਈ ਪਹਿਲਕਦਮੀਆਂ ਕੀਤੀਆਂ ਹਨ। ਐਚ.ਐਸ.ਪੀ.ਸੀ.ਬੀ. ਐਨ.ਸੀ.ਆਰ ਜ਼ਿਲ੍ਹਿਆਂ ਵਿੱਚ ਸਾਰੇ ਲਾਲ ਸ਼੍ਰੇਣੀ ਦੇ ਹਵਾ ਨਿਕਾਸੀ ਉਦਯੋਗਾਂ ਨੂੰ ਔਨਲਾਈਨ ਕੰਟੀਨਿਊਅਸ ਐਮੀਸ਼ਨ ਮਾਨੀਟਰਿੰਗ ਡਿਵਾਈਸ (ਓਸੀਈਐਮਡੀ) ਸਥਾਪਤ ਕਰਨ ਦੇ ਆਦੇਸ਼ ਦਿੱਤੇ ਗਏ ਹਨ। ਕਰੀਬ 400 ਅਜਿਹੇ ਯੂਨਿਟ ਲਗਾਏ ਗਏ ਹਨ। ਹਵਾ ਦੀ ਗੁਣਵੱਤਾ ਦੀ ਨਿਗਰਾਨੀ ਨੂੰ ਮਜ਼ਬੂਤ ਕਰਨ ਲਈ, ਹਰਿਆਣਾ ਨੇ ਰਾਜ ਭਰ ਵਿੱਚ 29 ਨਿਰੰਤਰ ਅੰਬੀਨਟ ਏਅਰ ਕੁਆਲਿਟੀ ਨਿਗਰਾਨੀ ਕੇਂਦਰ (CAAQMS) ਸਥਾਪਤ ਕੀਤੇ ਹਨ, ਜਿਨ੍ਹਾਂ ਵਿੱਚੋਂ 21 NCR ਵਿੱਚ ਹਨ। ਜ਼ਿਲ੍ਹਿਆਂ ਵਿੱਚ ਸਥਿਤ ਹਨ। ਇਸ ਤੋਂ ਇਲਾਵਾ, ਵਿਆਪਕ ਹਵਾ ਦੀ ਗੁਣਵੱਤਾ ਦੇ ਮੁਲਾਂਕਣ ਨੂੰ ਯਕੀਨੀ ਬਣਾਉਣ ਲਈ 46 ਮੈਨੂਅਲ ਸਟੇਸ਼ਨ ਕੰਮ ਕਰ ਰਹੇ ਹਨ।

ਗਰੇਡਡ ਰਿਸਪਾਂਸ ਐਕਸ਼ਨ ਪਲਾਨ (ਜੀਆਰਏਪੀ) ਦੀ ਮਿਆਦ ਦੌਰਾਨ ਹਵਾ ਪ੍ਰਦੂਸ਼ਣ ਨਾਲ ਸਬੰਧਤ ਸ਼ਿਕਾਇਤਾਂ ਨਾਲ 24 ਘੰਟੇ ਨਿਪਟਣ ਲਈ ਬੱਲਭਗੜ੍ਹ ਖੇਤਰੀ ਦਫ਼ਤਰ ਵਿਖੇ ਇੱਕ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ। ਐਚ.ਐਸ.ਪੀ.ਸੀ.ਬੀ. ਨਿਯਮਤ ਨਿਰੀਖਣਾਂ ਰਾਹੀਂ ਨਿਕਾਸੀ ਮਾਪਦੰਡਾਂ ਦੀ ਨੇੜਿਓਂ ਨਿਗਰਾਨੀ ਕਰ ਰਿਹਾ ਹੈ ਅਤੇ ਗੈਰ-ਪ੍ਰਵਾਨਿਤ ਈਂਧਨ ਦੀ ਵਰਤੋਂ ਵਿਰੁੱਧ ਪੂਰੀ ਚੌਕਸੀ ਬਣਾਈ ਰੱਖ ਰਿਹਾ ਹੈ।

ਏਅਰ ਕੁਆਲਿਟੀ ਮੈਨੇਜਮੈਂਟ ਕਮਿਸ਼ਨ ਦੀਆਂ ਹਦਾਇਤਾਂ ਦੇਜਵਾਬ ਵਿੱਚ, ਐਚ.ਐਸ.ਪੀ.ਸੀ.ਬੀ. ਨੇ ਲੋਕ ਨਿਰਮਾਣ (ਇਮਾਰਤਾਂ ਅਤੇ ਸੜਕਾਂ) ਵਿਭਾਗ ਅਤੇ ਹਰਿਆਣਾ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ ਦੇ ਨਾਲ 'ਡਸਟ ਕੰਟਰੋਲ ਐਂਡ ਮੈਨੇਜਮੈਂਟ ਸੈੱਲ' ਦੀ ਸਥਾਪਨਾ ਕੀਤੀ ਹੈ। ਵੱਖ-ਵੱਖ ਏਜੰਸੀਆਂ ਵਿੱਚ 19 ਅਜਿਹੇ ਸੈੱਲ ਬਣਾਏ ਗਏ ਹਨ ਅਤੇ ਧੂੜ ਪ੍ਰਦੂਸ਼ਣ ਕੰਟਰੋਲ ਦੇ ਸਵੈ-ਮੁਲਾਂਕਣ ਲਈ ਵੈੱਬ ਪੋਰਟਲ 'ਤੇ 1,074 ਉਸਾਰੀ ਸਾਈਟਾਂ ਨੂੰ ਰਜਿਸਟਰ ਕੀਤਾ ਗਿਆ ਹੈ।

ਐਚ.ਐਸ.ਪੀ.ਸੀ.ਬੀ. ਫਰੀਦਾਬਾਦ ਅਤੇ ਐਨ.ਸੀ.ਆਰ ਹੋਰ ਗੈਰ-ਐਨ.ਸੀ.ਏ.ਪੀ. ਸ਼ਹਿਰਾਂ ਲਈ ਸਿਟੀ ਐਕਸ਼ਨ ਪਲਾਨ ਨੂੰ ਲਾਗੂ ਕਰਨ ਦੀ ਸਰਗਰਮੀ ਨਾਲ ਨਿਗਰਾਨੀ ਕਰ ਰਿਹਾ ਹੈ। ਬੋਰਡ ਨੇ ਵਾਤਾਵਰਨ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਐਨ.ਸੀ.ਆਰ. ਲਈ ਪ੍ਰਵਾਨਿਤ ਈਂਧਨਾਂ ਦੀ ਸੂਚੀ ਨੂੰ ਵੀ ਅੱਪਡੇਟ ਕੀਤਾ ਗਿਆ ਹੈ। ਗੁਰੂਗ੍ਰਾਮ, ਪਾਣੀਪਤ ਅਤੇ ਸੋਨੀਪਤ ਲਈ ਸ੍ਰੋਤ ਵੰਡ ਅਤੇ ਨਿਕਾਸੀ ਵਸਤੂ ਸੂਚੀ ਦਾ ਅਧਿਐਨ ਪੂਰਾ ਕਰ ਲਿਆ ਗਿਆ ਹੈ ਅਤੇ ਇਹਨਾਂ ਅਧਿਐਨਾਂ ਨੂੰ ਹਰਿਆਣਾ ਦੇ ਹੋਰ ਵੱਡੇ ਸ਼ਹਿਰਾਂ ਵਿੱਚ ਫੈਲਾਉਣ ਦੀ ਯੋਜਨਾ ਹੈ।

ਐਸ.ਡੀ.ਐਮ ਨੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਅਧਿਕਾਰੀਆਂ ਨਾਲ ਕੀਤੀ ਸਮੀਖਿਆ ਮੀਟਿੰਗ

ਹੁਸ਼ਿਆਰਪੁਰ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਇਸ ਦੇ ਸੁਚਾਰੂ ਪ੍ਰਬੰਧਨ ਲਈ ਐਸ.ਡੀ.ਐਮ. ਗੜ੍ਹਸ਼ੰਕਰ ਸ਼ਿਵਰਾਜ ਸਿੰਘ ਬੱਲ ਨੇ ਅੱਜ ਬਲਾਕ ਮਾਹਿਲਪੁਰ ਅਤੇ ਗੜ੍ਹਸ਼ੰਕਰ ਦੇ ਕਲੱਸਟਰ ਅਤੇ ਨੋਡਲ ਅਫ਼ਸਰਾਂ ਨਾਲ ਅਹਿਮ ਮੀਟਿੰਗ ਕੀਤੀ।।ਮੀਟਿੰਗ ਦਾ ਮੁੱਖ ਉਦੇਸ਼ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਨੂੰ ਰੋਕਣਾ ਅਤੇ ਕਿਸਾਨਾਂ ਨੂੰ ਪਰਾਲੀ ਦੇ ਪ੍ਰਬੰਧਨ ਬਾਰੇ ਜਾਗਰੂਕ ਕਰਨਾ ਸੀ।

ਐਸ.ਡੀ.ਐਮ ਸ਼ਿਵਰਾਜ ਸਿੰਘ ਬੱਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਦੀ ਸਖ਼ਤੀ ਨਾਲ ਨਿਗਰਾਨੀ ਕਰਨ ਅਤੇ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੇ ਤਰੀਕਿਆਂ ਬਾਰੇ ਜਾਗਰੂਕ ਕਰਨ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਤ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਪਰਾਲੀ ਪ੍ਰਬੰਧਨ ਦੀਆਂ ਬਦਲਵੀਆਂ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਜਾਵੇ, ਤਾਂ ਜੋ ਵਾਤਾਵਰਣ ਨੂੰ ਸੁਰੱਖਿਅਤ ਰੱਖਿਆ ਜਾ ਸਕੇ।

ਐਸ.ਡੀ.ਐਮ ਨੇ ਇਹ ਵੀ ਕਿਹਾ ਕਿ ਸਰਕਾਰ ਵੱਲੋਂ ਪਰਾਲੀ ਪ੍ਰਬੰਧਨ ਲਈ ਕਈ ਤਰ੍ਹਾਂ ਦੀਆਂ ਯੋਜਨਾਵਾਂ ਅਤੇ ਉਪਕਰਨ ਉਪਲਬੱਧ ਕਰਵਾਏ ਗਏ ਹਨ, ਜਿਨ੍ਹਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਨ੍ਹਾਂ ਸਕੀਮਾਂ ਅਤੇ ਸਾਧਨਾਂ ਦਾ ਲਾਭ ਕਿਸਾਨਾਂ ਤੱਕ ਪਹੁੰਚਾਉਣ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਘੱਟ ਕਰਨ ਨੂੰ ਯਕੀਨੀ ਬਣਾਉਣ।

ਇਸ ਤੋਂ ਇਲਾਵਾ ਮੀਟਿੰਗ ਵਿੱਚ ਇਹ ਵੀ ਵਿਚਾਰਿਆ ਗਿਆ ਕਿ ਕਿਸਾਨਾਂ ਨੂੰ ਆਰਥਿਕ ਨੁਕਸਾਨ ਤੋਂ ਬਚਾਉਣ ਲਈ ਉਨ੍ਹਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਤਕਨੀਕੀ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ।

ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਉਹ ਆਪੋ-ਆਪਣੇ ਖੇਤਰਾਂ ਵਿੱਚ ਕਿਸਾਨਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਅਤੇ ਉਨ੍ਹਾਂ ਨੂੰ ਪਰਾਲੀ ਪ੍ਰਬੰਧਨ ਦੇ ਲਾਭਾਂ ਤੋਂ ਜਾਣੂ ਕਰਵਾਉਣ।

ਜ਼ਿਲ੍ਹਾ ਪੱਧਰੀ ਖੇਡਾਂ 'ਚ ਖਿਡਾਰੀ ਉਤਸਾਹ ਭਰਪੂਰ

ਲੁਧਿਆਣਾ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਖੇਡ ਅਫ਼ਸਰ ਕੁਲਦੀਪ ਚੁੱਘ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਦੌਰਾਨ ਖਿਡਾਰੀਆਂ ਵਿੱਚ ਭਾਰੀ ਉਤਸਾਹ ਦੇਖਣ ਨੂੰ ਮਿਲ ਰਿਹਾ।ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਟੂਰਨਾਮੈਂਟ ਵਿੱਚ ਹਰ ਉਮਰ ਵਰਗ ਦੇ ਖਿਡਾਰੀਆਂ ਵੱਲੋਂ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਵੱਖ-ਵੱਖ 24 ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ ਜਿਨ੍ਹਾਂ ਵਿੱਚ ਐਥਲੈਟਿਕਸ, ਬਾਸਕਟਬਾਲ, ਬੈਡਮਿੰਟਨ, ਬਾਕਸਿੰਗ, ਚੈੱਸ, ਫੁੱਟਬਾਲ, ਗੱਤਕਾ, ਹਾਕੀ, ਹੈਂਡਬਾਲ, ਜੂਡੋ, ਕਿੱਕ ਬਾਕਸਿੰਗ, ਕਬੱਡੀ ਨੈਸ਼ਨਲ, ਕਬੱਡੀ ਸਰਕਲ, ਖੋ-ਖੋ, ਲਾਅਨ ਟੈਨਿਸ, ਨੈੱਟਬਾਲ, ਪਾਵਰ ਲਿਫਟਿੰਗ, ਸਾਫਟਬਾਲ, ਤੈਰਾਕੀ, ਟੇਬਲ ਟੈਨਿਸ, ਵਾਲੀਬਾਲ ਸ੍ਰੂਟਿੰਗ, ਵਾਲੀਬਾਲ ਸਮੈਸ਼ਿੰਗ, ਵੇਟਲਿਫਟਿੰਗ ਅਤੇ ਕੁਸ਼ਤੀ ਸ਼ਾਮਲ ਹਨ।

ਜ਼ਿਲ੍ਹਾ ਖੇਡ ਅਫ਼ਸਰ ਵੱਲੋਂ ਜ਼ਿਲ੍ਹਾ ਪੱਧਰੀ ਖੇਡਾਂ ਦੇ ਤੈਅਸ਼ੁ ?ਦਾ ਸਡਿਊਲ ਅਨੁਸਾਰ ਬਾਸਕਟਬਾਲ, ਸਾਫਟਬਾਲ, ਚੈੱਸ, ਕਿੱਕ ਬਾਕਸਿੰਗ, ਨੈੱਟਬਾਲ, ਲਾਅਨ ਟੈਨਿਸ, ਬੈਡਮਿੰਟਨ ਅਤੇ ਵੇਟਲਿਫਟਿੰਗ ਦੇ ਕਰਵਾਏ ਜਾ ਰਹੇ ਟੂਰਨਾਮੈਂਟ ਦੇ ਅੱਜ ਦੇ ਨਤੀਜਿਆਂ ਦਾ ਵੇਰਵਾ ਸਾਂਝਾ ਕਰਦਿਆਂ ਦੱਸਿਆ ਕਿ ਵੇਟਲਿਫਟਿੰਗ ਅੰ14 ਲੜਕੀਆਂ ਦੇ ਨਰੇਸ਼ ਚੰਦਰ ਸਟੇਡੀਅਮ, ਖੰਨਾ ਵਿਖੇ ਹੋਏ ਮੁਕਾਬਲਿਆਂ ਵਿੱਚ 35 ਕਿਲੋਗ੍ਰਾਮ ਵਿੱਚ - ਪ੍ਰਵੀਨ ਕੌਰ (ਸ ਸ ਸ ਮਾਣਕ ਮਾਜਰਾ) ਨੇ ਪਹਿਲਾ, ਸਿਮਰਤ ਕੌਰ ((ਸ ਸ ਸ ਮਾਣਕ ਮਾਜਰਾ) ਨੇ ਦੂਜਾ ਅਤੇ ਸੁਮਨਪ੍ਰੀਤ ਕੌਰ (ਸ ਸ ਸ ਰਾਜੇਵਾਲ) ਨੇ ਤੀਜਾ ਸਥਾਨ; 40 ਕਿਲੋਗ੍ਰਾਮ ਵਿੱਚ - ਸੁਖਦੀਪ ਕੌਰ (ਸ ਸ ਸ ਮਾਣਕ ਮਾਜਰਾ) ਨੇ ਪਹਿਲਾ, ਨੰਦਨੀ ਸੂਦ (ਜਗਰਾ) ਨੇ ਦੂਜਾ ਅਤੇ ਅਰਸ਼ਦੀਪ ਕੌਰ (ਸ ਸ ਸ ਰਾਜੇਵਾਲ) ਨੇ ਤੀਜਾ ਸਥਾਨ; 45 ਕਿਲੋਗ੍ਰਾਮ ਵਿੱਚ - ਖੁਸਪ੍ਰੀਤ ਕੌਰ (ਸ ਸ ਸ ਮਾਣਕ ਮਾਜਰਾ) ਨੇ ਪਹਿਲਾ, ਜਸਨਪ੍ਰੀਤ ਕੌਰ (ਸ ਸ ਸ ਮਾਣਕ ਮਾਜਰਾ) ਨੇ ਦੂਜਾ ਅਤੇ ਹਰਲੀਨ ਕੌਰ (ਸ ਸ ਸ ਰਾਜੇਵਾਲ) ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਕਿੱਕ ਬਾਕਸਿੰਗ ਅੰ17 ਲੜਕੀਆਂ ਦੇ ਮਲਟੀਪਰਪਜ ਹਾਲ, ਗੁਰੂ ਨਾਨਕ ਸਟੇਡੀਅਮ, ਲੁਧਿਆਣਾ ਵਿਖੇ ਹੋਏ ਮੁਕਾਬਲਿਆਂ ਵਿੱਚ -50 ਕਿਲੋਗ੍ਰਾਮ ਵਿੱਚ - ਸਿਮਰਨਪ੍ਰੀਤ (ਕੇ.ਵੀ.ਐਮ. ਹਲਵਾਰਾ) ਨੇ ਪਹਿਲਾ, ਬਲਦੀਪ ਕੌਰ ਨੇ ਦੂਜਾ, ਅਦਿਤੀ ਜੋਸ਼ (ਅਕਾਲਗੜ੍ਹ) ਅਤੇ ਪਲਵੀ (ਮੇਹਰਬਾਨ) ਨੇ ਤੀਜਾ ਸਥਾਨ; 55 ਕਿਗ੍ਰਾ ਵਿੱਚ - ਬੌਬੀ (ਅਕਾਲਗੜ੍ਹ) ਨੇ ਪਹਿਲਾ, ਅੰਸ਼ਕਾ ਨੇ ਦੂਜਾ, ਇਪਸਿਤਾ (ਖਾਲਸਾ ਸਕੂਲ) ਅਤੇ ਯਸਿਕਾ ਨੇ ਤੀਜਾ ਸਥਾਨ; 65 ਕਿਗ੍ਰਾ ਵਿੱਚ- ਸਾਇਨਾ ਕਤਿਆਲ (ਡੀ.ਏ.ਵੀ. ਜਗਰਾਉ) ਨੇ ਪਹਿਲਾ, ਪ੍ਰੀਤ ਕੌਰ ਨੇ ਦੂਜਾ ਅਤੇ ਗੁਰਕੀਰਤ ਕੌਰ (ਖੰਨਾ ਪਬਲਿਕ ਸਕੂਲ ਖੰਨਾ) ਨੇ ਤੀਜਾ ਸਥਾਨ; 65 ਕਿਗ੍ਰਾ ਵਿੱਚ - ਜਪਜੀਤ ਕੌਰ (ਡੀ.ਏ.ਵੀ. ਜਗਰਾਉ) ਨੇ ਪਹਿਲਾ, ਮਨਜੋਤ ਕੌਰ (ਤੇਜਾ ਸਿੰਘ ਸੁਤੰਤਰ) ਨੇ ਦੂਜਾ ਅਤੇ ਦਮਨਪ੍ਰੀਤ ਕੌਰ (ਖੰਨਾ ਪਬਲਿਕ ਸਕੂਲ) ਨੇ ਤੀਜਾ ਸਥਾਨ; 60 ਕਿਲੋਗ੍ਰਾਮ ਵਿੱਚ - ਸੁਖਮਨਪ੍ਰੀਤ ਕੌਰ ਨੇ ਪਹਿਲਾ, ਕਰਮਜੀਤ ਕੌਰ ਨੇ ਦੂਜਾ ਅਤੇ ਰਵਿੰਦਰ ਕੌਰ (ਖੰਨਾ ਪਬਲਿਕ ਸਕੂਲ ਖੰਨਾ) ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਅੰ21 ਲੜਕੀਆਂ ਦੇ ਲਾਈਟ ਕੰਨਟੈਕਟ ਈਵੈਂਟ ਵਿੱਚ -45 ਕਿਗ੍ਰਾ ਵਿੱਚ - ਜਸਨਦੀਪ ਕੌਰ (ਜਗਰਾਉ) ਨੇ ਪਹਿਲਾ, ਸੋਨੀ ਨੇ ਦੂਜਾ, ਕ੍ਰਿਸ਼ਨਾ ਕੁਮਾਰੀ ਅਤੇ ਮਲਿਕਾ ਨੇਗੀ ਨੇ ਤੀਜਾ ਸਥਾਨ; 50 ਕਿਲੋਗ੍ਰਾਮ ਵਿੱਚ - ਦਮਨਪ੍ਰੀਤ ਕੌਰ ਨੇ ਪਹਿਲਾ, ਚੰਨਦੀਪ ਕੌਰ (ਖਾਲਸਾ ਕਾਲਜ) ਨੇ ਦੂਜਾ, ਮਨੀਸਾ ਅਤੇ ਸਿਵਾਨੀ ਨੇ ਤੀਜਾ ਸਥਾਨ; 55 ਕਿਗ੍ਰਾ ਵਿੱਚ - ਖੁਸਬੂ (ਅਕਾਲਗੜ੍ਹ) ਨੇ ਪਹਿਲਾ, ਸਪਨਾ ਨੇ ਦੂਜਾ, ਸੋਨਿਕਾ ਅਤੇ ਤੇਜਿੰਦਰਜੋਤ ਕੌਰ ਨੇ ਤੀਜਾ ਸਥਾਨ; 60 ਕਿਗ੍ਰਾ ਵਿੱਚ - ਰਵਨੀਤ ਕੌਰ (ਜਗਰਾਉ) ਨੇ ਪਹਿਲਾ, ਅੰਮ੍ਰਿਤਪਾਲ ਕੌਰ ਨੇ ਦੂਜਾ, ਆਂਚਲ ਕੁਮਾਰੀ ਅਤੇ ਇਰਾ ਜੈਨ (ਖਾਲਸਾ ਕਾਲਜ) ਨੇ ਤੀਜਾ ਸਥ

ਡੀਸੀ ਦਫਤਰ ਪਟਿਆਲਾ ਅੱਗੇ ਮਨਰੇਗਾ ਕਾਮਿਆਂ ਵੱਲੋਂ ਵਿਸ਼ਾਲ ਧਰਨਾ ਲਾਇਆ

ਪਟਿਆਲਾ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਬੀਡੀਪੀਓ ਦਫਤਰ ਨਾਭਾ ਵਿਖੇ ਡੈਮੋਕਰੇਟਿਕ ਮਨਰੇਗਾ ਫਰੰਟ(ਡੀ ਐਮ ਐੱਫ)ਦੀ ਅਗਵਾਈ ਵਿੱਚ ਪਿਛਲੇ 52 ਦਿਨਾਂ ਤੋਂ ਪੱਕਾ ਧਰਨਾ ਜਾਰੀ ਹੈ ਜਿਸਦੀ ਲੜੀ ਵਿੱਚ ਅੱਜ ਡਿਪਟੀ ਕਮਿਸ਼ਨਰ ਪਟਿਆਲਾ ਦੇ ਦਫਤਰ ਅੱਗੇ ਹਜ਼ਾਰਾਂ ਮਨਰੇਗਾ ਕਾਮਿਆਂ ਨੇ ਵਿਸ਼ਾਲ ਧਰਨਾ ਦਿੱਤਾ। ਜਿਸ ਵਿੱਚ ਵੱਡੀ ਗਿਣਤੀ ਔਰਤਾਂ ਨੇ ਸ਼ਮੂਲੀਅਤ ਕੀਤੀ। ਅੱਜ ਦੇ ਧਰਨੇ ਨੂੰ ਸੰਬੋਧਨ ਕਰਦਿਆਂ ਡੀ ਐਮਐਫ ਦੇ ਸੂਬਾ ਪ੍ਰਧਾਨ ਰਾਜਕੁਮਾਰ ਸਿੰਘ ਕਨਸੂਹਾ, ਜ਼ਿਲਾ ਪ੍ਰਧਾਨ ਕੁਲਵਿੰਦਰ ਕੌਰ ਰਾਮਗੜ੍ਹ, ਰਮਨਜੋਤ ਕੌਰ ਬਾਬਰਪੁਰ ,ਸੁਖਵਿੰਦਰ ਕੌਰ ਨੌਹਰਾ, ਜਸਪ੍ਰੀਤ ਕੌਰ ਲੋਪੇ, ਕੁਲਵੰਤ ਕੌਰ ਬੂਹੀ ਨੇ ਕਿਹਾ ਕਿ ਮਨਰੇਗਾ ਕਾਨੂੰਨ ਨੂੰ ਜਿਲੇ ਅੰਦਰ ਬੀਡੀਪੀਓ ਦਫਤਰ ਅਤੇ ਏਡੀਸੀ ਪੰਚਾਇਤ ਵਿਭਾਗ ਲਾਗੂ ਕਰਨ ਤੋਂ ਇਨਕਾਰੀ ਹਨ। ਉਹਨਾਂ ਕਿਹਾ ਕਿ ਹਰ ਸ਼ਿਕਾਇਤ ਦਾ ਨਿਪਟਾਰਾ ਸੱਤ ਦਿਨਾਂ ਦੇ ਵਿੱਚ ਕਰਨਾ ਹੁੰਦਾ ਹੈ ਪਰ ਇੱਥੇ 52 ਦਿਨਾਂ ਤੋਂ ਮਨਰੇਗਾ ਮਜ਼ਦੂਰ ਲਗਾਤਾਰ ਬੀਡੀਪੀਓ ਦਫਤਰ ਨਾਭਾ ਵਿਖੇ ਧਰਨੇ ਤੇ ਬੈਠੇ ਹਨ। ਫਿਰ ਵੀ ਕੋਈ ਸੁਣਵਾਈ ਨਹੀਂ। ਕੰਮ ਮੰਗਣ ਵਾਲੇ ਮਜ਼ਦੂਰਾਂ ਨੂੰ , ਫਰੰਟ ਦੇ ਆਗੂਆਂ ਨੂੰ ਟਾਰਗੇਟ ਕਰਕੇ ਜਾਣ ਬੁਝ ਕੇ ਖੱਜਲ ਖੁਆਰ ਕੀਤਾ ਜਾ ਰਿਹਾ ਹੈ ਅਤੇ ਜੋ ਉੱਚ ਅਧਿਕਾਰੀਆਂ ਵੱਲੋਂ ਮਨਰੇਗਾ ਨੂੰ ਠੀਕ ਦਿਸ਼ਾ ਵਿੱਚ ਲਾਗੂ ਕਰਨ ਲਈ ਦਿਸ਼ਾ ਨਿਰਦੇਸ਼ ਦਿੱਤੇ ਜਾਂਦੇ ਹਨ ਉਹਨਾਂ ਨੂੰ ਛੋਟੇ ਮੁਲਾਜ਼ਮ ਟਿੱਚ ਕਰਕੇ ਜਾਣਦੇ ਹਨ ।ਭਾਵੇਂ ਉਹ ਕਾਨੂੰਨ ਹੋਵੇ ,ਸੰਯੁਕਤ ਵਿਕਾਸ ਕਮਿਸ਼ਨਰ ਦੀਆਂ ਹਦਾਇਤਾਂ ਹੋਣ।ਧਰਨੇ ਨੂੰ ਸੰਬੋਧਨ ਕਰਦਿਆਂ ਸੁਨੀਤਾ ਰਾਣੀ ਕੈਦੂਪੁਰ ਰਾਜ ਕੌਰ ਬੂਹੀ ਲਾਡੀ ਕਨਸੂਹਾ ਨੇ ਕਿਹਾ ਕਿ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਅਧਿਕਾਰੀਆਂ ਨੂੰ ਹਰ ਹੀਲੇ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਲਗਪਗ ਛੇ ਮਹੀਨੇ ਪਹਿਲਾਂ ਏਡੀਸੀ ਪੰਚਾਇਤ ਵਿਭਾਗ ਨੂੰ ਨਾਭਾ ਬਲਾਕ ਦੀਆਂ 187 ਅਰਜ਼ੀਆਂ ਦਾ ਸੱਤ ਦਿਨਾਂ ਵਿਚ ਨਿਪਟਾਰਾ ਕਰਨ ਲਈ ਦਿੱਤਾ ਪਰ ਅਜੇ ਤਕ ਓਹਨਾਂ ਅਰਜ਼ੀਆਂ ਤੋਂ ਗਰਦ (ਧੂੜ) ਵੀ ਨਹੀਂ ਹਟਾਈ। ਧਰਨੇ ਵਿੱਚ ਆ ਕੇ ਤਹਿਸੀਲਦਾਰ ਨੇ ਮੰਗ ਪੱਤਰ ਲਿਆ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਨਾਲ 27 ਸਤੰਬਰ ਦੀ ਮੀਟਿੰਗ ਦਾ ਪੱਤਰ ਦਿੱਤਾ । ਡੈਮੋਕਰੇਟਿਕ ਮਨਰੇਗਾ ਫਰੰਟ ਨੇ ਫੈਸਲਾ ਕੀਤਾ ਕਿ 27 ਸਤੰਬਰ ਤੱਕ ਕੋਈ ਵੱਡਾ ਰੋਸ਼ ਮੁਜ਼ਾਹਰਾ ਨਹੀਂ ਕੀਤਾ ਜਾਵੇਗਾ ।ਪਰ ਜੋ ਬੀਡੀਪੀਓ ਦਫਤਰ ਨਾਭਾ ਵਿਖੇ ਪੱਕਾ ਧਰਨਾ ਚੱਲ ਰਿਹਾ ਹੈ ਉਹ ਟੋਕਨ ਧਰਨਾ ਜਾਰੀ ਰਵੇਗਾ। ਧਰਨੇ ਵਿੱਚ ਸੋਸ਼ਲ ਮੀਡੀਆ ਅਤੇ ਸਮਾਜਿਕ ਆਗੂ ਮਾਲਵਿੰਦਰ ਸਿੰਘ ਮਾਲੀ ਤੇ ਮੋਹਾਲੀ ਪੁਲਿਸ ਵੱਲੋਂ ਪਰਚਾ ਦਰਜ਼ ਕਰਨ ਤੇ ਪੰਜਾਬ ਸਰਕਾਰ ਦੀ ਧੱਕੇਸ਼ਾਹੀ ਦੀ ਸ਼ਖਤ ਸਬਦਾਂ ਵਿੱਚ ਨਿਖੇਧੀ ਕੀਤੀ ਉਹਨਾਂ ਕਿਹਾ ਵਿਚਾਰਾਂ ਦੀ ਆਜ਼ਾਦੀ ਲਈ ਸੰਵਿਧਾਨ ਦੀ ਧਾਰਾ 19 ਦੀ ਘੋਰ ਉਲੰਘਣਾ ਹੈ। ਸਰਕਾਰ ਤੋਂ ਮੰਗ ਕੀਤੀ ਕਿ ਮਾਲੀ ਤੇ ਦਰਜ਼ ਕੀਤੀ ਐਫਆਈਆਰ ਰੱਦ ਕੀਤੀ ਜਾਵੇ ਅਤੇ ਬਿਨਾਂ ਸ਼ਰਤ ਤੁਰੰਤ ਰਿਹਾ ਕੀਤਾ ਜਾਵੇ॥ ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਤੇਜ਼ ਸਿੰਘ ਸਮਾਣਾ, ਕੁਲਵੰਤ ਕੌਰ ਚੰਨ ਕਮਾਸਪੁਰ, ਮਨਿੰਦਰ ਸਿੰਘ ਫਤਿਹ ਮਾਜਰੀ, ਜਗਦੇਵ ਸਿੰਘ ਭੋੜੇ, ਰਾਣੀ ਕਾਠ ਮੱਠੀ ਹਰਦੀਪ ਕੌਰ ਬਬਲੀ ਹਿਆਣਾ, ਜੀਤੋ ਕਕਰਾਲਾ ਭਾਈ ਕਾ ਤੋ ਇਲਾਵਾ ਆਈਡੀਪੀ ਦੇ ਸੂਬਾ ਖਜਾਨਚੀ ਫਲਜੀਤ ਸਿੰਘ ,ਗੁਰਮੀਤ ਸਿੰਘ ਬੂਹੀ, ਕੁਲਵੰਤ ਸਿੰਘ ਕਰਮਾ ਵਜੀਦਪੁਰ, ਗੁਰਮੀਤ ਸਿੰਘ ਕਾਲਾ ਝਾੜ ਆਦਿ ਨੇ ਵੀ ਸੰਬੋਧਨ ਕੀਤਾ।

2 ਅਕਤੂਬਰ ਨੂੰ ਗਾਂਧੀ ਜੈਯੰਤੀ ਮੌਕੇ ਥਾਪਰ ਯੂਨੀਵਰਸਿਟੀ ਵਿਖੇ ਮਨਾਇਆ ਜਾਵੇਗਾ ਸਵੱਛ ਭਾਰਤ ਦਿਵਸ

ਪਟਿਆਲਾ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਵਿਖੇ ਜ਼ਿਲ੍ਹਾ ਪੱਧਰੀ ਸਵੱਛ ਭਾਰਤ ਦਿਵਸ ਮਨਾਉਣ ਲਈ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਦੀ ਪ੍ਰਧਾਨਗੀ ਹੇਠ ਅੱਜ ਇੱਥੇ ਇਕ ਬੈਠਕ ਹੋਈ । ਇਸ ਬੈਠਕ ਵਿੱਚ ਸਵੱਛਤਾ ਹੀ ਸੇਵਾ ਦੇ ਚੱਲ ਰਹੇ ਪੰਦਰਵਾੜੇ ਦੀ ਸਮੀਖਿਆ ਵੀ ਕੀਤੀ ਗਈ ।ਏ.ਡੀ.ਸੀ. (ਸ਼ਹਿਰੀ ਵਿਕਾਸ) ਨੇ ਦੱਸਿਆ ਕਿ 2 ਅਕਤੂਬਰ ਨੂੰ ਗਾਂਧੀ ਜੈਯੰਤੀ ਮੌਕੇ ਸਵੱਛ ਭਾਰਤ ਦਿਵਸ ਦਾ ਜ਼ਿਲ੍ਹਾ ਪੱਧਰੀ ਸਮਾਗਮ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ: ਪ੍ਰੀਤੀ ਯਾਦਵ ਦੀ ਅਗਵਾਈ ਹੇਠ ਥਾਪਰ ਯੂਨੀਵਰਸਿਟੀ ਦੇ ਆਡੀਟੋਰੀਅਮ ਵਿੱਚ ਨਗਰ ਨਿਗਮ ਨਾਲ ਮਿਲ ਕੇ ਮਨਾਇਆ ਜਾ ਰਿਹਾ ਹੈ ।

ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਨੇ ਦੱਸਿਆ ਕਿ ਸਵੱਛ ਭਾਰਤ ਦਿਵਸ ਦੇ ਇਸ ਸਮਾਗਮ ਦੌਰਾਨ ਥਾਪਰ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਸਵੱਛ ਭਾਰਤ ਬਾਰੇ ਪੀ.ਪੀ.ਟੀ.,ਸਕੂਲੀ ਵਿਦਿਆਰਥੀਆਂ ਦੇ ਚਾਰਟ ਤੇ ਪੋਸਟਰ ਬਨਾਉਣ ਦੇ ਮੁਕਾਬਲਿਆਂ ਸਮੇਤ ਸਵੱਛਤਾ ਸਬੰਧੀ ਮੋਡਲ , ਮਹਿੰਦੀ ਤੇ ਰੰਗੋਲੀ ਆਦਿ ਦੇ ਸਟਾਲਜ਼ ਲੱਗਣਗੇ ।ਇਸ ਤੋਂ ਬਿਨਾਂ ਸਵੱਛਤਾ ਹੀ ਸੇਵਾ ਮੁਹਿੰਮ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਪਲਾਂਟਰਜ਼, ਪ੍ਰਸ਼ੰਸ਼ਾ ਪੱਤਰ ਤੇ ਜੂਟ ਬੈਗ ਵੀ ਵੰਡੇ ਜਾਣਗੇ । ਉਹਨਾਂ ਦੱਸਿਆ ਕਿ ਸਰਕਾਰੀ ਮਹਿੰਦਰਾ ਕਾਲਜ ਵੱਲੋਂ ਸਵੱਛਤਾ ਹੀ ਸੇਵਾ ਸਬੰਧੀ ਨੁੱਕੜ ਨਾਟਕ ਵੀ ਖੇਡਿਆ ਜਾਵੇਗਾ ।

ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਬਬਨਦੀਪ ਸਿੰਘ ਵਾਲੀਆ ਨੇ ਕਿਹਾ ਕਿ ਸਵੱਛਤਾ ਹੀ ਸੇਵਾ ਸਬੰਧੀ ਮਨਾਏ ਜਾ ਰਹੇ ਸਮਾਗਮ ਵਿੱਚ ਨਗਰ ਨਿਗਮ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ । ਸਮਾਜ ਸੇਵੀ ਸੰਸਥਾਵਾਂ ਵੱਲੋਂ ਵੀ ਪੂਰਾ ਸਹਿਯੋਗ ਦੇਣ ਦਾ ਪ੍ਰਗਟਾਵਾ ਕੀਤਾ ਗਿਆ । ਇਸ ਮੌਕੇ ਨਗਰ ਨਿਗਮ ਦੇ ਆਈ.ਈ.ਸੀ.ਐਕਸਪਰਟ ਅਮਨਦੀਪ ਸੇਖੋਂ ਸਮੇਤ ਹੋਰ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਹਾਜਰ ਸਨ ।

ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਮਲਟੀ ਪਰਪਜ਼ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੀਸਾਈਕਲ ਕੈਫੇ ਦਾ ਦੌਰਾ

ਪਟਿਆਲਾ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਸਰਕਾਰ ਵੱਲੋਂ ਚਲਾਈ ਜਾ ਰਹੀ "ਸਵੱਛਤਾ ਹੀ ਸੇਵਾ" ਮੁਹਿੰਮ ਤਹਿਤ ਨਗਰ ਨਿਗਮ ਪਟਿਆਲਾ ਵੱਲੋਂ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ 50 ਵਿਦਿਆਰਥੀਆਂ ਨੂੰ ਜਾਗਰੂਕਤਾ ਦੌਰਾ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਸਵੱਛਤਾ ਸੰਬਧੀ ਰੈਲੀ ਕੱਢ ਜੋਸ਼ ਨਾਲ ਕੇ ਨਾਅਰੇ ਲਾਏ ਗਏ।

ਨਗਰ ਨਿਗਮ ਦੇ ਹੈਲਥ ਅਫ਼ਸਰ ਨਵਦੀਪ ਸਿੰਘ ਨੇ ਦੱਸਿਆ ਇਸ ਵਿੱਚ ਵਿਦਿਆਰਥੀਆਂ ਨੂੰ ਕਬਾੜ ਸਮਝੀਆਂ ਜਾਂਦੀਆਂ ਵਸਤਾਂ ਜਿਵੇਂ ਕਿ ਗੱਤਾ, ਪਲਾਸਟਿਕ ਆਦਿ ਤੋਂ ਕਿਵੇਂ ਨਵੀਆਂ ਅਤੇ ਉਪਯੋਗੀ ਵਸਤਾਂ ਜਿਵੇਂ ਕਿ ਕੁਰਸੀਆਂ, ਮੇਜ਼, ਗੁਲਦਸਤੇ ਅਤੇ ਹੋਰ ਸਜਾਵਟੀ ਵਸਤਾਂ ਬਣਾਈਆਂ ਜਾਣ ਇਸ ਬਾਰੇ ਦੱਸਿਆ ਗਿਆ।

ਸ਼ਹਿਰ ਨੂੰ ਸਾਫ਼ ਅਤੇ ਸੋਹਣਾ ਬਣਾਉਣ ਵਿੱਚ ਸਥਾਨਕ ਨਿਵਾਸੀਆਂ ਦੀ ਮੁੱਖ ਭੂਮਿਕਾ ਹੁੰਦੀ ਹੈ। ਉਨ੍ਹਾਂ ਨੇ ਇਸ ਅਭਿਆਨ ਦਾ ਮੰਤਵ ਨਾਗਰਿਕਾਂ ਵਿੱਚ ਸਫ਼ਾਈ ਪ੍ਰਤੀ ਜਾਗਰੂਕਤਾ ਫੈਲਾਉਣਾ ਅਤੇ ਪਲਾਸਟਿਕ ਦੀ ਵਰਤੋਂ ਨੂੰ ਘਟਾਉਣਾ ਅਤੇ ਪਲਾਸਟਿਕ ਨੂੰ ਰੀਸਾਈਕਲ ਕਰਨਾ ਹੈ।

ਇਸ ਲਈ, ਹਰ ਮੁਹੱਲੇ ਵਿੱਚ ਜਾਗਰੂਕਤਾ ਕੈਂਪ ਲਗਾਏ ਜਾਣਗੇ ਅਤੇ ਸਕੂਲਾਂ, ਕਾਲਜਾਂ ਅਤੇ ਬਾਜ਼ਾਰਾਂ ਵਿੱਚ ਵੱਖ-ਵੱਖ ਸਫ਼ਾਈ ਪ੍ਰੋਗਰਾਮ ਕੀਤੇ ਜਾ ਰਹੇ ਹਨ।

ਨਗਰ ਨਿਗਮ ਵੱਲੋਂ ਪਲਾਸਟਿਕ ਨੂੰ ਰੀਸਾਈਕਲ ਕਰਨ ਦੀ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਰੀਸਾਈਕਲ ਕੈਫੇ ਇਸ ਮੁਹਿੰਮ ਦਾ ਹਿੱਸਾ ਹੈ।ਸ਼ਹਿਰ ਵਿੱਚ ਪੈਦਾ ਹੋਣ ਵਾਲੇ ਪਲਾਸਟਿਕ ਨੂੰ ਵੱਧ ਤੋਂ ਵੱਧ ਰੀਸਾਈਕਲ ਕੀਤਾ ਜਾ ਰਿਹਾ ਹੈ ਅਤੇ ਇਸ ਮੁਹਿੰਮ ਵਿੱਚ ਸ਼ਹਿਰ ਵਾਸੀਆਂ ਦਾ ਭਰਪੂਰ ਸਾਥ ਮਿਲ ਰਿਹਾ ਹੈ।ਇਸ ਮੌਕੇ ਸੈਨੇਟਰੀ ਇੰਸਪੈਕਟਰ ਇੰਦਰਜੀਤ ਸਿੰਘ, ਮੋਹਿਤ ਜਿੰਦਲ, ਰਿਸ਼ਭ ਗੁਪਤਾ, ਕਮਯੂਨਿਟੀ ਫੈਸੀਲੀਟੈਟਰ ਜਵਾਲਾ ਸਿੰਘ, ਮਨਦੀਪ ਸਿੰਘ ਸਮੇਤ ਨਗਰ ਨਿਗਮ ਸਟਾਫ਼ ਮੌਜੂਦ ਸੀ।

ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਬਾਰੇ ਭਾਜਪਾ ਦੀ ਕੀ ਧਾਰਨਾ ਹੈ ਸਪੱਸ਼ਟ ਕਰੇ : ਸ਼ਿਵ ਸੈਨਾ ਹਿੰਦੂਸਤਾਨ

ਪਟਿਆਲਾ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਿਵ ਸੈਨਾ ਹਿੰਦੂਸਤਾਨ ਭਾਜਪਾ ਆਗੂਆਂ 'ਤੇ ਬਹੁਤ ਹੈਰਾਨ ਹੈ ਕਿ ਉਨ੍ਹਾਂ ਦੀ ਭਾਜਪਾ ਸੰਸਦ ਮੈਂਬਰ ਅਤੇ ਫਿਲਮ ਅਦਾਕਾਰਾ ਕੰਗਨਾ ਰਣੌਤ ਖਾਲਿਸਤਾਨੀ ਦੇ ਨਾਂ 'ਤੇ ਜੋਂ ਪੰਜਾਬ ਦੇ ਨਿਰਦੋਸ਼ ਹਿੰਦੂਆਂ ਅਤੇ ਪੰਜਾਬੀਆਂ ਦਾ ਖ਼ੂਨ ਵਹਾਉਣ ਵਾਲੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਨੂੰ ਅੱਤਵਾਦੀ ਕਹਿ ਰਹੀ ਹੈ ਤੇ ਉਹ ਆਪਣੀ ਐਮਰਜੈਂਸੀ ਫਿਲਮ ਵਿੱਚ ਇਸਦਾ ਕਿਰਦਾਰ ਦਿਖਾਉਣਾ ਚਾਹੁੰਦੀ ਹੈ, ਜਦਕਿ ਦੂਜੇ ਪਾਸੇ ਭਾਜਪਾ ਦੇ ਸਾਬਕਾ ਕੇਂਦਰੀ ਮੰਤਰੀ ਸ਼੍ਰੀ ਸੋਮ ਪ੍ਰਕਾਸ਼ ਅਤੇ ਭਾਜਪਾ ਦੇ ਸੀਨੀਅਰ ਆਗੂ ਸਰਦਾਰ ਹਰਜੀਤ ਸਿੰਘ ਗਰੇਵਾਲ ਸਮੇਤ ਕੁਝ ਭਾਜਪਾ ਆਗੂ ਭਾਜਪਾ ਦੀ ਸੰਸਦ ਮੈਂਬਰ ਕੰਗਨਾ ਰਣੌਤ ਵਿਰੁੱਧ ਸਟੈਂਡ ਲੈ ਰਹੇ ਹਨ ਅਤੇ ਉਹ ਕਹਿ ਰਹੇ ਹਨ ਕਿ ਉਹ ਭਿੰਡਰਾਂਵਾਲੇ ਬਾਰੇ ਅਜਿਹੀ ਫਿਲਮ ਦਿਖਾ ਕੇ ਪੰਜਾਬ ਦਾ ਮਾਹੌਲ ਖਰਾਬ ਨਹੀਂ ਕਰਨ ਦੇਣਗੇ। ਸ਼ਿਵ ਸੈਨਾ ਹਿੰਦੁਸਤਾਨ ਭਾਜਪਾ ਦੀ ਕੇਂਦਰੀ ਹਾਈ ਕਮਾਂਡ ਤੋਂ ਇਹ ਸਵਾਲ ਪੁੱਛਣਾ ਚਾਹੁੰਦੀ ਹੈ ਕਿ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਬਾਰੇ ਭਾਜਪਾ ਦੀ ਕੀ ਧਾਰਨਾ ਹੈ? ਭਾਜਪਾ ਨੂੰ ਇਸ ਬਾਰੇ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ। ਭਾਜਪਾ ਨੂੰ ਪੰਜਾਬ ਦੇ ਲੋਕਾਂ ਨੂੰ ਸਪਸ਼ਟੀਕਰਨ ਦੇਣਾ ਚਾਹੀਦਾ ਹੈ ਕਿ ਉਹ ਆਪਣੇ ਆਗੂਆਂ ਨੂੰ ਇਸ ਤਰ੍ਹਾਂ ਅੱਗੇ ਲਾ ਕੇ ਗੁੰਮਰਾਹ ਨਾ ਕਰਨ। ਭਾਜਪਾ ਨੂੰ ਪੰਜਾਬ ਦੇ ਹਿੰਦੂ ਭਾਈਚਾਰੇ ਨੂੰ ਆਪਣੀ ਧਾਰਨਾ ਸਪੱਸ਼ਟ ਕਰਨੀ ਚਾਹੀਦੀ ਹੈ ਕਿ ਭਾਜਪਾ ਆਪਣੇ ਦੋਵੇਂ ਹੱਥਾਂ ਵਿੱਚ ਲੱਡੂ ਫੜਨਾ ਚਾਹੁੰਦੀ ਹੈ। ਅਜਿਹੇ ਤਜ਼ਰਬੇ ਪੰਜਾਬ ਦੇ ਹਾਲਾਤ ਵਿਗੜ ਸਕਦੇ ਹਨ। ਪੰਜਾਬ ਅਤੇ ਦੇਸ਼ ਦੇ ਲੋਕ ਜਾਣਨਾ ਚਾਹੁੰਦੇ ਹਨ ਕਿ ਪੰਜਾਬ ਵਿੱਚ ਨਿਰਦੋਸ਼ ਹਿੰਦੂਆਂ, ਸਿੰਘ ਅਤੇ ਭਾਜਪਾ ਵਰਕਰਾਂ ਅਤੇ ਰਾਸ਼ਟਰਵਾਦੀ ਸਿੱਖਾਂ ਦਾ ਖ਼ੂਨ ਵਹਾਉਣ ਵਾਲਿਆਂ ਪ੍ਰਤੀ ਭਾਜਪਾ ਦਾ ਸਪੱਸ਼ਟ ਨਜ਼ਰੀਆ ਕੀ ਹੈ? ਦੂਜੇ ਪਾਸੇ ਭਾਜਪਾ ਆਪਣੀ ਸੰਸਦ ਮੈਂਬਰ ਕੰਗਨਾ ਰਣੌਤ ਦੇ ਬਿਆਨਾਂ ਨਾਲ ਪੰਜਾਬ ਅਤੇ ਦੇਸ਼ ਦੇ ਘੱਟ ਗਿਣਤੀ ਹਿੰਦੂਆਂ ਨੂੰ ਗੁੰਮਰਾਹ ਕਰਨਾ ਚਾਹੁੰਦੀ ਹੈ ਅਤੇ ਦੂਜੇ ਪਾਸੇ ਸਾਬਕਾ ਕੇਂਦਰੀ ਮੰਤਰੀ ਸ਼੍ਰੀ ਸੋਮ ਪ੍ਰਕਾਸ਼ ਅਤੇ ਸਰਦਾਰ ਹਰਜੀਤ ਸਿੰਘ ਗਰੇਵਾਲ ਦੇ ਬਿਆਨਾਂ ਨਾਲ ਪੰਜਾਬ ਦੇ ਕੱਟੜਪੰਥੀ ਸਿੱਖਾਂ ਨੂੰ ਲੁਭਾਉਣਾ ਚਾਹੁੰਦੀ ਹੈ। ਭਾਜਪਾ ਦੀ ਅਜਿਹੀ ਕੋਸ਼ਿਸ਼ ਪੰਜਾਬ ਲਈ ਘਾਤਕ ਹੋ ਸਕਦੀ ਹੈ। ਭਾਜਪਾ ਨੂੰ ਇਸ ਮਾਮਲੇ ਵਿੱਚ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ। ਕਾਂਗਰਸ ਦੀ ਤਰ੍ਹਾਂ ਤਰੁਸਟੀ ਕਰਨ ਦੀ ਨੀਤੀ ਭਾਰਤੀ ਜਨਤਾ ਪਾਰਟੀ ਨੂੰ ਵੀ ਨਹੀਂ ਕਰਨੀ ਚਾਹੀਦੀ।

ਕਚਹਿਰੀ ਦੇ ਬਾਹਰ ਰੋਡ ਉਤੇ ਖੜ੍ਹੇ ਵਾਹਨਾਂ ਕਾਰਨ ਹੋ ਰਹੀ ਵੱਡੀ ਰੁਕਾਵਟ, ਟ੍ਰੈਫਿਕ ਪੁਲਿਸ ਕਰੇ ਕਾਰਵਾਈ

ਸ੍ਰੀ ਅਨੰਦਪੁਰ ਸਾਹਿਬ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਅਨੰਦਪੁਰ ਸਾਹਿਬ ਕਚਹਿਰੀ ਦੇ ਮੁੱਖ ਗੇਟ ਤੇ ਬਾਹਰ ਵੱਡੀ ਗਿਣਤੀ ਵਿੱਚ ਖੜੇ ਵਾਹਨ ਕਿਸੇ ਸਮੇਂ ਵੀ ਹਾਦਸੇ ਦਾ ਕਾਰਨ ਬਣ ਸਕਦੇ ਜਦੋਂ ਕਿ ਕਚਹਿਰੀ ਅਤੇ ਕੋਰਟ ਕੰਪਲੈਕਸ ਵਿੱਚ ਕੰਮ ਕਰਵਾਉਣ ਆਉਣ ਵਾਲੇ ਲੋਕ ਸਿਰਫ 10 ਰੁਪਏ ਦੀ ਐਂਟਰੀ ਨਾ ਦੇਣ ਕਾਰਨ ਆਪਣੇ ਵਾਹਨ ਮੇਨ ਰੋਡ ਤੇ ਖੜੇ ਕਰ ਜਾਂਦੇ ਹਨ ਇਥੇ ਇਹ ਦੱਸਣਾ ਵੀ ਜਰੂਰੀ ਹੈ ਕਿ ਇਥੋਂ ਕਈ ਵਾਰ ਕਈ ਲੋਕਾਂ ਦੇ ਵਾਹਨ ਚੋਰੀ ਵੀ ਹੋ ਚੁੱਕੇ ਹਨ ਪਰ ਉਸਦੇ ਬਾਵਜੂਦ ਵੀ ਇਸ ਰੋਡ ਤੇ ਗੱਡੀਆਂ ਮੋਟਰਸਾਈਕਲ ਸਕੂਟਰਾਂ ਐਕਟਵਾ ਤੇ ਹੋਰ ਵਾਹਨਾਂ ਦਾ ਪਾਰਕਿੰਗ ਕੀਤੇ ਜਾਣਾ ਧੜੱਲੇ ਨਾਲ ਚੱਲ ਰਿਹਾ ਇਸ ਸਬੰਧੀ ਕੁਝ ਇਲਾਕੇ ਦੇ ਲੋਕਾਂ ਨੇ ਪੁਲਿਸ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਇਥੇ ਸੜਕ ਦੇ ਆਲੇ ਦੁਆਲੇ ਲਗੀਆਂ ਵੱਡੀਆਂ ਗੱਡੀਆਂ ਤੇ ਛੋਟੇ ਵਾਹਨ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਜਨਮ ਦੇ ਸਕਦੇ ਹਨ ਉਹਨਾਂ ਪ੍ਰਸ਼ਾਸਨ ਤੇ ਟਰੈਫਿਕ ਪੁਲਿਸ ਸ੍ਰੀ ਅਨੰਦਪੁਰ ਸਾਹਿਬ ਤੋਂ ਮੰਗ ਕੀਤੀ ਹੈ ਕਿ ਇਸ ਮੁੱਖ ਮਾਰਗ ਤੇ ਲੱਗਣ ਵਾਲੇ ਵਾਹਨਾਂ ਵਿਰੁੱਧ ਤੁਰੰਤ ਕਾਰਵਾਈ ਕਰਨ ਤਾਂ ਜੋ ਆਮ ਲੋਕਾਂ ਦੀ ਆਵਾਜ਼ ਜਾਈ ਨਿਰਵਿਘਨ ਚਲਦੀ ਰਹੀ ਇਥੇ ਇਹ ਦੱਸਣਾ ਵੀ ਜਰੂਰੀ ਹੈ ਕਿ ਕੁਝ ਬਾਹਰ ਤੋਂ ਆਉਣ ਵਾਲੇ ਲੋਕ ਵੀ ਇਸੇ ਰੋਡ ਤੇ ਰੇੜੀਆਂ ਲਾ ਕੇ ਕਈ ਪ੍ਰਕਾਰ ਦਾ ਸਮਾਨ ਵੇਚਣਾ ਸ਼ੁਰੂ ਕਰ ਦਿੰਦੇ ਹਨ ਜ

ਬਿੱਟੂ ਦੇ ਵਿਵਾਦਤ ਬਿਆਨ 'ਤੇ ਮਹਿਲਾ ਕਾਂਗਰਸ ਨੇ ਰੋਸ ਪ੍ਰਗਟਾਇਆ

ਐੱਮਪੀ ਰਵਨੀਤ ਬਿੱਟੂ ਦਾ ਪੁਤਲਾ ਸਾੜਨ ਮੌਕੇ ਕਾਂਗਰਸ ਦੀਆਂ ਮਹਿਲਾ ਅਹੁਦੇਦਾਰ।

ਪਟਿਆਲਾ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੂੰ ਭਾਜਪਾ ਦੇ ਸੰਸਦ ਮੈਂਬਰ ਰਵਨੀਤ ਸਿੰਘ ਬਿੱਟੂ ਵੱਲੋਂ ਅਤਿਵਾਦੀ ਕਹਿਣ 'ਤੇ ਪੰਜਾਬ ਮਹਿਲਾ ਕਾਂਗਰਸ ਦੀ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ, ਜ਼ਿਲ੍ਹਾ ਮਹਿਲਾ ਕਾਂਗਰਸ ਪਟਿਆਲਾ ਸ਼ਹਿਰੀ ਦੀ ਪ੍ਰਧਾਨ ਰੇਖਾ ਅਗਰਵਾਲ ਤੇ ਦਿਹਾਤੀ ਪ੍ਰਧਾਨ ਅਮਰਜੀਤ ਕੌਰ ਭੱਠਲ ਤੇ ਹੋਰ ਮਹਿਲਾ ਕਾਰਕੁਨਾਂ ਵੱਲੋਂ ਧਰਨਾ ਦੇਣ ਉਪਰੰਤ ਉਸ ਦਾ ਪੁਤਲਾ ਸਾੜਿਆ ਗਿਆ। ਇਸ ਮੌਕੇ ਕਾਂਗਰਸ ਮਹਿਲਾ ਸੂਬਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਭਾਜਪਾ ਸੰਸਦ ਮੈਂਬਰ ਰਵਨੀਤ ਬਿੱਟੂ ਵੱਲੋਂ ਰਾਹੁਲ ਗਾਂਧੀ ਨੂੰ ਅਤਿਵਾਦੀ ਕਹਿਣ ਖ਼ਿਲਾਫ਼ ਪੰਜਾਬ ਮਹਿਲਾ ਕਾਂਗਰਸ ਵਿੱਚ ਵੱਡਾ ਰੋਸ ਹੈ ਜਿਸ ਨੂੰ ਲੈ ਕੇ ਆਲ ਇੰਡੀਆ ਮਹਿਲਾ ਕਾਂਗਰਸ ਦੇ ਪ੍ਰਧਾਨ ਹਲਕਾ ਲਾਂਬਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪੰਜਾਬ ਅਬਜ਼ਰਵਰ ਨਤਾਸ਼ਾ ਸ਼ਰਮਾ ਦੀ ਦੇਖ-ਰੇਖ ਹੇਠ ਹਰ ਜ਼ਿਲ੍ਹੇ ਵਿੱਚ ਮਹਿਲਾ ਕਾਂਗਰਸ ਵੱਲੋਂ ਰਵਨੀਤ ਬਿੱਟੂ ਦੇ ਪੁਤਲੇ ਫੂਕੇ ਜਾ ਰਹੇ ਹਨ। ਇਸ ਮੌਕੇ ਭੁਪਿੰਦਰ ਕੌਰ ਕੌਰਜੀਵਾਲਾ, ਇੰਚਾਰਜ ਸੋਸ਼ਲ ਮੀਡੀਆ ਯਾਮਿਨੀ ਵਰਮਾ, ਪੁਸ਼ਪਿੰਦਰ ਕੌਰ ਗਿੱਲ, ਜਸਵੀਰ ਕੌਰ ਜੱਸੀ, ਲਤਾ ਵਰਮਾ ਤੇ ਯਾਮਿਨੀ ਵਰਮਾ ਆਦਿ ਨੇ ਵੀ ਸੰਬੋਧਨ ਕੀਤਾ।

ਸਫ਼ਾਈ ਮੁਹਿੰਮ ਤਹਿਤ ਸਿੰਗਲ ਯੂਜ਼ ਪਲਾਸਟਿਕ ਦੀ ਰੋਕਥਾਮ ਲਈ ਫੂਡ ਸਟਰੀਟ 'ਤੇ ਚੈਕਿੰਗ ਮੁਹਿੰਮ

ਹੁਸ਼ਿਆਰਪੁਰ, 23 ਸਤੰਬਰ
-ਪ੍ਰੈਸ ਕੀ ਤਾਕਤ ਬਿਊਰ

ਕਮਿਸ਼ਨਰ ਨਗਰ ਨਿਗਮ ਡਾ. ਅਮਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ 14 ਸਤੰਬਰ 2024 ਤੋਂ 2 ਅਕਤੂਬਰ 2024 ਤੱਕ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਵੱਖ-ਵੱਖ ਸਫ਼ਾਈ ਪ੍ਰੋਗਰਾਮ ਕਰਵਾਏ ਜਾ ਰਹੇ ਹਨ । ਇਸ ਮੁਹਿੰਮ ਤਹਿਤ ਰੋਜ਼ਾਨਾ ਵੱਖ-ਵੱਖ ਸਫ਼ਾਈ ਕਾਰਜਾਂ ਨੂੰ ਯਕੀਨੀ ਬਣਾਇਆ ਗਿਆ ਹੈ।

ਕਮਿਸ਼ਨਰ ਨਗਰ ਨਿਗਮ ਨੇ ਦੱਸਿਆ ਕਿ ਅੱਜ 'ਸਵੱਛਤਾ ਹੀ ਸੇਵਾ' ਮੁਹਿੰਮ ਦੇ ਤੀਜੇ ਦਿਨ ਸ਼ਹਿਰ ਦੀਆਂ ਸਾਰੀਆਂ ਫੂਡ ਸਟਰੀਟਾਂ 'ਤੇ ਸਿੰਗਲ ਯੂਜ਼ ਪਲਾਸਟਿਕ ਦੀ ਚੈਕਿੰਗ ਕੀਤੀ ਗਈ। ਇਸ ਦੌਰਾਨ ਫਾਸਟ ਫੂਡ ਵਿਕਰੇਤਾਵਾਂ ਨੂੰ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਨ ਬਾਰੇ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਇਨ੍ਹਾਂ ਫੂਡ ਸਟਰੀਟਾਂ 'ਤੇ ਸਫ਼ਾਈ ਮੁਹਿੰਮ ਵੀ ਚਲਾਈ ਗਈ ਅਤੇ ਸਾਰੀਆਂ ਥਾਵਾਂ ਦੀ ਸਫ਼ਾਈ ਕੀਤੀ ਗਈ ।ਡਾ. ਅਮਨਦੀਪ ਕੌਰ ਨੇ ਸ਼ਹਿਰ ਵਾਸੀਆਂ ਨੂੰ ਹੁਸ਼ਿਆਰਪੁਰ ਸ਼ਹਿਰ ਨੂੰ ਸਾਫ਼ ਸੁਥਰਾ ਅਤੇ ਪਲਾਸਟਿਕ ਮੁਕਤ ਬਣਾਉਣ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਕਿਸੇ ਵੀ ਵਿਅਕਤੀ ਵੱਲੋਂ ਨਾ ਕੀਤੀ ਜਾਵੇ ਅਤੇ ਇਸ ਦੀ ਵਿਕਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਈ ਜਾਵੇ, ਤਾਂ ਜੋ ਸ਼ਹਿਰ ਨੂੰ ਪ੍ਰਦੂਸ਼ਣ ਮੁਕਤ ਅਤੇ ਸਾਫ਼-ਸੁਥਰਾ ਬਣਾਇਆ ਜਾ ਸਕੇ। ਇਸ ਮੌਕੇ ਨਗਰ ਨਿਗਮ ਦੇ ਸਮੂਹ ਸੈਨੇਟਰੀ ਇੰਸਪੈਕਟਰ, ਕਮਿਊਨਿਟੀ ਫੈਸੀਲੀਟੇਟਰ, ਸਬੰਧਤ ਸੁਪਰਵਾਈਜ਼ਰ ਅਤੇ ਹੋਰ ਨਿਗਮ ਕਰਮਚਾਰੀ ਹਾਜ਼ਰ ਸਨ।

ਗੈਰ ਅਧਿਕਾਰਤ ਉਸਾਰੀਆਂ ਵਿਰੁੱਧ ਹੋਵੇਗੀ ਸਖਤ ਕਾਰਵਾਈ, ਵਿਭਾਗ ਵੱਲੋਂ ਨੋਟਿਸ ਪ੍ਰਾਪਤ ਹੋਣ ਤੇ ਦਫਤਰ ਨਾਲ ਸੰਪਰਕ ਕੀਤਾ ਜਾਵੇ- ਜਿਲ੍ਹਾ ਟਾਊਨ ਪਲਾਂਨਰ

ਸ੍ਰੀ ਅਨੰਦਪੁਰ ਸਾਹਿਬ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ.ਜਗਦੀਪ ਸਿੰਘ ਜਿਲ੍ਹਾ ਟਾਊਨ ਪਲਾਨਰ ਰੂਪਨਗਰ ਨੇ ਕਿਹਾ ਹੈ ਕਿ ਨਗਰ ਕੌਂਸਲ/ ਨਗਰ ਪੰਚਾਇਤ ਦੀ ਹਦੂਦ ਤੋ ਬਾਹਰ ਗੈਰ ਅਧਿਕਾਰਤ ਉਸਾਰੀ ਕਰਨ ਵਿਰੁੱਧ ਜਾਰੀ ਨੋਟਿਸ ਦੇ ਬਾਰੇ ਜਵਾਬ ਦੇਣ ਲਈ ਜਮੀਨ ਮਾਲਕ ਦਫਤਰ ਜਿਲ੍ਹਾ ਟਾਊਨ ਪਲਾਨਰ, ਮੰਡੀ ਬੋਰਡ ਬਿਲਡਿੰਗ ਸਾਹਮਣੇ ਗੁਰਦੁਆਰਾ ਭੱਠਾ ਸਾਹਿਬ ਰੂਪਨਗਰ ਵਿਖੇ ਸੰਪਰਕ ਕਰਨ।

ਜਿਲ੍ਹਾਂ ਟਾਊਨ ਪਲਾਂਨਰ ਨੇ ਕਿਹਾ ਕਿ ਉਨ੍ਹਾਂ ਨੂੰ ਅਜਿਹੀਆ ਸ਼ਿਕਾਇਤਾ ਮਿਲ ਰਹੀਆਂ ਹਨ, ਜਿੱਥੇ ਗੈਰ ਅਧਿਕਾਰਤ ਉਸਾਰੀਆਂ ਕਰਨ ਵਾਲੇ ਜਮੀਨ ਮਾਲਕਾਂ ਨੂੰ ਫਰਜੀ ਨੋਟਿਸ ਦਿੱਤੇ ਜਾ ਰਹੇ ਹਨ, ਜਦੋਂ ਕਿ ਵਿਭਾਗ ਇਸ ਬਾਰੇ ਪੂਰੀ ਸਖਤੀ ਨਾਲ ਕਾਰਵਾਈ ਕਰ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਵਿਭਾਗ ਦੇ ਧਿਆਨ ਵਿਚ ਆਇਆ ਹੈ ਕਿ ਅਜਿਹੇ ਫਰਜੀ ਨੋਟਿਸ ਜਾਰੀ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚ ਜਿਲ੍ਹਾ ਨਗਰ ਯੋਜਨਾਕਾਰ (ਆਰ) ਸੀ.ਐਸ.ਕਮ ਪ੍ਰਸਾਸ਼ਕੀ ਸਕੱਤਰ, ਹਾਊਸਿੰਗ ਅਤੇ ਸ਼ਹਿਰੀ ਵਿਕਾਸ ਵਿਭਾਗ, ਪੁੱਡਾ ਸਾਹਿਬਜਾਦਾ ਅਜੀਤ ਸਿੰਘ ਨਗਰ ਵੱਲੋਂ ਜਾਰੀ ਕੀਤਾ ਦਰਸਾਇਆ ਗਿਆ ਹੈ। ਉਨ੍ਹਾਂ ਨੇ ਕਿਹਾ ਹੈ ਕਿ ਇਹ ਵੀ ਜਾਣਕਾਰੀ ਮਿਲੀ ਹੈ ਕਿ ਸਬੰਧਿਤ ਧਿਰ ਨੂੰ ਨੋਟਿਸ ਦੇਣ ਤੋ ਬਾਅਦ ਫਰਜ਼ੀ ਅਧਿਕਾਰੀ ਉਨ੍ਹਾਂ ਨਾਲ ਤਾਲਮੇਲ ਕਰਕੇ ਗੈਰ ਅਧਿਕਾਰਤ ਉਸਾਰੀ ਬਾਰੇ ਗੁੰਮਰਾਹ ਕਰਦੇ ਹਨ , ਜਦੋਂ ਕਿ ਵਿਭਾਗ ਦੇ ਅਧਿਕਾਰੀ ਇਸ ਤਰਾਂ ਦੇ ਨੋਟਿਸ ਦਾ ਜਵਾਬ ਅਤੇ ਵਿਭਾਗ ਦੀ ਇਸ ਸਬੰਧ ਵਿਚ ਕੀਤੀ ਜਾ ਰਹੀ ਸਮੁੱਚੀ ਕਾਰਵਾਈ ਆਪਣੇ ਦਫਤਰ ਵਿਚ ਹੀ ਅਮਨ ਵਿਚ ਲਿਆਉਂਦੇ ਹਨ। ਉਨ੍ਹਾਂ ਨੇ ਭੋਲੇ ਭਾਂਲੇ ਲੋਕਾਂ ਨੂੰ ਸੁਚੇਤ ਰਹਿਣ ਅਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਦਫਤਰ ਨਾਲ ਸੰਪਰਕ ਕਰਕੇ ਆਪਣੇ ਕੰਮ ਨੂੰ ਸੁਚਾਰੂ ਢੰਗ ਨਾਲ ਕਰਨ ਲਈ ਕਿਹਾ ਹੈ। ਉਨ੍ਹਾਂ ਨੇ ਕਿਹਾ ਕਿ ਲੋਕ ਚੌਕਸ ਰਹਿਣ ਤੇ ਅਜਿਹੇ ਫਰਾਡ ਨੋਟਿਸ ਪ੍ਰਾਪਤ ਹੋਣ ਤੇ ਤੁਰੰਤ ਜਿਲ੍ਹਾਂ ਟਾਊਨ ਪਲਾਂਨਰ ਦਫਤਰ ਨਾਲ ਸੰਪਰਕ ਕੀਤਾ ਜਾਵੇ, ਇਸ ਤਰਾਂ ਦੀਆਂ ਸ਼ਿਕਾਇਤਾਂ ਮਿਲਣ ਤੇ ਸਾਡੇ ਵਿਭਾਗ ਵੱਲੋਂ ਮੁਹਾਲੀ ਸਥਿਤ ਪੁੱਡਾ ਦਫਤਰ ਨਾਲ ਸੰਪਰਕ ਕੀਤਾ ਜਾ ਰਿਹਾ ਹੈ।

ਚੈਕਮੇਟ ਸਕਿਓਰਿਟੀ ਕੰਪਨੀ ਤੇ ਹਿਊਮੈਨਟੀ ਫਸਟ (ਐਨ.ਜੀ.ਓ) ਵੱਲੋਂ ਵੱਖ-ਵੱਖ ਅਸਾਮੀਆਂ ਲਈ ਇੰਟਰਵਿਊ ਲਈ ਜਾਵੇਗੀ

ਰੂਪਨਗਰ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹੇ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਰੂਪਨਗਰ ਵੱਲੋਂ ਲਗਾਏ ਜਾਂਦੇ ਹਫਤਾਵਰੀ ਪਲੇਸਮੈਂਟ ਕੈਂਪਾਂ ਦੀ ਲੜੀ ਤਹਿਤ ਅਗਲਾ ਕੈਂਪ ਅੱਜ 20 ਸਤੰਬਰ ਨੂੰ ਸਵੇਰੇ 10.30 ਵਜੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਕੈਂਪ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਰੋਜ਼ਗਾਰ ਅਫਸਰ ਸ. ਪ੍ਰਭਜੋਤ ਸਿੰਘ ਵੱਲੋਂ ਦੱਸਿਆ ਗਿਆ ਕਿ ਇਸ ਕੈਂਪ ਵਿੱਚ ਚੈਕਮੇਟ ਸਕਿਓਰਿਟੀ ਕੰਪਨੀ ਵੱਲੋਂ ਵੱਖ-ਵੱਖ ਅਸਾਮੀਆਂ ਦੀ ਭਰਤੀ ਲਈ ਮੰਗ ਪ੍ਰਾਪਤ ਹੋਈ ਹੈ।

ਉਨ੍ਹਾਂ ਵੱਲੋਂ ਅਸਾਮੀਆਂ ਬਾਰੇ ਜਾਣਕਾਰੀ ਦਿੱਤੀ ਗਈ ਕਿ ਇਸ ਕੈਂਪ ਵਿੱਚ ਚੈਕਮੇਟ ਕੰਪਨੀ ਦੇ ਨੁਮਾਇੰਦਿਆਂ ਵੱਲੋਂ ਸਕਿਓਰਿਟੀ ਸੁਪਰਵਾਈਜ਼ਰ ਦੀਆਂ ਅਸਾਮੀਆਂ ਲਈ ਬਾਰਵੀਂ ਅਤੇ ਗ੍ਰੈਜੂਏਸ਼ਨ ਪਾਸ, ਐਕਸ ਸਕਿਓਰਿਟੀ ਗਾਰਡ ਦੀ ਅਸਾਮੀ ਲਈ ਦਸਵੀਂ ਅਤੇ ਬਾਰਵੀਂ ਪਾਸ, ਲੇਡੀ ਗਾਰਡ ਦੀ ਅਸਾਮੀ ਲਈ ਦਸਵੀਂ ਅਤੇ ਬਾਰਵੀਂ ਪਾਸ, ਸਕਿਓਰਿਟੀ ਗਾਰਡ ਦੀਆਂ ਅਸਾਮੀਆਂ ਲਈ ਦਸਵੀਂ ਅਤੇ ਬਾਰਵੀਂ ਯੋਗਤਾ ਵਾਲੇ, ਹਾਊਸ ਕੀਪਰ ਅਤੇ ਪੈਂਟਰੀ ਬੁਆਏ ਦੀ ਅਸਾਮੀ ਲਈ ਅੱਠਵੀਂ ਅਤੇ ਦਸਵੀਂ ਪਾਸ, ਡਰਾਈਵਰ ਦੀ ਅਸਾਮੀ ਲਈ 4 ਪਹੀਆ ਵਾਹਨ ਲਾਇਸੈਂਸ ਦੇ ਨਾਲ ਅੱਠਵੀਂ/ਦਸਵੀਂ/ ਬਾਰਵੀਂ ਪਾਸ ਅਤੇ ਫਾਇਰਮੈਨ ਦੀ ਅਸਾਮੀ ਲਈ ਡਿਪਲੋਮਾ/ਡਿਗਰੀ ਇਨ ਫਾਇਰ ਐਂਡ ਸੇਫਟੀ ਵਿੱਦਿਅਕ ਯੋਗਤਾ ਵਾਲੇ ਉਮੀਦਵਾਰਾਂ ਦੀ ਇੰਟਰਵਿਊ ਲਈ ਜਾਵੇਗੀ।

ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ 18 ਤੋਂ 45 ਸਾਲ ਦੇ ਉਮੀਦਵਾਰ ਭਾਗ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਉਮੀਦਵਾਰਾਂ ਦੇ ਨੌਕਰੀ ਕਰਨ ਦਾ ਸਥਾਨ ਪੂਰੇ ਪੰਜਾਬ ਵਿੱਚ ਕੋਈ ਵੀ ਹੋ ਸਕਦਾ ਹੈ। ਇੰਟਰਵਿਊ ਵਿੱਚ ਚੁਣੇ ਜਾਣ ਵਾਲੇ ਉਮੀਦਵਾਰਾਂ ਨੂੰ ਸਕਿਓਰਿਟੀ ਸੁਪਰਵਾਈਜ਼ਰ ਦੀ ਅਸਾਮੀ ਤੇ 18,000/- ਤੋਂ 20,000/-, ਤਜਰਬੇਕਾਰ ਸਕਿਓਰਿਟੀ ਗਾਰਡ ਦੀ ਅਸਾਮੀ ਤੇ 17,500/- ਤੋਂ 19,500/-, ਸਕਿਓਰਿਟੀ ਗਾਰਡ ਦੀ ਅਸਾਮੀ ਤੇ ਤਨਖਾਹ 16,000/- ਤੋਂ 17,500/-, ਲੇਡੀ ਗਾਰਡ ਦੀ ਅਸਾਮੀ ਤੇ 15,500 ਤੋਂ 16,500/-, ਹਾਊਸ ਕੀਪਰ ਦੀ ਅਸਾਮੀ ਤੇ 10,500/- ਤੋਂ 13,500/-, ਪੈਂਟਰੀ ਬੁਆਏ ਦੀ ਅਸਾਮੀ ਤੇ 13500/- ਤੋਂ 15,000/-, ਡਰਾਈਵਰ ਦੀ ਅਸਾਮੀ ਤੇ 15,500/- ਤੋਂ 17,500/-, ਫਾਇਰਮੈਨ ਦੀ ਅਸਾਮੀ ਤੇ 13,500/- ਤੋਂ 15,500/-ਪ੍ਰਤੀ ਮਹੀਨਾ ਤਨਖਾਹ ਮਿਲੇਗੀ ਅਤੇ ਸਾਰੀਆਂ ਅਸਾਮੀਆਂ ਲਈ ਪੀ.ਐੱਫ ਅਤੇ ਈ.ਐਸ.ਆਈ ਦੀ ਸੁਵਿਧਾ ਉਪਲੱਬਧ ਹੋਵੇਗੀ।

ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਅੱਗੇ ਦੱਸਿਆ ਕਿ ਇਸ ਦੇ ਨਾਲ ਹੀ ਹਿਊਮੈਨਟੀ ਫਸਟ (ਐਨ.ਜੀ.ਓ) ਵੱਲੋਂ ਡਾਟਾ ਐਂਟਰੀ ਓਪ੍ਰੇਟਰ ਦੀਆਂ 5 ਅਸਾਮੀਆਂ ਲਈ ਬਾਰਵੀਂ, ਗ੍ਰੈਜੂਏਟ, ਕੰਪਿਊਟਰ ਡਿਪਲੋਮਾ ਸਮੇਤ ਯੋਗਤਾ ਵਾਲੇ ਉਮੀਦਵਾਰਾਂ ਦੀ ਇੰਟਰਵਿਊ ਲਈ ਜਾਵੇਗੀ। ਇਨ੍ਹਾਂ ਅਸਾਮੀਆਂ ਲਈ ਉਮਰ ਸੀਮਾ 20 ਤੋਂ 35 ਸਾਲ ਹੈ। ਚੁਣੇ ਜਾਣ ਵਾਲੇ ਉਮੀਦਵਾਰਾਂ ਨੂੰ 10,000/- ਰੁਪਏ ਪ੍ਰਤੀ ਮਹੀਨਾ ਤਨਖਾਹ ਮਿਲੇਗੀ। ਨੌਕਰੀ ਦਾ ਸਥਾਨ ਰੂਪਨਗਰ ਹੈ। ਇਸ ਕੈਂਪ ਵਿੱਚ ਸ਼ਾਮਲ ਹੋਣ ਅਤੇ ਇੰਟਰਵਿਊ ਦੇਣ ਲਈ ਪ੍ਰਾਰਥੀ ਨੂੰ ਕੋਈ ਟੀ.ਏ ਜਾਂ ਡੀ.ਏ ਮਿਲਣਯੋਗ ਨਹੀਂ ਹੋਵੇਗਾ।

ਪਲੇਸਮੈਂਟ ਅਫਸਰ, ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਸ਼੍ਰੀਮਤੀ ਮੀਨਾਕਸ਼ੀ ਬੇਦੀ ਨੇ ਜ਼ਿਲ੍ਹੇ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਆਯੋਜਿਤ ਕੀਤੇ ਜਾ ਰਹੇ ਇਸ ਪਲੇਸਮੈਂਟ ਕੈਂਪ ਵਿੱਚ ਜ਼ਰੂਰ ਭਾਗ ਲੈਣ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਹੈਲਪਲਾਈਨ ਨੰਬਰ 8557010066 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਕਿਸਾਨਾਂ ਨੇ ਪਰਾਲੀ ਨਾ ਸਾੜਨ ਦਾ ਲਿਆ ਅਹਿਦ

ਬਟਾਲਾ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਅਗਵਾਈ ਹੇਠ ਖੇਤੀਬਾੜੀ ਵਿਭਾਗ ਵਲੋਂ ਪਰਾਲੀ ਨਾ ਸਾੜਨ ਨੂੰ ਲੈ ਕੇ ਜਿਲੇ ਅੰਦਰ ਜਾਗਰੂਕਤਾ ਮੁਹਿੰਮ ਵਿੱਢੀ ਗਈ ਹੈ।

ਇਸ ਮੌਕੇ ਸੁਰਿੰਦਰਪਾਲ ਸਿੰਘ, ਮੁੱਖ ਖੇਤੀਬਾੜੀ ਨੇ ਦੱਸਿਆ ਕਿ ਹੋਟ ਸਪੋਟ ਪਿੰਡ ਹਕੀਮ ਬੇਗ ਤੇ ਹਰਦਰਵਾਲ ਵਿਖੇ ਜਾ ਕੇ ਖੇਤੀਬਾੜੀ ਵਿਭਾਗ ਵਲੋਂ ਜਿਮੀਦਾਰਾਂ ਨਾਲ ਮੀਟਿੰਗ ਕੀਤੀ ਗਈ ਅਤੇ ਜਿਹੜੇ ਜਿਮੀਦਾਰਾਂ ਨੇ ਪਿਛਲੇ ਸਾਲ 2023 ਤੇ 24 ਦੌਰਾਨ ਆਪਣੇ ਫਸਲ ਦੀ ਰਹਿੰਦ ਖੂੰਦ ਨੂੰ ਅੱਗ ਲਗਾਈ ਸੀ, ਉਹਨਾਂ ਤੋਂ ਪ੍ਰਾਣ ਲਿਆ ਗਿਆ ਕਿ ਅੱਗੇ ਤੋਂ ਉਹ ਫਸਲਾਂ ਦੀ ਰਹਿੰਦ ਖੂੰਦ ਨੂੰ ਅੱਗ ਨਹੀਂ ਲਗਾਉਣਗੇ।

ਇਸ ਮੌਕੇ ਵਿਭਾਗ ਵਲੋਂ ਜਿਮੀਦਾਰਾਂ ਨੂੰ ਖੇਤੀ ਮਸ਼ੀਨਰੀ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਕਿਹਾ ਕਿ ਉਹ ਖੇਤੀਬਾੜੀ ਵਿਭਾਗ ਦੇ ਪੋਰਟਲ ਤੇ ਜਾ ਕੇ ਆਪਣੀ ਮਸ਼ੀਨਰੀ ਲਈ ਅਰਜੀ ਦੇ ਸਕਦੇ ਹਨ। ਇਸ ਤੋਂ ਇਲਾਵਾ ਜਿਮੀਦਾਰਾਂ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕ ਕੀਤਾ ਗਿਆ

ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਨਾੜ ਨੂੰ ਅੱਗ ਲਗਾਉਣ ਦੇ ਨੁਕਸਾਨਾਂ ਅਤੇ ਅੱਗ ਲਗਾਏ ਬਗੈਰ ਫਸਲ ਬੀਜਣ ਦੇ ਲਾਭਾਂ ਬਾਰੇ ਜਾਗਰੂਕ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮੌਕੇ ਅਗਾਂਹਵਧੂ ਕਿਸਾਨ ਜਿਨ੍ਹਾਂ ਵਲੋਂ ਨਾੜ ਨੂੰ ਸਾੜੇ ਬਿਨਾਂ ਫਸਲ ਬੀਜੀ ਜਾ ਰਹੀ ਹੈ, ਉਨ੍ਹਾਂ ਵੀ ਆਪਣੇ ਸਫਲ ਤਜਰਬੇ ਸਾਰਿਆਂ ਨਾਲ ਸਾਂਝੇ ਕੀਤੇ ਗਏ।

ਸਰਹੱਦੀ ਇਲਾਕੇ ਦੇ ਲੋਕ, ਸਰਹੱਦਾਂ ਦੀ ਰਾਖੀ ਵਿੱਚ ਅਹਿਮ ਰੋਲ ਅਦਾ ਕਰਦੇ ਹਨ- ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ

ਗੁਰਦਾਸਪੁਰ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੀ ਉਮਾ ਸ਼ੰਕਰ ਗੁਪਤਾ, ਡਿਪਟੀ ਕਮਿਸ਼ਨਰ ਵੱਲੋਂ ਪਿੰਡਾਂ ਵਿੱਚ ਬਣੀਆਂ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗ ਕੀਤੀ ਗਈ ਤੇ ਉਨ੍ਹਾਂ ਨਾਲ ਵਿਲੇਜ ਡਿਫੈਂਸ ਕਮੇਟੀਆਂ ਨੂੰ ਹੋਰ ਮਜਬੂਤ ਕਰਨ ਲਈ ਕਮੇਟੀ ਮੈਂਬਰਾਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਐੱਸ.ਐੱਸ.ਪੀ ਗੁਰਦਾਸਪੁਰ, ਸ਼੍ਰੀ ਹਰੀਸ਼ ਦਾਯਮਾ,ਐੱਸ.ਐੱਸ.ਪੀ. ਬਟਾਲਾ ਸ਼੍ਰੀ ਸੁਹੇਲ ਕਾਸਿਮ ਮੀਰ, ਏ.ਡੀ.ਸੀ.(ਜ) ਸੁਰਿੰਦਰ ਸਿੰਘ ਅਤੇ ਏ.ਡੀ.ਸੀ (ਡੀ) ਗੁਰਪ੍ਰੀਤ ਸਿੰਘ ਗਿੱਲ਼ ਆਦਿ ਮੌਜੂਦ ਸਨ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਹੱਦੀ ਇਲਾਕੇ ਦੇ ਲੋਕ, ਸਰਹੱਦਾਂ ਦੀ ਰਾਖੀ ਵਿੱਚ ਅਹਿਮ ਰੋਲ ਅਦਾ ਕਰਦੇ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਇਕ ਟੀਮ ਦੀ ਤਰ੍ਹਾਂ ਸਹਿਯੋਗ ਕਰਦੇ ਹਨ, ਜੋ ਸਲਾਘਾਯੋਗ ਹੈ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ 25 ਸਤੰਬਰ ਨੂੰ ਮਾਣਯੋਗ ਰਾਜਪਾਲ ਪੰਜਾਬ,ਸ਼੍ਰੀ ਗੁਲਾ

ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ 17 ਨਵੇਂ ਸਹਾਇਕ ਇੰਜੀਨੀਅਰਾਂ ਨੂੰ ਨਿਯੁਕਤੀ ਪੱਤਰ ਸੌਂਪੇ

ਚੰਡੀਗੜ੍ਹ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਬਿਜਲੀ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ ਨੇ ਅੱਜ ਇਥੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐੱਸ.ਪੀ.ਸੀ.ਐੱਲ.) ਵਿੱਚ ਨਵੇਂ ਭਰਤੀ ਹੋਏ 17 ਸਹਾਇਕ ਇੰਜੀਨੀਅਰਾਂ (ਏ.ਈਜ਼.) (ਮਕੈਨੀਕਲ) ਨੂੰ ਨਿਯੁਕਤੀ ਪੱਤਰ ਸੌਂਪੇ।

ਪੰਜਾਬ ਸਰਕਾਰ ਦੀ ਟੀਮ ਵਿੱਚ ਇੰਨ੍ਹਾਂ ਸਹਾਇਕ ਇੰਜੀਨੀਅਰਾਂ ਦਾ ਨਿੱਘਾ ਸਵਾਗਤ ਕਰਦਿਆਂ ਬਿਜਲੀ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ ਨੇ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਅਟੁੱਟ ਸਮਰਪਣ, ਤਨਦੇਹੀ ਅਤੇ ਇਮਾਨਦਾਰੀ ਨਾਲ ਆਪਣੀਆਂ ਜਿੰਮੇਵਾਰੀਆਂ ਨਿਭਾਉਣ ਅਤੇ ਸੂਬੇ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਬਿਜਲੀ ਮੰਤਰੀ ਨੇ ਇੰਨ੍ਹਾਂ ਸਹਾਇਕ ਇੰਜੀਨੀਅਰਾਂ ਦੀ ਯੋਗਤਾ ਯੋਗਤਾ 'ਤੇ ਪੂਰਨ ਭਰੋਸਾ ਪ੍ਰਗਟਾਉਂਦਿਆਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਯਕੀਨ ਹੈ ਕਿ ਇਹ ਨੌਜਵਾਨ ਆਪਣੇ ਹੁਨਰ ਦਾ ਪੂਰੀ ਤਰ੍ਹਾਂ ਲਾਭ ਉਠਾਉਂਦੇ ਹੋਏ ਇਮਾਨਦਾਰੀ ਨਾਲ ਰਾਜ ਦੇ ਵਸਨੀਕਾਂ ਦੀ ਸੇਵਾ ਕਰਨਗੇ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨੌਕਰੀਆਂ ਦੇ ਮੌਕੇ ਪ੍ਰਦਾਨ ਕਰਨ ਲਈ ਕੀਤੀਆਂ ਪਹਿਲਕਦਮੀਆਂ ਦਾ ਜਿਕਰ ਕਰਦਿਆਂ ਬਿਜਲੀ ਮੰਤਰੀ ਨੇ ਕਿਹਾ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ) ਵੱਲੋਂ ਸਿੱਧੇ ਤੌਰ 'ਤੇ ਕੀਤੀ ਗਈ ਭਰਤੀ ਰਾਹੀਂ ਕੁੱਲ 3,097 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਸ ਵਿੱਚ ਅੱਜ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ 17 ਨਵ-ਨਿਯੁਕਤ ਸਹਾਇਕ ਇੰਜਨੀਅਰ ਵੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਰਾਜ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਟੀ.ਸੀ.ਐਲ.) ਵਿੱਚ 782 ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ।

ਬਿਜਲੀ ਮੰਤਰੀ ਨੇ ਅੱਗੇ ਕਿਹਾ ਕਿ 1 ਅਪ੍ਰੈਲ, 2022 ਤੋਂ ਹੁਣ ਤੱਕ ਤਰਸ ਦੇ ਆਧਾਰ 'ਤੇ 1,215 ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ, ਜਿਸ ਵਿੱਚ 272 ਗਰੁੱਪ ਸੀ ਅਤੇ 943 ਗਰੁੱਪ ਡੀ ਦੀਆਂ ਅਸਾਮੀਆਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਹੁਣ ਤੱਕ ਪੀ.ਐਸ.ਪੀ.ਸੀ.ਐਲ ਅਤੇ ਪੀ.ਐਸ.ਟੀ.ਸੀ.ਐਲ ਵਿੱਚ ਸਿੱਧੇ ਤੌਰ 'ਤੇ ਅਤੇ ਤਰਸ ਦੇ ਆਧਾਰ 'ਤੇ ਭਰਤੀ ਕੀਤੇ ਗਏ ਉਮੀਦਵਾਰਾਂ ਦੀ ਕੁੱਲ ਗਿਣਤੀ 5,094 ਹੋ ਗਈ ਹੈ।

ਬਿਜਲੀ ਮੰਤਰੀ ਨੇ ਐਲਾਨ ਕੀਤਾ ਕਿ ਪੀ.ਐਸ.ਪੀ.ਸੀ.ਐਲ ਵੱਲੋਂ ਪਹਿਲਾਂ ਹੀ 3,888 ਅਸਾਮੀਆਂ ਦੀ ਸਿੱਧੀ ਭਰਤੀ ਲਈ ਇਸ਼ਤਿਹਾਰ ਜਾਰੀ ਕੀਤਾ ਗਿਆ ਹੈ ਅਤੇ ਇਹ ਭਰਤੀ ਜਲਦੀ ਹੀ ਮੁਕੰਮਲ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ 100 ਅਸਿਸਟੈਂਟ ਇੰਜੀਨੀਅਰ (ਇਲੈਕਟ੍ਰਿਕਲ) ਦੀਆਂ ਅਸਾਮੀਆਂ ਇਸੇ ਸਾਲ ਅਕਤੂਬਰ ਵਿੱਚ ਭਰੀਆਂ ਜਾਣੀਆਂ ਹਨ।

ਬਿਜਲੀ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਕਿਸੇ ਵੀ ਜਨਤਕ ਜਾਂ ਨਿੱਜੀ ਸੰਸਥਾ ਦੀ ਸਫਲਤਾ ਲਈ ਹੁਨਰਮੰਦ ਮੁਲਾਜ਼ਮ ਅਹਿਮ ਰੋਲ ਅਦਾ ਕਰਦੇ ਹਨ, ਆਸ ਪ੍ਰਗਟਾਈ ਕਿ ਇਹ ਨਵੀਂ ਭਰਤੀ ਪੀ.ਐੱਸ.ਪੀ.ਸੀ.ਐੱਲ. ਦੇ ਕੰਮਕਾਜ ਵਿੱਚ ਮਹੱਤਵਪੂਰਨ ਸੁਧਾਰ ਲਿਆਵੇਗੀ।

ਬਿਜਲੀ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਲੋਕਾਂ ਨਾਲ ਕੀਤੇ ਆਪਣੇ ਵਾਅਦਿਆਂ ਨੂੰ ਪੂਰਾ ਕਰਨ ਲਈ ਆਪਣੀ ਵਚਨਬੱਧਤਾ 'ਤੇ ਅਡੋਲ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਮੁਫਤ ਬਿਜਲੀ ਸਪਲਾਈ ਦੇਣ ਦਾ ਵਾਅਦਾ 1 ਜੁਲਾਈ, 2022 ਤੋਂ ਪ੍ਰਤੀ ਮਹੀਨਾ 300 ਯੂਨਿਟ ਮੁਫਤ ਬਿਜਲੀ ਦੇਣ ਨਾਲ ਪੂਰਾ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਸਰਕਾਰ ਯੋਗ ਵਿਅਕਤੀਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ, ਯੋਗਤਾ, ਯੋਗਤਾ ਅਤੇ ਯੋਗਤਾ ਦੇ ਆਧਾਰ 'ਤੇ ਉਮੀਦਵਾਰਾਂ ਦੀ ਚੋਣ ਕਰਨ ਲਈ ਵਚਨਬੱਧ ਹੈ।

ਇਸ ਮੌਕੇ 'ਤੇ ਇੰਜ: ਰਾਵਿੰਦਰ ਸਿੰਘ ਸੈਣੀ ਡਾਇਰੈਕਟਰ ਐਚ ਆਰ, ਇੰਜ: ਇੰਦਰਜੀਤ ਸਿੰਘ ਮੁੱਖ ਇੰਜੀਨੀਅਰ ਐਚ.ਆਰ.ਡੀ.,ਇੰਜ ਸੁਰੇਸ਼ ਕੁਮਾਰ ਬਾਂਸਲ ਉਪ ਮੁੱਖ ਇੰਜੀਨੀਅਰ ਸਮੇਤ ਅਧਿਕਾਰੀ ਤੇ ਕਰਮਚਾਰੀ ਹਾਜਰ ਸਨ।

ਕਿਸਾਨਾਂ ਨੂੰ ਖਾਦਾਂ ਨਾਲ ਹੋਰ ਉਤਪਾਦ ਵੇਚਣ ਵਾਲਿਆਂ ਖ਼ਿਲਾਫ਼ ਕਾਰਵਾਈ ਲਈ ਚਾਰ ਟੀਮਾਂ ਗਠਿਤ: ਗੁਰਮੀਤ ਖੁੱਡੀਆਂ

ਚੰਡੀਗੜ੍ਹ, 23 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਕਿਸਾਨਾਂ ਨੂੰ ਖਾਦਾਂ ਦੇ ਨਾਲ ਜ਼ਬਰੀ ਹੋਰ ਖੇਤੀ ਉਤਪਾਦ ਵੇਚਣ ਸਬੰਧੀ ਗਤੀਵਿਧੀਆਂ ਨੂੰ ਰੋਕਣ ਲਈ ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਚਾਰ ਟੀਮਾਂ ਦਾ ਗਠਨ ਕੀਤਾ ਗਿਆ ਹੈ। ਇਨ੍ਹਾਂ ਟੀਮਾਂ ਦੀ ਨਿਗਰਾਨੀ ਸੰਯੁਕਤ ਡਾਇਰੈਕਟਰ ਪੱਧਰ ਦੇ ਅਧਿਕਾਰੀ ਕਰਨਗੇ। ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਇੱਥੇ ਆਪਣੇ ਦਫ਼ਤਰ ਵਿਖੇ ਮਾਝਾ ਕਿਸਾਨ ਸੰਘਰਸ਼ ਕਮੇਟੀ ਨਾਲ ਮੀਟਿੰਗ ਉਪਰੰਤ ਇਨ੍ਹਾਂ ਟੀਮਾਂ ਦੇ ਗਠਨ ਦੇ ਨਿਰਦੇਸ਼ ਦਿੱਤੇ।

ਖੇਤੀਬਾੜੀ ਮੰਤਰੀ ਨੇ ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਦੀ ਅਗਵਾਈ ਵਾਲੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਪੰਜਾਬ ਕੋਲ ਆਗਾਮੀ ਹਾੜ੍ਹੀ ਸੀਜ਼ਨ ਲਈ ਲੋੜੀਂਦੀ ਮਾਤਰਾ ਵਿੱਚ ਡੀ.ਏ.ਪੀ./ਐਨ.ਪੀ.ਕੇ./ਐਸ.ਐਸ.ਪੀ. ਉਪਲੱਬਧ ਹੈ ਕਿਉਂਕਿ ਪੰਜਾਬ ਨੂੰ ਲੋੜੀਂਦੀ ਮਾਤਰਾ ਵਿੱਚ ਡੀ.ਏ.ਪੀ. ਅਤੇ ਹੋਰ ਫਾਸਫੇਟਿਕ ਖਾਦਾਂ ਪ੍ਰਾਪਤ ਹੋ ਰਹੀਆਂ ਹਨ।

ਕਿਸਾਨਾਂ ਦੇ ਵਫ਼ਦ ਵੱਲੋਂ ਹੋਰ ਖੇਤੀ ਉਤਪਾਦਾਂ ਨੂੰ ਜ਼ਬਰਦਸਤੀ ਖਾਦਾਂ ਨਾਲ ਵੇਚਣ ਦੇ ਮਾਮਲੇ ਬਾਰੇ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਡੇ ਕਿਸਾਨਾਂ ਦਾ ਸ਼ੋਸ਼ਣ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਕਿਸਾਨਾਂ ਨੂੰ ਖਾਦਾਂ ਦੇ ਨਾਲ-ਨਾਲ ਹੋਰ ਵਾਧੂ ਉਤਪਾਦ ਖਰੀਦਣ ਲਈ ਮਜਬੂਰ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਇਸ ਦੌਰਾਨ ਵਿਸ਼ੇਸ਼ ਮੁੱਖ ਸਕੱਤਰ (ਖੇਤੀਬਾੜੀ) ਸ੍ਰੀ ਕੇ.ਏ.ਪੀ. ਸਿਨਹਾ ਨੇ ਦੱਸਿਆ ਕਿ ਪੰਜਾਬ ਵਿੱਚ ਲਗਭਗ 35 ਲੱਖ ਹੈਕਟੇਅਰ ਰਕਬੇ ਵਿੱਚ ਕਣਕ ਦੀ ਬਿਜਾਈ ਹੋਣ ਦੀ ਸੰਭਾਵਨਾ ਹੈ, ਜਿਸ ਲਈ ਲਗਭਗ 5.50 ਲੱਖ ਮੀਟ੍ਰਿਕ ਟਨ ਡਾਇਮੋਨੀਅਮ ਫਾਸਫੇਟ (ਡੀਏਪੀ) ਖਾਦ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਅਗਾਮੀ ਹਾੜ੍ਹੀ ਸੀਜ਼ਨ ਲਈ ਪੰਜਾਬ ਦੇ ਕਿਸਾਨਾਂ ਲਈ ਖਾਦਾਂ ਦੀ ਲੋੜੀਂਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਕੇਂਦਰੀ ਰਸਾਇਣ ਅਤੇ ਖਾਦ ਮੰਤਰੀ ਨਾਲ ਉਨ੍ਹਾਂ ਨੇ ਮੀਟਿੰਗ ਕੀਤੀ ਸੀ।

ਖੇਤੀਬਾੜੀ ਮੰਤਰੀ ਨੇ ਗੰਨੇ ਦੀਆਂ ਕੀਮਤਾਂ ਵਿੱਚ ਵਾਧੇ ਦੀ ਮੰਗ ਬਾਰੇ ਗੱਲ ਕਰਦਿਆਂ ਕਿਹਾ ਕਿ ਸੂਬੇ ਨੇ 27 ਸਤੰਬਰ ਨੂੰ ਸੂਬਾਈ ਗੰਨਾ ਕੰਟਰੋਲ ਬੋਰਡ ਨਾਲ ਮੀਟਿੰਗ ਤੈਅ ਕੀਤੀ ਹੈ ਅਤੇ ਸਾਰੀਆਂ ਮਿੱਲਾਂ ਨਿਰਧਾਰਤ ਸਮੇਂ 'ਤੇ ਪਿੜਾਈ ਸ਼ੁਰੂ ਕਰਨਗੀਆਂ। ਉਨ੍ਹਾਂ ਇਹ ਵੀ ਦੱਸਿਆ ਕਿ ਬਟਾਲਾ ਦੀ ਸਹਿਕਾਰੀ ਖੰਡ ਮਿੱਲ ਦੀ ਸਮਰੱਥਾ 1500 ਪਿੜਾਈ ਪ੍ਰਤੀ ਦਿਨ (ਟੀ.ਸੀ.ਡੀ.) ਤੋਂ ਵਧਾ ਕੇ 3500 ਟਨ ਟੀ.ਸੀ.ਡੀ. ਕਰ ਦਿੱਤੀ ਗਈ ਹੈ।

ਮੀਟਿੰਗ ਵਿੱਚ ਸ਼ੂਗਰਫੈੱਡ ਦੇ ਐਮ.ਡੀ. ਸ੍ਰੀਮਤੀ ਸੇਨੂੰ ਦੁੱਗਲ, ਡਾਇਰੈਕਟਰ ਖੇਤੀਬਾੜੀ ਜਸਵੰਤ ਸਿੰਘ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਨੇ ਪਰਾਲੀ ਪ੍ਰਬੰਧਨ ਲਈ ਲਗਾਏ ਕਲੱਸਟਰ ਅਧਿਕਾਰੀਆਂ ਨਾਲ ਕੀਤੀ ਮੀਟਿੰਗ

ਕਲੱਸਟਰ ਅਫ਼ਸਰ, ਵਿਲੇਜ਼ ਲੈਵਲ ਅਫ਼ਸਰ ਨੂੰ ਖੁਦ ਫ਼ੋਨ ਕਰਕੇ ਪਰਾਲੀ ਪ੍ਰਬੰਧਨ ਸਬੰਧੀ ਕੀਤੇ ਜਾ ਰਹੇ ਕੰਮਾਂ ਦੀ ਲਵਾਂਗੀ ਜਾਣਕਾਰੀ : ਡਾ. ਪ੍ਰੀਤੀ ਯਾਦਵ

ਪਟਿਆਲਾ, 23 ਸਤੰਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪਿੰਡ ਪੱਧਰ 'ਤੇ ਸਟਾਫ਼ ਦੀਆਂ ਡਿਊਟੀਆਂ ਲਗਾਈਆਂ ਹਨ। ਇਸ ਸਬੰਧੀ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਲੈਜ਼ ਲੈਵਲ ਅਫ਼ਸਰ ਤੇ ਕਲੱਸਟਰ ਅਫ਼ਸਰਾਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹਰੇਕ ਮੁਲਾਜ਼ਮ ਆਪਣੇ ਅਧੀਨ ਆਉਂਦੇ ਪਿੰਡਾਂ ਸਬੰਧੀ ਪੂਰੀ ਜਾਣਕਾਰੀ ਰੱਖੇ ਅਤੇ ਇਹ ਵੀ ਲਿਸਟ ਉਸ ਪਾਸ ਹੋਵੇ ਕਿ ਕਿਹੜੇ ਖੇਤ ਵਿੱਚ ਕਿਸ ਦਿਨ ਵਾਢੀ ਹੋਣੀ ਹੈ, ਤਾਂ ਜੋ ਕਿਸਾਨ ਨੂੰ ਮਸ਼ੀਨਰੀ ਸਮੇਂ ਸਿਰ ਉਪਲਬੱਧ ਕਰਵਾਈ ਜਾ ਸਕੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਕੰਚਨ ਤੇ ਜ਼ਿਲ੍ਹੇ ਦੇ ਸਮੂਹ ਐਸ.ਡੀ.ਐਮਜ਼ ਮੌਜੂਦ ਸਨ।

ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਉਹ ਖੁਦ ਕਲੱਸਟਰ ਲੈਵਲ ਤੇ ਵਿਲੇਜ਼ ਲੈਵਲ ਅਫ਼ਸਰਾਂ ਨੂੰ ਫ਼ੋਨ ਕਰਕੇ ਪਿੰਡ ਵਿੱਚ ਉਪਲਬੱਧ ਮਸ਼ੀਨਰੀ ਅਤੇ ਸੰਪਰਕ ਨੰਬਰਾਂ ਸਬੰਧੀ ਜਾਣਕਾਰੀ ਲੈਣਗੇ ਇਸ ਲਈ ਹਰੇਕ ਵਿਲੇਜ਼ ਲੈਵਲ ਅਫ਼ਸਰ ਤੇ ਕਲੱਸਟਰ ਅਫ਼ਸਰ ਆਪਣੇ ਅਧੀਨ ਪੈਂਦੇ ਪਿੰਡਾਂ ਦੀ ਸਾਰੀ ਜਾਣਕਾਰੀ ਆਉਂਦੇ ਇਕ ਹਫ਼ਤੇ ਵਿੱਚ ਪ੍ਰਾਪਤ ਕਰੇ ਤਾਂ ਜੋ ਵਾਢੀ ਸੀਜ਼ਨ ਦੌਰਾਨ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਤਾਇਨਾਤ ਸਟਾਫ਼ ਨੂੰ ਖੇਤੀ ਮਸ਼ੀਨਰੀ ਸਬੰਧੀ ਵੀ ਪੂਰੀ ਜਾਣਕਾਰੀ ਪ੍ਰਾਪਤ ਕਰਨ ਦੀ ਹਦਾਇਤ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਮਸ਼ੀਨਰੀ ਸਬੰਧੀ ਜਾਣਕਾਰੀ ਦੇਣ ਲਈ ਸਟਾਫ਼ ਖੁਦ ਹਰੇਕ ਮਸ਼ੀਨ ਸਬੰਧੀ ਜਾਣਕਾਰੀ ਰੱਖੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਕਰਨ ਲਈ ਮਸ਼ੀਨਰੀ ਉਪਲਬੱਧ ਹੈ ਤੇ ਸਿਰਫ਼ ਕਿਸਾਨਾਂ ਨੂੰ ਇਸ ਸਬੰਧੀ ਜਾਗਰੂਕ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸਾਨਾਂ ਨੂੰ ਸਮੇਂ ਸਿਰ ਮਸ਼ੀਨਰੀ ਉਪਲਬੱਧ ਹੋ ਜਾਵੇਗੀ ਤਾਂ ਅੱਗ ਲਗਾਉਣ ਦੀ ਸਮੱਸਿਆ ਆਪਣੇ ਆਪ ਹੀ ਖਤਮ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮਸ਼ੀਨਰੀ ਸਬੰਧੀ ਜਾਣਕਾਰੀ ਦੇਣ ਲਈ ਵਟਸਐਪ ਗਰੁੱਪ, ਜਾਗਰੂਕਤਾ ਕੈਂਪ ਸਮੇਤ ਇਕ ਚੈਟ ਬੋਟ ਵੀ ਬਣਾਇਆ ਜਾ ਰਿਹਾ ਹੈ ਜਿਥੋਂ ਉਹ ਆਪਣੇ ਨੇੜੇ ਮੌਜੂਦ ਮਸ਼ੀਨਰੀ ਸਬੰਧੀ ਜਾਣਕਾਰੀ ਲੈ ਸਕਣਗੇ।

ਉਨ੍ਹਾਂ ਐਸ.ਡੀ.ਐਮਜ਼ ਨੂੰ ਵੀ ਪਿੰਡਾਂ ਵਿੱਚ ਖੁਦ ਜਾ ਕੇ ਕਿਸਾਨਾਂ ਨੂੰ ਜਾਗਰੂਕ ਕਰਨ ਦੀ ਹਦਾਇਤ ਕਰਦਿਆਂ ਕਿਹਾ ਕਿ ਐਸ.ਡੀ.ਐਮਜ਼ ਰੋਜ਼ਾਨਾ ਪੰਜ ਪਿੰਡਾਂ 'ਚ ਜਾ ਕੇ ਕਿਸਾਨਾਂ ਨਾਲ ਗੱਲਬਾਤ ਕਰਨ ਅਤੇ ਪਰਾਲੀ ਪ੍ਰਬੰਧਨ ਸਬੰਧੀ ਜਾਣਕਾਰੀ ਦੇਣ। ਉਨ੍ਹਾਂ ਕਿਹਾ ਕਿ ਨੋਡਲ ਅਫ਼ਸਰ ਪਿੰਡ ਵਿੱਚ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਤਾਇਨਾਤ ਰਹਿਕੇ ਕਿਸਾਨਾਂ ਨੂੰ ਜਾਗਰੂਕ ਕਰਨਾ ਯਕੀਨੀ ਬਣਾਉਣ।

ਇਸ ਮੌਕੇ ਡਿਪਟੀ ਕਮਿਸ਼ਨਰ ਪ੍ਰੀਤੀ ਯਾਦਵ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੀਆਂ ਆਉਣ ਵਾਲੀਆਂ ਪੀੜੀਆਂ ਦੇ ਸੁਰੱਖਿਅਤ ਭਵਿੱਖ ਲਈ ਅਤੇ ਬੱਚਿਆਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਕਿਸਾਨ ਪਰਾਲੀ ਪ੍ਰਬੰਧਨ ਲਈ ਇੰਨ ਸੀਟੂ ਤੇ ਐਕਸ ਸੀਟੂ ਤਕਨੀਕਾਂ ਦੀ ਵਰਤੋਂ ਕਰਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਕਰਵਾਉਣ 'ਚ ਹਰ ਸੰਭਵ ਮਦਦ ਕਰੇਗਾ ਅਤੇ ਇਸ ਲਈ ਪਿੰਡ ਪੱਧਰ ਤੱਕ ਸਟਾਫ਼ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪਰਾਲੀ ਪ੍ਰਬੰਧਨ ਕਰਨ ਲਈ ਕਿਸਾਨਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।

ਐਕਸਿਸ ਬੈਂਕ ਦੇ ਏਟੀਐਮ 'ਤੇ ਲੁਟੇਰਿਆਂ ਨੇ ਬੰਦੂਕ ਦੀ ਨੋਕ ਤੇ ਕੈਸ਼ ਜਮਾਂ ਕਰਵਾ ਰਹੇ ਵਿਅਕਤੀ ਨੂੰ ਬਣਾਇਆ ਨਿਸ਼ਾਨਾ, ਲੁੱਟੇ 80 ਹਜ਼ਾਰ ਰੁਪਏ

ਜ਼ੀਰਕਪੁਰ, 23 ਸਤੰਬਰ
-ਸੰਜੀਵ ਭੰਡਾਰੀ-
-ਕੌਮੀ ਪੱਤ੍ਰਿਕਾ ਬਿਊਰੋ-

ਬੀਤੀ ਰਾਤ ਕਰੀਬ ਮੋਟਰਸਾਈਕਲ ਸਵਾਰ ਦੋ ਲੁਟੇਰਿਆਂ ਨੇ ਪਟਿਆਲਾ ਰੋਡ 'ਤੇ ਸਥਿੱਤ ਐਕਸਿਸ ਬੈਂਕ ਦੇ ਏਟੀਐਮ 'ਚ ਪੈਸੇ ਜਮ੍ਹਾ ਕਰ ਰਹੇ ਇਕ ਵਿਅਕਤੀ ਨੂੰ ਨਿਸ਼ਾਨਾ ਬਣਾਇਆ। ਪੀੜਤ ਅਵਤਾਰ ਸਿੰਘ ਨੇ ਦੱਸਿਆ ਕਿ ਉਹ ਏਅਰਟੈੱਲ ਕੰਪਨੀ ਦਾ ਕੈਸ਼ ਕਲੈਕਸ਼ਨ ਪ੍ਰਤੀਨਿਧੀ ਹੈ ਜੋ ਹਰ ਰੋਜ਼ ਇਸ ਏਟੀਐਮ ਦੀ ਵਰਤੋਂ ਕਰਕੇ ਦਿਨ ਵੇਲੇ ਇਕੱਠੇ ਕੀਤੇ ਪੈਸੇ ਜਮ੍ਹਾਂ ਕਰਦਾ ਹੈ। ਰਾਤ ਕਰੀਬ 9 ਵਜੇ ਜਦੋਂ ਉਹ ਪੈਸੇ ਜਮ੍ਹਾ ਕਰ ਰਿਹਾ ਸੀ ਤਾਂ ਦੋ ਪਗੜੀਧਾਰੀ ਨਕਾਬਪੋਸ਼ ਏਟੀਐਮ ਅੰਦਰ ਦਾਖਲ ਹੋਏ ਜਿਨ੍ਹਾਂ ਨੇ ਬੰਦੂਕ ਦੀ ਨੋਕ 'ਤੇ ਉਸ ਦਾ ਬੈਗ ਖੋ

ਵੈਟਨਰੀ ਇੰਸਪੈਕਟਰਜ ਐਸੋਸੀਏਸ਼ਨ ਦਾ ਵਫਦ ਮੰਤਰੀ ਗੁਰਮੀਤ ਸਿੰਘ ਖੁਡੀਆਂ ਨੂੰ ਮੰਗਾਂ ਸਬੰਧੀ ਮਿਲਿਆ

ਏਜੰਸੀਆਂ

ਪਠਾਨਕੋਟ 23 ਸਤੰਬਰ। ਅੱਜ ਪੰਜਾਬ ਸਟੇਟ ਵੈਟਨਰੀ ਇੰਸਪੈਕਟਰਜ ਐਸੋਸੀਏਸ਼ਨ ਵੱਲੋਂ ਪੰਜਾਬ ਸਰਕਾਰ ਖਿ?ਲਾਫ ਦਿੱਤੇ ਗਏ ਰੋਸ ਧਰਨੇ ਉਪਰੰਤ ਪਸ਼ੂ ਪਾਲਣ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ

ਵਿਭਾਗੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਪਸ਼ੂ ਪਾਲਣ ਵਿਭਾਗ ਦੇ ਜੁਆਇੰਟ ਸਕੱਤਰ ਬਿਕਰਮਜੀਤ ਸ਼ੇਰਗਿੱਲ, ਡਾਇਰੈਕਟਰ ਪਸ਼ੂ ਪਾਲਣ ਡਾ: ਗੁਰਸ਼ਰਨ ਸਿੰਘ ਬੇਦੀ, ਜੁਆਇੰਟ ਡਾਇਰੈਕਟਰ ਡਾ: ਸ਼ਿਆਮ ਸਿੰਘ ਮੋਜੂਦ ਰਹੇ। ਪੰਜਾਬ ਸਟੇਟ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਗੁਰਦੀਪ ਸਿੰਘ ਬਾਸੀ ਨੇ ਮੰਤਰੀ ਦੇ ਧਿਆਨ ਵਿਚ ਲਿਆਂਦਾ ਕਿ 2011 ਵਿੱਚ ਭਰਤੀ ਹੋਏ ਵੈਟਨਰੀ ਇੰਸਪੈਕਟਰਾਂ ਵੱਲੋਂ 7000 ਤਨਖਾਹ ਤੇ 18 ਮਹੀਨੇ ਕੀਤੀ ਸਰਵਿਸ, ਸੀਨੀਅਰ ਵੈਟਨਰੀ ਇੰਸਪੈਕਟਰ ਦੀ ਪਲੇਸਮੈਂਟ ਨੂੰ ਪਰਮੋਸ਼ਨ ਕਰਾਉਣ, ਤਹਿਸੀਲ ਪੱਧਰੀ ਹਸਪਤਾਲ ਵਿਚ ਪੋਸਟਾਂ ਦੇਣ, ਜਿ?ਲ੍ਹਾ ਵੈਟਨਰੀ ਇੰਸਪੈਕਟਰ ਦੀ ਅਸਾਮੀ ਡਿਪਟੀ ਡਾਇਰੈਕਟਰ ਦਫਤਰ ਵਿਖੇ ਕਰਨੀ ਤੇ ਜਿ?ਲ੍ਹਾ ਵੈਟਨਰੀ ਇੰਸਪੈਕਟਰ ਦੀ ਤਨਖਾਹ 4800 ਗ੍ਰੇਡ ਪੇਅ ਨਾਲ ਫਿਕਸ ਕਰਨੀ, ਵੈਟਨਰੀ ਇੰਸਪੈਕਟਰ ਕੇਡਰ ਦੀਆਂ ਤਨਖਾਹ ਸਕੇਲ ਦੀ ਤਰੁੱਟੀਆਂ, ਵਿਭਾਗ ਦੀਆਂ ਅਸਾਮੀਆਂ ਨੂੰ ਮੁੜ ਘੋਖਣ, ਨਵੀਂ ਭਰਤੀ ਮੁਲਾਜਮਾਂ ਨੂੰ ਪੰਜਾਬ ਦਾ ਛੇਵਾਂ ਪੇਅ ਸਕੇਲ ਦੇਣ ਵਰਗੀਆਂ ਮੰਗਾਂ ਤੇ ਵਿਸਤਾਰ ਵਿਚ ਚਰਚਾ ਹੋਈ। ਮਾਣਯੋਗ ਮੰਤਰੀ ਸਾਹਿਬ ਨੇ ਇਕੱਲੀ ਇੱਕਲੀ ਮੰਗ 'ਤੇ ਜੱਥੇਬੰਦੀ ਦਾ ਪੱਖ ਸੁਣਿਆ ਅਤੇ ਵਿਭਾਗ ਦੇ ਅਧਿਕਾਰੀਆਂ ਨੂੰ ਇਨ੍ਹਾਂ ਮਸਲਿਆਂ ਸਬੰਧੀ ਬਣਦੀਆਂ ਤਜਵੀਜਾਂ ਭੇਜਣ ਦੇ ਨਿਰਦੇਸ਼ ਦਿੱਤੇ । ਉਨ੍ਹਾਂ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਨੂੰ ਭਰੋਸਾ ਦਿਵਾਇਆ ਕੇ ਪੰਜਾਬ ਸਰਕਾਰ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਦੀਆਂ ਮੰਗਾਂ ਮਸਲਿਆਂ ਦੇ ਹੱਲ ਲਈ ਵਚਨਬੱਧ ਹੈ।

ਥੈਲੇਸੀਮੀਆ ਨਾਲ ਪੀੜਤ ਬੱਚਿਆਂ ਨਾਲ ਫਾਜਿਲਕਾ ਪੁਲਸ ਮੁਖੀ ਨੇ ਬਿਤਾਏ ਖੁਸ਼ੀ ਦੇ ਪਲ, ਬੱਚਿਆਂ ਦੇ ਖਿੜੇ ਚਿਹਰੇ

ਸਰਦੂਲ ਸਿੰਘ

ਫਾਜਿਲਕਾ 23 ਸਤੰਬਰ। ਕਹਿੰਦੇ ਹਨ ਕਿ ਖੁਸੀ ਵੰਡਣ ਨਾਲ ਦੁੱਗਣੀ ਹੁੰਦੀ ਹੈ ਅਤੇ ਜਿਸ ਨੂੰ ਖੁਸੀ ਮਿਲਦੀ ਹੈ ਕਈ ਵਾਰ ਉਸ ਦੀ ਜਿੰਦਗੀ ਹੀ ਬਦਲ ਜਾਂਦੀ ਹੈ। ਇਸੇ ਤਰ੍ਹਾਂ ਹੀ ਫਾਜਿ?ਲਕਾ ਦੇ ਐੱਸ.ਐੱਸ.ਪੀ. ਵਰਿੰਦਰ ਸਿੰਘ ਬਰਾੜ ਨੇ ਥੈਲੇਸੀਮੀਆ ਬਿਮਾਰੀ ਨਾਲ ਲੜਾਈ ਲੜ ਰਹੇ ਬੱਚਿਆਂ ਨਾਲ ਖੁਸੀ ਦੇ ਪਲ ਸਾਂਝੇ ਕੀਤੇ, ਜਿਸ ਨਾਲ ਬੱਚਿਆਂ ਅਤੇ ਉਨ੍ਹਾਂ ਦੇ ਮਾਪੀਆਂ ਦੇ ਚਿਹਰੇ 'ਤੇ ਖੁਸੀ ਵੇਖਣ ਨੂੰ ਮਿਲੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਫਾਜਿ?ਲਕਾ ਦੇ ਐੱਸ.ਐੱਸ.ਪੀ. ਬਰਾੜ ਨੇ ਦੱਸਿਆ ਕਿ ਉਨ੍ਹਾਂ ਨੂੰ ਜਿਵੇਂ ਹੀ ਪਤਾ ਲਗਿਆ ਕਿ ਫਾਜਿ?ਲਕਾ 'ਚ ਥੈਲੇਸੀਮੀਆ ਨਾਲ ਪੀੜਤ ਬੱਚੇ ਹਨ ਤਾਂ ਉਨ੍ਹਾਂ ਆਪਣੇ ਦਫਤਰ ਵਿਖੇ ਬੱਚਿਆਂ ਅਤੇ ਮਾਪੀਆਂ ਨੂੰ ਬੁਲਾਈਆ ਅਤੇ ਤੇ ਉਨ੍ਹਾਂ ਨਾਲ ਸਮਾਂ ਬਿਤਾਇਆ। ਇਸ ਮੌਕੇ ਉਨ੍ਹਾਂ ਬੱਚਿਆਂ ਅਤੇ ਮਾਪੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਜੀਵਨ ਸਬੰਧੀ ਪੁੱਛਿਆ ਅਤੇ ਬੱਚਿਆਂ ਨਾਲ ਮਿੱਠੀਆਂ-ਮਿੱਠੀਆਂ ਗੱਲਾਂ ਵੀ ਕੀਤੀਆਂ। ਫਾਜਿ?ਲਕਾ ਦੇ ਐੱਸ.ਐੱਸ.ਪੀ. ਬਰਾੜ ਨੇ ਕਿਹਾ ਕਿ ਥੈਲੇਸੀਮੀਆ ਨਾਲ ਲੜ ਰਹੇ ਬੱਚਿਆਂ ਲਈ ਕੋਈ ਵੀ ਵਿਸੇਸ ਖੇਡ ਪ੍ਰੋਗਰਾਮ ਨਹੀਂ ਹੁੰਦੇ ਤਾਂ ਅਸੀਂ ਪਹਿਲ ਕਦਮੀ ਕਰਦੇ ਹੋਏ ਇਨ੍ਹਾਂ ਬੱਚਿਆਂ ਲਈ ਖੇਡ ਪ੍ਰੋਗਰਾਮ ਪਰੇਡ ਸੁਰੂ

ਕਰਾਂਗੇ ਤਾਂ ਦੂਜੇ ਪਾਸੇ ਬੱਚਿਆਂ ਦੇ ਚਿਹਰੇ ਖਿੜੇ ਹੋਏ ਵੇਖਣ ਨੂੰ ਮਿਲੇ। ਉਨ੍ਹਾਂ ਕਿਹਾ ਕਿ ਉਹ ਇਨ੍ਹਾਂ ਬੱਚਿਆਂ ਦੇ ਨਾਲ ਹਮੇਸਾ ਆਪਣਾ ਸਹਿਯੋਗ ਕਰਨਗੇ ਅਤੇ ਪ੍ਰਸਾਸਨ ਤਾਲਮੇਲ ਕਰ ਕੇ ਇਨ੍ਹਾਂ ਲਈ ਇਲਾਜ ਦੇ ਹੋਰ ਕੜੇ ਪ੍ਰਬੰਧ ਕਰਨਗੇ। ਇਸ ਮੌਕੇ ਬੱਚਿਆਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਅਸੀਂ ਆਪਣੇ ਘਰ ਉਦਾਸ ਬੈਠੇ ਸੀ ਤਾਂ ਜਿਵੇਂ ਹੀ ਸਾਨੂੰ ਫੋਨ ਆਈਆ ਕਿ ਤੁਹਾਨੂੰ ਫਾਜਿ?ਲਕਾ ਦੇ ਐੱਸ.ਐੱਸ.ਪੀ. ਵਰਿੰਦਰ ਸਿੰਘ ਬਰਾੜ ਨੇ ਆਪਣੇ ਦਫਤਰ ਬੁਲਾਈਆ ਹੈ ਤਾਂ ਇੱਕਦਮ ਹੀ ਸਾਡੇ ਚਿਹਰੇ ਖਿੱਲ ਗਏ ਅਤੇ ਅਸੀਂ ਤਿਆਰ ਹੋ ਗਏ। ਉਨ੍ਹਾਂ ਪੁਲਸ ਮੁਖੀ ਦਾ ਧਨੰਵਾਦ ਕਰਦੇ ਹੋਏ ਕਿਹਾ ਕਿ ਜਿਨ੍ਹਾਂ ਨੇ ਸਾਨੂੰ ਖੁਸੀ ਦੇ ਪੱਲ ਦਿੱਤੇ ਅਤੇ ਸਾਡੀ ਉਮਰ ਵਧਾਉਣ 'ਚ ਆਪਣਾ ਯੋਗਦਾਨ ਪਾਇਆ। ਅਜਿਹੇ ਅਫਸਰ ਪੰਜਾਬ ਭਰ 'ਚ ਹੋਣ ਤਾਂ ਸਾਨੂੰ ਡਾਕਟਰ ਵੀ ਦੀ ਲੋੜ ਨਹੀਂ ਹੈ। ਥੈਲੇਸੀਮੀਆ ਨਾਲ ਪੀੜਤ ਬੱਚਿਆਂ ਦੇ ਮਾਪੀਆਂ ਨੇ ਕਿਹਾ ਕਿ ਵਿਆਹ ਮੌਕੇ ਜਦੋਂ ਆਪਾਂ ਕੰਡਲੀ ਮਿਲਾਉਂਦੇ ਹਾਂ ਤਾਂ ਉਸ ਦੇ ਨਾਲ ਹੀ ਸਾਨੂੰ ਥੈਲੇਸੀਮੀਆ ਬਿਮਾਰੀ ਦਾ ਟੈਸਟ ਵੀ ਕਰਵਾਉਣਾ ਜਰੂਰੀ ਹੈ ਜੋ ਆਉਣ ਵਾਲੇ ਭਵਿੱਖ 'ਚ ਲਾਹੇਵੰਦ ਹੋਵੇਗਾ। ਇਸ ਮੌਕੇ ਉਨ੍ਹਾਂ ਐੱਸ.ਐੱਸ.ਪੀ. ਫਾਜਿ?ਲਕਾ ਨੂੰ ਅਪੀਲ ਕੀਤੀ ਕਿ ਤੁਸੀਂ ਵੀ ਆਪਣੇ ਮੁਲਾਜਮਾਂ ਨੂੰ ਇਸ ਸਬੰਧੀ ਜਾਗਰੂਕ ਜਰੂਰ ਕਰੋ।

ਭਾਈ ਤੇਜਿੰਦਰਪਾਲ ਸਿੰਘ ਟਿੰਮਾ ਵਿਰੁੱਧ ਗ੍ਰਿਫ਼ਤਾਰੀ ਵਾਰੰਟ ਦੀ ਐਡਵੋਕੇਟ ਧਾਮੀ ਨੇ ਕੀਤੀ ਨਿੰਦਾ

ਜੈਤੋ 23 ਸਤੰਬਰ। ਰਾਜਸਥਾਨ ਦੇ ਸਿੱਖ ਆਗੂ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਖਿਲਾਫ਼ ਦੇਸ਼ ਧ੍ਰੋਹ ਦੇ ਮੁਕੱਦਮੇ ਵਿਚ ਗ੍ਰਿਫ਼ਤਾਰੀ ਵਾਰੰਟ ਜਾਰੀ ਹੋਣ 'ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਨੂੰ ਸਿੱਖ ਨਾਲ ਧੱਕਾ ਕਰਾਰ ਦਿੱਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਖਿਲਾਫ਼ ਦੋਸ਼ ਬਿਲਕੁਲ ਬੇਬੁਨਿਆਦ ਹਨ ਅਤੇ ਪੁਲਸ ਦੀ ਇਹ ਕਾਰਵਾਈ ਸਿੱਖ ਨਾਲ ਅਨਿਆਂ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਈ ਟਿੰਮਾ ਰਾਜਸਥਾਨ ਦੇ ਉੱਘੇ ਸਿੱਖ ਆਗੂ ਹਨ, ਜਿਨ੍ਹਾਂ ਨੇ ਧਰਮ ਪ੍ਰਚਾਰ ਦੇ ਖੇਤਰ ਅਤੇ ਸਮਾਜ ਭਲਾਈ ਦੇ ਕਾਰਜਾਂ ਵਿਚ ਹਮੇਸ਼ਾ ਮੋਹਰੀ ਭੂਮਿਕਾ ਨਿਭਾਈ ਹੈ। ਅਜਿਹੀ ਸ਼ਖ਼ਸੀਅਤ ਨੂੰ ਜਾਣਬੁਝ

ਕੇ ਨਿਸ਼ਾਨਾ ਬਣਾਉਣਾ ਭਾਈਚਾਰਕ ਸਾਂਝਾ ਵਿਚ ਵਿਗਾੜ ਪੈਦਾ ਕਰਨ ਦੇ ਯਤਨ ਹਨ। ਉਨ੍ਹਾਂ ਕਿਹਾ ਕਿ ਭਾਈ ਟਿੰਮਾ ਨੂੰ ਉੱਚ ਅਦਾਲਤ ਵੱਲੋਂ ਅਗਾਊਂ ਜ਼ਮਾਨਤ ਮਿਲੀ ਹੋਈ ਹੈ, ਇਸ ਦੇ ਬਾਵਜੂਦ ਵੀ ਗ੍ਰਿਫ਼ਤਾਰ ਵਾਰੰਟ ਜਾਰੀ ਕਰਨੇ ਸਰਾਸਰ ਗ਼ਲਤ ਹਨ। ਉਨ੍ਹਾਂ ਕਿਹਾ ਕਿ ਭਾਰਤ ਬਹੁ-ਧਰਮੀ ਸੱਭਿਅਕ ਦੇਸ਼ ਹੈ ਅਤੇ ਇਥੇ ਕਾਨੂੰਨ ਵੀ ਸਭ ਲਈ ਇਕਸਾਰ ਹੋਣੇ ਚਾਹੀਦੇ ਹਨ। ਘੱਟਗਿਣਤੀਆਂ ਅਤੇ ਖਾਸਕਰ ਸਿੱਖਾਂ ਨੂੰ ਦਬਾਉਣ ਦੀ ਸਰਕਾਰੀ ਪ੍ਰਵਿਰਤੀ ਦੇਸ਼ ਹਿੱਤ ਵਿਚ ਨਹੀਂ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੀ ਹਰ ਲੋੜੀਂਦੀ ਕਾਨੂੰਨੀ ਮੱਦਦ ਲਈ ਵਚਨਬੱਧ ਹੈ।

ਟਰੇਨਾਂ 'ਚ ਲੋਕਾਂ ਦੇ ਮੋਬਾਇਲ ਚੋਰੀ ਕਰ ਕੇ ਸਸਤੇ ਰੇਟਾਂ 'ਤੇ ਵੇਚਣ ਵਾਲਾ ਚੋਰ ਕਾਬੂ

ਕਿਸ਼ਨ ਪਾਲ

ਜਲੰਧਰ 23 ਸਤੰਬਰ। ਰੇਲ ਗੱਡੀਆਂ 'ਚੋਂ ਮੋਬਾਈਲ ਫੋਨ ਚੋਰੀ ਕਰ ਕੇ ਸਸਤੇ ਭਾਅ 'ਤੇ ਵੇਚਣ ਵਾਲੇ ਨੌਜਵਾਨ ਨੂੰ ਜੀ.ਆਰ.ਪੀ. ਥਾਣਾ ਸਦਰ ਦੀ ਪੁਲਸ ਨੇ ਕਾਬੂ ਕਰ ਕੇ ਜੇਲ੍ਹ ਭੇਜ ਦਿੱਤਾ ਹੈ। ਮੋਬਾਈਲ ਫੋਨ ਚੋਰੀ ਹੋਣ ਤੋਂ ਬਾਅਦ ਇਕ ਵਿਅਕਤੀ ਦੀ ਸ?ਿਕਾਇਤ ਤੋਂ ਬਾਅਦ ਪੁਲਸ ਵੱਲੋਂ ਉਕਤ ਨੌਜਵਾਨ ਨੂੰ ਕਾਬੂ ਕਰਨ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਸੀ ਤੇ ਹੁਣ ਪੁਲਸ ਨੇ ਉਸ ਨੂੰ ਅੰਮ੍ਰਿਤਸਰ ਤੋਂ ਕਾਬੂ ਕਰ ਲਿਆ ਹੈ। ਜੀ.ਆਰ.ਪੀ. ਥਾਣਾ ਦੇ ਐੱਸ.ਐੱਚ.ਓ. ਪਲਵਿੰਦਰ ਸਿੰਘ ਭਿੰਡਰ ਨੇ ਦੱਸਿਆ ਕਿ ਏ.ਐੱਸ.ਆਈ. ਹੀਰਾ ਸਿੰਘ ਨੇ ਉਕਤ ਨੌਜਵਾਨ ਨੂੰ ਕਾਬੂ ਕਰ ਲਿਆ ਹੈ, ਜਿਸ ਦੀ ਪਛਾਣ ਸਤੀਸ ਸਿੰਘ ਪੁੱਤਰ ਪ੍ਰਸੋਤਮ ਸਿੰਘ ਵਾਸੀ ਨੂਰਸਾਹ ਕਾਲੋਨੀ ਥਾਣਾ ਇਸਲਾਮਾਬਾਦ, ਅੰਮ੍ਰਿਤਸਰ ਵਜੋਂ ਹੋਈ ਹੈ। ਉਸ ਨੇ ਦੱਸਿਆ ਕਿ ਉਕਤ ਨੌਜਵਾਨ ਨੇ ਕਬੁਲ ਕੀਤਾ ਹੈ ਕਿ ਉਹ ਪਹਿਲਾਂ ਵੀ ਕਈ ਵਾਰ ਰੇਲ ਗੱਡੀਆਂ ਤੋਂ ਫੋਨ ਚੋਰੀ ਕਰ ਚੁੱਕਾ ਹੈ। ਨਵੰਬਰ 2023 'ਚ 24 ਸਾਲਾ ਸਤੀਸ ਸਿੰਘ ਖਿ?ਲਾਫ ਜੀ.ਆਰ.ਪੀ. ਥਾਣੇ 'ਚ ਕੇਸ ਦਰਜ ਕੀਤਾ ਗਿਆ ਸੀ। ਫਰੀਦਾਬਾਦ ਦੇ

ਰਹਿਣ ਵਾਲੇ ਤਜਿੰਦਰ ਸਿੰਘ ਵੱਲੋਂ ਮੋਬਾਈਲ ਫੋਨ ਚੋਰੀ ਕਰਨ ਸਬੰਧੀ ਨਵੰਬਰ 2023 'ਚ ਐੱਫ.ਆਈ.ਆਰ. ਫਰੀਦਾਬਾਦ 'ਚ ਦਰਜ ਕੀਤੀ ਗਈ, ਜਿਸ ਤੋਂ ਬਾਅਦ ਜੀ.ਆਰ.ਪੀ. ਥਾਣੇ ਜਲੰਧਰ ਕੋਲ ਸ?ਿਕਾਇਤ ਦਰਜ ਕਰਵਾਈ ਗਈ। ਥਾਣਾ ਸਦਰ ਪੁਲਸ ਨੇ ਉਕਤ ਮਾਮਲਾ ਏ.ਐੱਸ.ਆਈ. ਹੀਰਾ ਸਿੰਘ ਨੂੰ ਸੌਂਪਿਆ ਤੇ ਉਸ ਨੇ ਉਕਤ ਮੋਬਾਈਲ ਦਾ ਆਈ.ਐੱਮ.ਈ.ਆਈ. ਨੰਬਰ ਟਰੇਸ ਕਰ ਲਿਆ। ਉਕਤ ਨੌਜਵਾਨ ਵੱਲੋਂ ਮੋਬਾਈਲ ਫੋਨ 'ਚ ਸਿਮ ਕਾਰਡ ਪਾਇਆ ਹੋਇਆ ਸੀ, ਜਿਸ ਦੀ ਸੂਚਨਾ ਪੁਲਸ ਨੂੰ ਮਿਲੀ। ਇਸ ਸਬੰਧੀ ਏ.ਐੱਸ.ਆਈ. ਹੀਰਾ ਸਿੰਘ ਵੱਲੋਂ ਉਕਤ ਨੌਜਵਾਨ ਦੇ ਅੰਮ੍ਰਿਤਸਰ ਸਥਿਤ ਘਰ 'ਤੇ ਛਾਪੇਮਾਰੀ ਕੀਤੀ ਗਈ ਪਰ ਉਕਤ ਨੌਜਵਾਨ ਉਥੇ ਨਹੀਂ ਮਿਲਿਆ। ਪੁਲਸ ਵੱਲੋਂ ਮੁਲਜਮਾਂ ਨੂੰ ਕਾਬੂ ਕਰਨ ਲਈ ਲਗਾਤਾਰ ਕੋਸ਼ਿ?ਸਾਂ ਕੀਤੀਆਂ ਜਾ ਰਹੀਆਂ ਸਨ ਤੇ ਇਸੇ ਲੜੀ ਤਹਿਤ ਠੋਸ ਸੂਚਨਾ ਦੇ ਆਧਾਰ 'ਤੇ ਛਾਪੇਮਾਰੀ ਕਰ ਕੇ ਨੌਜਵਾਨ ਨੂੰ ਪੁਲਸ ਨੇ ਕਾਬੂ ਕਰ ਲਿਆ। ਇਸ ਦੇ ਨਾਲ ਹੀ ਪੁਲਸ ਨੇ ਚੋਰੀ ਕੀਤਾ ਮੋਬਾਈਲ ਫੋਨ ਵੀ ਬਰਾਮਦ ਕਰ ਲਿਆ ਹੈ। ਇਸ ਮੌਕੇ ਏ.ਐੱਸ.ਆਈ. ਲਲਿਤ ਕੁਮਾਰ ਆਦਿ ਵੀ ਹਾਜਰ ਸਨ।

ਸਰਹੱਦੀ ਇਲਾਕੇ ਦੇ ਲੋਕ, ਸਰਹੱਦਾਂ ਦੀ ਰਾਖੀ ਵਿੱਚ ਅਹਿਮ ਰੋਲ ਅਦਾ ਕਰਦੇ ਹਨ : ਉਮਾ ਸ਼ੰਕਰ ਗੁਪਤਾ

ਡੇਰਾ ਬਾਬਾ ਨਾਨਕ/ ਗੁਰਦਾਸਪੁਰ 23 ਸਤੰਬਰ। ਉਮਾ ਸ਼ੰਕਰ ਗੁਪਤਾ ਡਿਪਟੀ ਕਮਿਸ਼ਨਰ ਵੱਲੋਂ ਪਿੰਡਾਂ ਵਿੱਚ ਬਣੀਆਂ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗ ਕੀਤੀ ਗਈ ਤੇ ਉਨ੍ਹਾਂ ਨਾਲ ਵਿਲੇਜ ਡਿਫੈਂਸ ਕਮੇਟੀਆਂ ਨੂੰ ਹੋਰ ਮਜਬੂਤ ਕਰਨ ਲਈ ਕਮੇਟੀ ਮੈਂਬਰਾਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਐੱਸ.ਐੱਸ.ਪੀ ਗੁਰਦਾਸਪੁਰ ਹਰੀਸ ਦਾਯਮਾ, ਐੱਸ.ਐੱਸ.ਪੀ. ਬਟਾਲਾ ਸੁਹੇਲ ਕਾਸਿਮ ਮੀਰ, ਏ.ਡੀ.ਸੀ.(ਜ) ਸੁਰਿੰਦਰ ਸਿੰਘ ਅਤੇ ਏ.ਡੀ.ਸੀ (ਡੀ) ਗੁਰਪ੍ਰੀਤ ਸਿੰਘ ਗਿੱਲ ਆਦਿ ਮੌਜੂਦ ਸਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਹੱਦੀ ਇਲਾਕੇ

ਦੇ ਲੋਕ, ਸਰਹੱਦਾਂ ਦੀ ਰਾਖੀ ਵਿੱਚ ਅਹਿਮ ਰੋਲ ਅਦਾ ਕਰਦੇ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਇਕ ਟੀਮ ਦੀ ਤਰ੍ਹਾਂ ਸਹਿਯੋਗ ਕਰਦੇ ਹਨ, ਜੋ ਸ਼ਲਾਘਾਯੋਗ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 25 ਸਤੰਬਰ ਨੂੰ ਮਾਣਯੋਗ ਰਾਜਪਾਲ ਪੰਜਾਬ, ਗੁਲਾਬ ਚੰਦ ਕਟਾਰੀਆ, ਡੇਰਾ ਬਾਬਾ ਨਾਨਕ ਵਿਖੇ ਪਹੁੰਚਣਗੇ ਅਤੇ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗ ਕਰਨਗੇ । ਕਮੇਟੀ ਮੈਂਬਰਾਂ ਨਾਲ ਸਰਹੱਦੀ ਏਰੀਏ ਦੇ ਵਿਕਾਸ ਅਤੇ ਵਿਲੇਜ਼ ਡਿਫੈਂਸ ਕਮੇਟੀਆਂ ਨੂੰ ਹੋਰ ਮਜਬੂਤ ਕਰਨ ਲਈ ਗੱਲਬਾਤ ਕਰਨਗੇ। ਇਸ ਮੌਕੇ ਐੱਸ.ਐੱਸ.ਪੀ ਗੁਰਦਾਸਪੁਰ ਅਤੇ ਬਟਾਲਾ ਵਲੋਂ ਵੀ ਵਿਲੇਜ਼ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਨ੍ਹਾਂ ਕਮੇਟੀਆਂ ਦੀ ਬਹੁਤ ਮਹੱਤਤਾ ਹੈ ਅਤੇ ਇਨ੍ਹਾਂ ਵਲੋਂ ਪੂਰੀ ਜਿ?ਮੇਵਾਰੀ ਨਾਲ ਪ੍ਰਸ਼ਾਸਨ ਦਾ ਸਹਿਯੋਗ ਕੀਤਾ ਜਾ ਰਿਹਾ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਵਲੋਂ ਵਿਲੇਜ਼ ਡਿਫੈਂਸ ਕਮੇਟੀ ਮੈਂਬਰਾਂ ਦੀਆ ਮੁਸ਼ਕਲਾ ਸੁਣੀਆਂ ਗਈਆਂ ਅਤੇ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਦੀਆਂ ਮੁਸ਼ਕਲਾ ਪਹਿਲ ਦੇ ਅਧਾਰ ਤੇ ਹੱਲ ਕੀਤੀਆਂ ਜਾਣਗੀਆਂ।

ਪੁਲਸ ਨੇ ਘਰ 'ਚ ਛਾਪਾਮਾਰੀ ਕਰ168 ਬੋਤਲਾਂ ਨਜਾਇਜ ਸਰਾਬ ਕੀਤੀ ਬਰਾਮਦ

ਦੀਨਾਨਗਰ 23 ਸਤੰਬਰ। ਦੀਨਾਨਗਰ ਪੁਲਸ ਅਤੇ ਐਕਸਾਈਜ ਵਿਭਾਗ ਵੱਲੋਂ ਇੱਕ ਸਾਂਝਾ ਰੇਡ ਕਰਕੇ ਇੱਕ ਘਰ ਵਿੱਚੋਂ ਵੱਖ-ਵੱਖ ਮਾਰਕਾਂ ਦੀਆਂ 168 ਨਜਾਇਜ ਸਰਾਬ ਦੀਆਂ ਬੋਤਲਾਂ ਫੜਨ ਦਾ ਸਮਾਚਾਰ ਪ੍ਰਾਪਤ ਹੋਇਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ.ਐਸ.ਪੀ. ਦੀਨਾਨਗਰ ਸੁਰਿੰਦਰ ਸਿੰਘ ਨੇ ਦੱਸਿਆ ਕਿ ਏ.ਐਸ.ਆਈ ਕੁਲਦੀਪ ਸਿੰਘ ਪੁਲਸ ਫੋਰਸ ਨਾਲ ਇਲਾਕੇ ਅੰਦਰ ਗਸ਼ਤ ਕਰ ਰਿਹਾ ਸੀ ਜਦ ਉਹ ਲਾਈਟ ਵਾਲੇ ਚੌਂਕ 'ਤੇ ਪਹੁੰਚੇ ਤਾਂ ਐਕਸਾਇਜ ਇੰਸਪੈਕਟਰ ਜਤਿੰਦਰ ਸਿੰਘ ਸਮੇਤ ਪੁਲਸ ਪਾਰਟੀ ਨਾਲ ਬੇਰੀਆਂ ਮੁਹੱਲਾ ਦੀਨਾਨਗਰ ਵਾਰਡ ਨੰਬਰ 7 ਅਤੇ ਗੁਜਰਾ ਗਲੀ, ਵਾਰਡ ਨੰਬਰ 13, ਦੀਨਾਨਗਰ ਵਿਖੇ ਛਾਪੇਮਾਰੀ ਕਰਕੇ ਅੰਗਰੇਜੀ ਅਤੇ ਦੇਸੀ ਸ਼ਰਾਬ ਵੇਚਣ ਦਾ ਧੰਦਾ ਕਰਨ ਵਾਲੇ 2 ਵਿਅਕਤੀਆ ਦੇ ਘਰੋ ਰੇਡ ਕਰਕੇ 44 ਬੋਤਲਾਂ